ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 25 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੧੨ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

### ਸਮੂਹ ਤਖਤਾਂ ਦੇ ਸਨਮਾਨ ਤੇ ਸਤਿਕਾਰ ਬਹਾਲੀ ਲਈ 28 ਮਾਰਚ ਦੇ ਰੋਸ ਧਰਨੇ ਦਾ ਸਫਲ ਹੋਣਾ ਬਹੁਤ ਜ਼ਰੂਰੀ- ਗਿ.ਹਰਨਾਮ ਸਿੰਘ ਖਾਲਸਾ

## ਪੰਥਕ ਭਾਵਨਾਵਾਂ ਦੀ ਤਰਜ਼ਮਾਨੀ ਕਰਦੇ ਹੋਏ ਸਮੂਹ ਸ਼੍ਰੋਮਣੀ ਕਮੇਟੀ ਮੈਂਬਰ ਜਰਨਲ ਇਜਲਾਸ ਅੰਦਰ ਪੁਰਾਣੇ ਸਿੰਘ ਸਹਿਬਾਨ ਨੂੰ ਹਟਾਉਣ ਦਾ ਮਤਾ ਕਰਨ ਰੱਦ

**ਚੌਂਕ ਮਹਿਤਾ,24 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਵਿਖੇ ਜਥੇਦਾਰ ਦੀ ਤਾਜਪੋਸ਼ੀ ਕੀਤੇ ਜਾਣ ਦੌਰਾਨ ਤਖਤਾਂ ਦੇ ਹੋਏ ਅਪਮਾਨ ਤੇ ਮਰਿਯਾਦਾ ਦੀ ਕੀਤੀ ਗਈ ਉਲ਼ੰਘਣਾ ਤੋਂ ਬਾਅਦ ਸੰਗਤਾਂ 'ਚ ਉੱਠੇ ਰੋਸ ਵਜੋਂ ਤਖਤਾਂ ਦੇ ਨਵੇਂ ਜੱਥੇਦਾਰਾਂ ਦੀ ਨਿਯੁਕਤੀ ਰੱਦ ਕਰਵਾਉਣ ਤੇ ਫਾਰਗ ਕੀਤੇ ਗਏ ਜਥੇਦਾਰ ਸਿੰਘ ਸਾਹਿਬ ਗਿ.ਰਘਬੀਰ ਸਿੰਘ,ਸਿੰਘ ਸਾਹਿਬ ਗਿ.ਸੁਲਤਾਨ ਸਿੰਘ ਤੇ ਸਿੰਘ ਸਾਹਿਬ ਗਿ.ਹਰਪ੍ਰੀਤ ਸਿੰਘ ਦੀ ਮੁੜ ਬਹਾਲੀ ਕਰਵਾਉਣ ਲਈ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ 28 ਮਾਰਚ ਨੂੰ ਸ਼੍ਰੋਮਣੀ ਗੁ.ਪ੍ਰਬੰਧਕ ਕਮੇਟੀ ਦੇ ਬਜਟ ਇਜਲਾਸ ਦੌਰਾਨ ਸ੍ਰ.ਤੇਜਾ ਸਿੰਘ ਸਮੁੰਦਰੀ ਹਾਲ ਦੇ ਅੱਗੇ ਸ਼ਾਂਤਮਈ ਢੰਗ ਨਾਲ ਧਰਨਾ ਦੇਣ ਦੇ ਉਲ਼ੀਕੇ ਗਏ ਪ੍ਰੋਗਰਾਮ ਨੂੰ ਹੋਰ ਵਿਸ਼ਾਲਤਾ ਦੇਣ ਲਈ ਅੱਜ ਇੱਥੇ ਕੇਂਦਰੀ ਅਸਥਾਨ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਾਝੇ ਇਲਾਕੇ ਦੀ ਵਿਸ਼ੇਸ਼ ਮੀਟਿੰਗ ਰੱਖੀ ਗਈ,ਜਿਸ ਵਿੱਚ ਸੰਤ ਸਮਾਜ ਤੋਂ ਵੱਡੀ ਗਿਣਤੀ 'ਚ ਸੰਤਾਂ ਮਹਾਂਪੁਰਸ਼ਾਂ,ਨਿਹੰਗ ਸਿੰਘ ਜਥੇਬੰਦੀਆਂ,ਵੱਖ ਵੱਖ ਸੰਪਰਦਾਵਾਂ ਦੇ ਮੁੱਖੀਆਂ ਤੋਂ ਇਲਾਵਾ ਬਹੁਤ ਸਾਰੀਆਂ ਧਾਰਮਿਕ ਤੇ ਸਮਾਜਿਕ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਇਸ ਮੌਕੇ ਇਕੱਤਰ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸੰਤ ਗਿ.ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਣੀ ਨੂੰ 100 ਸਾਲ ਤੋਂ ਉੱਪਰ ਹੋ ਗਿਆ ਹੈ ਪਰ ਤਖਤਾਂ ਦੇ ਸਿੰਘ ਸਾਹਿਬਾਨਾਂ ਦੀ ਨਿਯੁਕਤੀ ਹੈ ਤੇ ਵਿਦਾਇਗੀ ਨੂੰ ਲੈ ਕੇ ਅੱਜ ਤੱਕ ਕਿਸੇ ਤਰ੍ਹਾਂ ਦਾ ਕੋਈ ਵਿਧਾਨ ਨਹੀਂ ਬਣ ਸਕਿਆ,ਜਿਸ ਲਈ ਬਹੁਤ ਵਾਰ ਮੰਗ ਵੀ ਉਠਾਈ ਗਈ ਤੇ ਵੱਡੇ ਵੱਡੇ ਪੰਥਕ ਇਕੱਠਾਂ 'ਚ ਵੀ ਇਹ ਮਤੇ ਪਾਏ ਗਏ ਪਰ ਇਹ ਲਾਗੂ ਨਾ ਹੋ ਸਕੇ ਉਨ੍ਹਾਂ ਕਿਹਾ ਕਿ ਹੁਣ ਅਜਿਹਾ ਹੋਰ ਨਹੀ ਚੱਲਣ ਦਿੱਤਾ ਜਾਵੇਗਾ ਤੇ ਇਸ ਵਾਰ ਸੰਗਤਾਂ ਦੇ ਸਹਿਯੋਗ ਨਾਲ ਜਥੇਦਾਰਾਂ ਦੀ ਨਿਯੁਕਤੀ ਤੇ ਵਿਦਾਇਗੀ ਲਈ ਵਿਧਾਨ ਜ਼ਰੂਰ ਬਣੇਗਾ ਤੇ ਉਨ੍ਹਾਂ ਹੰਕਾਰੀ ਲੋਕਾਂ ਨੂੰ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ, ਜਿੰਨ੍ਹਾਂ ਨੇ ਆਪਣੇ ਨਿੱਜੀ ਸਵਾਰਥਾਂ ਦੀ ਪੂਰਤੀ ਲਈ ਤਖਤਾਂ ਦੇ ਅਪਮਾਨ ਤੇ ਗੁਰ ਮਰਿਯਾਦਾ ਦੀ ਉਲ਼ੰਘਣਾ ਕਰਨ ਤੋਂ ਜ਼ਰਾਂ ਕੁ ਵੀ ਸੰਕੋਚ ਨਾ ਕੀਤਾ ਉਨ੍ਹਾਂ ਨੇ ਕਿਹਾ ਕਿ ਜੇ ਅੱਜ ਇੰਨ੍ਹਾਂ ਹੰਕਾਰੀ ਤਾਕਤਾਂ ਦਾ ਵਿਰੋਧ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਦੇ ਨਤੀਜੇ ਹੋਰ ਵੀ ਮਾੜੇ ਹੋਣਗੇ ਤੇ ਇਹ ਲੋਕ ਪੰਥ ਅੰਦਰ ਗਲਤ ਪਿਰਤਾਂ ਦਾ ਰਸਤਾ ਅਖਤਿਆਰ ਕਰਦੇ



ਹੋਏ ਆਪਣੀਆਂ ਮਨਮਰਜ਼ੀਆਂ ਨਾਲ ਪੰਥ ਦੀ ਨੁਮਾਇੰਦਗੀ ਕਰਨਗੇ ਉਨ੍ਹਾਂ ਨੇ ਸਮੂਹ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਵੀ ਸਨਿਮਰ ਬੇਨਤੀ ਕਰਦੇ ਹੋਏ ਕਿਹਾ ਕਿ ਉਹ ਸਭ ਸੰਗਤ ਵੱਲੋਂ ਪੰਥ ਦੀ ਤਰਜ਼ਮਾਨੀ ਕਰਨ ਲਈ ਚੁਣੇ ਗਏ ਨੁਮਾਇੰਦੇ ਹਨ,ਇਸ ਲਈ ਅੱਜ ਹੁਣ ਪੰਥਕ ਭਾਵਨਾਵਾਂ ਦੀ ਕਦਰ ਕਰਦੇ ਹੋਏ 28 ਮਾਰਚ ਨੂੰ ਜਰਨਲ ਇਜਲਾਸ ਦੌਰਾਨ ਪੁਰਾਣੇ ਸਿੰਘ ਸਹਿਬਾਨ ਨੂੰ ਹਟਾਉਣ ਦਾ ਮਤਾ ਰੱਦ ਕਰਨ ਤੇ ਨਵੀਂ ਨਿਯੁਕਤੀਆਂ ਨੂੰ ਖਾਰਜ ਕਰਨ।

ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਇਹ ਸਾਡਾ ਪੰਥ ਹੈ ਤੇ ਸ਼੍ਰ.ਮਣੀ ਅਕਾਲੀ ਦਲ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਪੰਥ ਦੀ ਹੀ ਜਮਾਤ ਹੈ ਤੇ ਅੱਜ ਸਾਡਾ ਫਰਜ਼ ਬਣਦਾ ਹੈ ਕਿ ਇਸ ਕੁਰਾਹੇ ਪੈ ਚੁੱਕੀ ਜਮਾਤ ਨੂੰ ਗਲਤੀ ਕਰਨ ਤੋਂ ਰੋਕਿਆ ਜਾਵੇ ਚਾਹੇ ਉਸ ਲਈ ਸਾਨੂੰ ਹਿੱਕ ਢਾਹ ਕੇ ਅੱਗੇ ਨਾ ਖੜ੍ਹਨਾ ਪਏ,ਉਹ ਹੁਣ ਪਿੱਛੇ ਨਹੀਂ ਹੱਟਣਗੇ ਉਨ੍ਹਾਂ ਨੇ ਸਮੂਹ ਸੰਗਤਾਂ ਤੇ ਪੰਥ ਹਿਤੈਸ਼ੀਆਂ ਨੂੰ ਧਰਨੇ 'ਚ ਸ਼ਾਮਿਲ ਹੋਣ ਦੀ ਪੁਰਜ਼ੋਰ ਅਪੀਲ ਕਰਦੇ ਹੋਏ ਕਿਹਾ ਕਿ ਇਹ ਸਘੰਰਸ਼ ਕਿਸੇ ਨਿੱਜੀ ਹਿੱਤਾਂ ਲਈ ਨਹੀਂ ਸਗੋਂ ਤਖਤ ਸਾਹਿਬਾਨਾਂ ਦੀ ਮਾਣ ਮਰਿਆਦਾ ਤੇ ਇਸਦੀ ਪਦਵੀਆਂ ਦੇ ਸਤਿਕਾਰ ਲਈ ਵਿੱਢਿਆ ਗਿਆ ਹੈ,ਇਸ ਲਈ ਅੱਜ ਸਾਨੂੰ ਆਪਸੀ ਵਖਰੇਵਾਂ ਭੁੱਲਦੇ ਹੋਏ ਪਾਰਟੀਬਾਜ਼ੀ ਤੋਂ ਉੱਪਰ ਆ ਕੇ ਪੰਥ ਲਈ ਇਕੱਠੇ ਹੋ ਕੇ ਖੜੇ ਹੋਣ ਦੀ ਲੋੜ ਹੈ ਤਾਂ ਜੋ ਸਾਡੇ ਤਖਤਾਂ ਦੇ ਜਥੇਦਾਰ ਕੌਮੀ ਰਵਾਇਤਾਂ ਤੇ ਪੰਥਕ ਰਵਾਇਤਾਂ 'ਤੇ ਦ੍ਰਿੜਤਾ ਨਾਲ ਪਹਿਰਾ ਦਿੰਦੇ ਹੋਏ ਪੰਥ ਦੀਆਂ ਰਿਵਾਇਤਾਂ ਦਾ ਮਾਣ ਸਨਮਾਨ ਇੰਨ ਬਿੰਨ ਬਹਾਲ ਰੱਖ ਸਕਣ ਉਨ੍ਹਾਂ ਕਿਹਾ ਕਿ ਇਸ ਧਰਨੇ ਅੰਦਰ ਸ਼ਾਂਤ ਰਹਿ ਕੇ ਨਾਮ-ਸਿਮਰਨ ਕੀਤਾ ਜਾਵੇਗਾ ਤੇ ਆਪਣੀਆਂ ਮੰਗਾਂ ਨੂੰ ਐਗਜ਼ੈਕਟਿਵ ਕਮੇਟੀ ਅੱਗੇ ਰੱਖਿਆ ਜਾਵੇਗਾ, ਜੋ ਨਵੀਂਆਂ ਨਿਯੁਕਤੀਆਂ ਨੂੰ ਰੱਦ ਕਰਕੇ ਪੁਰਾਣੀਆਂ ਨੂੰ ਮੁੜ ਬਹਾਲ ਕਰਨ ਦੇ ਪੂਰਨ ਸਮੱਰਥ ਹੈ। ਇਸ ਮੀਟਿੰਗ ਦੌਰਾਨ ਬਹੁਤ ਸਾਰੇ ਬੁਲਾਰਿਆਂ ਵੀ ਆਪਣੇ ਵਿਚਾਰ ਸਾਂਝੇ ਕੀਤੇ ਤਾਂ ਦਮਦਮੀ ਟਕਸਾਲ ਮੁਖੀ ਸੰਤ ਗਿ.ਹਰਨਾਮ ਸਿੰਘ ਖਾਲਸਾ ਦੇ ਸ਼ਬਦਾਂ ਦੀ ਪ੍ਰੋੜਤਾ ਕਰਦੇ ਹੋਏ ਪੰਥ ਦੀ ਮਾਣ ਮਰਿਯਾਦਾ ਤੇ ਸਤਿਕਾਰ ਬਹਾਲੀ ਤੇ ਕੁਝ ਹੰਕਾਰੀ ਤਾਕਤਾਂ ਨੂੰ ਖੁਦ ਮੁਖਤਿਆਰੀ ਤੋਂ ਰੋਕਣ ਲਈ 28 ਮਾਰਚ ਨੂੰ ਅਮ੍ਰਿੰਤਸਰ ਵਿਖੇ ਦਿੱਤੇ ਜਾ ਰਹੇ ਰੋਸ ਧਰਨੇ ਅੰਦਰ ਹੁੰਮ-ਹੁੰਮਾ ਕੇ ਪੁੱਜਣ ਦੀ ਸਨਿਮਰ ਬੇਨਤੀ ਕੀਤੀ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਸੰਤ ਬਾਬਾ ਅਮਨਦੀਪ ਸਿੰਘ ਸੱਤੋ ਵਾਲੀ ਗਲੀ ,ਬਾਬਾ ਗੁਰਭੇਜ਼ ਸਿੰਘ ਖਜਾਲਾ, ਬਾਬਾ ਗੁਰਦੇਵ ਸਿੰਘ ਤਰਸਿੱਕਾ, ਜਥੇਦਾਰ ਸੁਰਿੰਦਰ ਸੁਰਿੰਦਰ ਸਿੰਘ ਟਾਹਲੀ ਸਾਹਿਬ, ਜਥੇਦਾਰ ਸਵਿੰਦਰ ਸਿੰਘ ਬਾਸਰਪੁਰਾ ,ਭਾਈ ਮੇਜਰ ਸਿੰਘ ਫਰਿਜ਼ਨੋ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸ਼ਮੇਸ਼ ਤਰਨਾ ਦਲ, ਜਥੇਦਾਰ ਕਸ਼ਮੀਰ ਸਿੰਘ ਬਰਿਆਰ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ, ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਬਾਬਾ ਰਾਮ ਸਿੰਘ ਅਬਦਾਲ, ਬਾਬਾ ਸੁਖਚੈਨ ਸਿੰਘ, ਬਾਬਾ ਮਨਮੋਹਨ ਸਿੰਘ ਤੇ ਬਾਬਾ ਲਖਬੀਰ ਸਿੰਘ ਭੰਗਾਲੀ ਵਾਲੇ, ਬਾਬਾ ਅਜੀਤ ਸਿੰਘ ਤਰਨਾ ਦਲ, ਭਾਈ ਅਮਰਬੀਰ ਸਿੰਘ ਢੋਟ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ,ਭਾਈ ਲ਼ਖਬੀਰ ਸਿੰਘ ਸੇਖੋਂ,ਸਰਪੰਚ ਕਸ਼ਮੀਰ ਸਿੰਘ ਮਹਿਤਾ,ਮਾ.ਸੁਖਦੇਵ ਸਿੰਘ ਜਲਾਲ, ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ,,ਜਥੇ.ਸੁਖਦੇਵ ਸਿੰਘ ਦਮਦਮੀ ਟਕਸਾਲ,ਪ੍ਰਿੰ. ਗੁਰਦੀਪ ਸਿੰਘ ਜਲਾਲਉਸਮਾ,ਗੁਰਵਿੰਦਰ ਸਿੰਘ ਪੱਡਾ,ਡਾ.ਪਰਮਜੀਤ ਸਿੰਘ ਸੰਧੂ, ਇਕਬਾਲ ਸਿੰਘ ਸ਼ਾਹ,ਕੁਲਵੰਤ ਸਿੰਘ ਰੰਧਾਵਾ ਮਹਿਤਾ,ਪ੍ਰਧਾਨ ਅਮਰ ਰਾਵਤ,ਬਾਬਾ ਬੋਹੜ ਸਿੰਘ,ਭਾਈ ਪ੍ਰਭਜੀਤ ਸਿੰਘ, ਰਮਨਬੀਰ ਸਿੰਘ ਲੱਧਾ ਮੁੰਡਾ, ਸੁੱਖ ਮਹਿਤਾ,ਕਰਮਜੀਤ ਸਿੰਘ ਲਾਲੀ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ, ਭਾਈ ਗੁਰਮੀਤ ਸਿੰਘ ਵੈਦ,ਹੀਰਾ ਸਿੰਘ ਮਨਿਆਲਾ, ਜਥੇਦਾਰ ਪੰਜਾਬ ਸਿੰਘ, ਜਥੇਦਾਰ ਇਕਬਾਲ ਸਿੰਘ ਮਾਨ, ਗੁਲਜਿੰਦਰ ਸਿੰਘ ਲਾਡੀ, ਰਾਜਬੀਰ ਸਿੰਘ,ਸ਼ਮਸ਼ੇਰ ਸਿੰਘ,ਮਨਜੀਤ ਸਿੰਘ ਪ੍ਰਧਾਨ ਤਰਸਿੱਕਾ,ਬੂਟਾ ਸਿੰਘ ਜਲਾਲ,ਸੁੱਖ ਰੰਧਾਵਾ ਹਰਪਾਲ ਸਿੰਘ,ਗੁਰਪਿੰਦਰ ਸਿੰਘ, ਮਨਜੋਤ ਸਿੰਘ ਰੰਧਾਵਾ,ਗੁਰਭਿੰਦਰ ਸਿੰਘ ਮਹਿਤਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। ਪ੍ਰੋਫੈਸਰ ਸਾਹਿਬਾਨ ਅਤੇ ਵਿਦਿਆਰਥੀ ਹਾਜਰ ਸਨ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਬਾਰੇ ਬਣਨਗੇ ਨਿਯਮ- ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਅੰਮ੍ਰਿਤਸਰ, 24 ਮਾਰਚ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੌਜੂਦਾ ਸਮੇਂ ਬਣੇ ਹਾਲਾਤਾਂ ਦੇ ਮਦੇਨਜ਼ਰ ਇੱਕ ਅਹਿਮ ਐਲਾਨ ਕਰਦਿਆਂ ਕਿਹਾ ਹੈ ਕਿ ਸਿੱਖ ਪੰਥ ਅੰਦਰ ਸਿੰਘ ਸਾਹਿਬਾਨ ਤੇ ਹਰ ਜਥੇਬੰਦੀ ਦਾ ਸਤਿਕਾਰ ਕਾਇਮ ਰੱਖਿਆ ਜਾਵੇਗਾ ਅਤੇ ਜਥੇਦਾਰਾਂ ਦੀਆਂ ਪਦਵੀਆਂ ਸਬੰਧੀ ਭਵਿੱਖ ਵਿੱਚ ਸਿੱਖ ਸੰਪਰਦਾਵਾਂ ਦੇ ਰਾਏ ਮਸ਼ਵਰੇ ਨੂੰ ਅਣਡਿੱਠ ਨਹੀਂ ਕੀਤਾ ਜਾਵੇਗਾ।

### ਜਥੇਦਾਰਾਂ ਦੀ ਨਿਯੁਕਤੀ ਸਮੇਂ ਇੱਕ ਵਿਅਕਤੀ ਇੱਕ ਆਹੁਦੇ ਦਾ ਸਿਧਾਂਤ ਹੋਵੇਗਾ ਲਾਗੂ

ਐਡਵੋਕੇਟ ਧਾਮੀ ਨੇ ਅੱਜ ਇਥੇ ਸ਼੍ਰੋਮਣੀ ਕਮੇਟੀ ਦਫਤਰ ਵਿਖੇ ਮੀਡੀਆ ਨਾਲ ਗੱਲ ਕਰਦਿਆਂ ਆਖਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਸਬੰਧੀ ਜਲਦ ਹੀ ਨਿਯਮ ਤਹਿ ਕੀਤੇ ਜਾਣਗੇ ਅਤੇ ਇਸ ਕਾਰਜ ਵਾਸਤੇ ਉੱਚ ਪੱਧਰੀ ਕਮੇਟੀ ਕਾਇਮ ਹੋਵੇਗੀ। ਇਸ ਸਬੰਧੀ ਆਉਂਦੇ ਬਜਟ ਇਜਲਾਸ ਵਿਚ ਮਤਾ ਲਿਆ ਕੇ ਪ੍ਰਵਾਨਗੀ ਲਈ ਜਾਵੇਗੀ। ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਜਥੇਦਾਰਾਂ ਦੀਆਂ ਇਨ੍ਹਾਂ ਸਤਿਕਾਰਤ ਪਦਵੀਆਂ 'ਤੇ ਇੱਕ ਵਿਅਕਤੀ ਇੱਕ ਅਹੁਦਾ ਦੀ ਨੀਤੀ ਲਾਗੂ ਕੀਤੀ ਜਾਵੇ। ਇਸੇ ਤਹਿਤ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਖਾਲੀ ਪਏ ਅਹੁਦੇ ਵਾਸਤੇ ਪੰਥਕ ਸੰਪਰਦਾਵਾਂ ਤੇ ਜਥੇਬੰਦੀਆਂ ਦੀ ਸਲਾਹ ਨਾਲ ਜਲਦ ਹੀ ਨਿਯੁਕਤੀ ਕਰ ਦਿੱਤੀ ਜਾਵੇਗੀ।



ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਰਹੁਰੀਤਾਂ, ਪਰੰਪਰਾਵਾਂ ਅਤੇ ਇਤਿਹਾਸ ਸਾਡਾ ਮਾਰਗ ਦਰਸ਼ਨ ਹਨ। ਇਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਵੇਗਾ ਅਤੇ ਸਮੂਹਿਕ ਤੇ ਸੰਗਠਿਤ ਪ੍ਰਭਾਵ ਨਾਲ ਅੱਗੇ ਵਧਿਆ ਜਾਵੇਗਾ, ਤਾਂ ਜੋ ਕੌਮ ਨੂੰ ਸਮੇਂ-ਸਮੇਂ ਪੇਸ਼ ਆਉਂਦੀਆਂ ਚੁਣੌਤੀਆਂ ਨਾਲ ਜਥੇਬੰਦਕ ਭਾਵਨਾ ਤਹਿਤ ਨਜਿੱਠਿਆ ਜਾ ਸਕੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਹੀ ਕੌਮ ਦੀਆਂ ਦੁਸ਼ਮਣ ਤਾਕਤਾਂ ਸਿੱਖ ਸੰਸਥਾਵਾਂ ਅਤੇ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਲਈ ਪੂਰਾ ਜ਼ੋਰ ਲਗਾ ਰਹੀਆਂ ਹਨ। ਜੇਕਰ ਕੌਮ ਨੇ ਇੱਕਜੁੱਟਤਾ ਦਾ ਪ੍ਰਭਾਵ ਨਾ ਦਿੱਤਾ ਤਾਂ ਸਿੱਖ ਵਿਰੋਧੀ ਸ਼ਕਤੀਆਂ ਆਪਣੀ ਮਨਸ਼ਾ ਵਿੱਚ ਕਾਮਯਾਬ ਹੁੰਦੀਆਂ ਰਹਿਣਗੀਆਂ।

ਆਵਾਜ਼ਿ ਕੌਮ
AWAZE QAUM
International Newspaper & WEB TV

ਐਡਵੋਕੇਟ ਧਾਮੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਤਖ਼ਤ ਸਾਹਿਬਾਨ 'ਤੇ ਸੇਵਾ ਨਿਭਾਉਣ ਵਾਲੇ ਜਥੇਦਾਰ ਸਾਹਿਬਾਨ ਦੀ ਰੁਖਸਤੀ ਇਕ ਸਨਮਾਨਜਨਕ ਢੰਗ ਨਾਲ ਕੀਤੀ ਜਾਇਆ ਕਰੇਗੀ। ਇਹ ਵੀ ਯਤਨ ਕੀਤਾ ਜਾਵੇਗਾ ਕਿ ਪਿਛਲੇ ਸਮੇਂ ਦੌਰਾਨ ਸੇਵਾ ਮੁਕਤ ਕੀਤੇ ਸਿੰਘ ਸਾਹਿਬਾਨ ਨੂੰ ਉਨ੍ਹਾਂ ਵੱਲੋਂ ਨਿਭਾਈਆਂ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਜਾਵੇ। ਐਡਵੋਕੇਟ ਧਾਮੀ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਸੇਵਾ ਵੱਡੀ ਚੁਣੌਤੀ ਤੋਂ ਘੱਟ ਨਹੀਂ ਹੈ, ਜਿਸ ਪ੍ਰਤੀ ਉਹ ਸੁਚੇਤ ਵੀ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਅਸਤੀਫਾ ਦੇਣ ਬਾਅਦ ਸਾਰੀਆਂ ਹੀ ਧਾਰਮਿਕ, ਸਮਾਜਿਕ, ਸਿਆਸੀ ਧਿਰਾਂ ਦੇ ਨਾਲ ਨਾਲ ਸਤਿਕਾਰਤ ਸਿੰਘ ਸਾਹਿਬਾਨ ਨੇ ਸੇਵਾ ਸੰਭਾਲਣ ਦੀ ਪ੍ਰੇਰਣਾ ਕੀਤੀ ਸੀ, ਜਿਸ ਲਈ ਉਹ ਸਭ ਦਾ ਧੰਨਵਾਦ ਕਰਦੇ ਹਨ ਅਤੇ ਯਤਨ ਕਰਨਗੇ ਕਿ ਸਾਰਿਆਂ ਸੰਪਰਦਾਵਾਂ ਤੇ ਸੰਸਥਾਵਾਂ ਵੱਲੋਂ ਪ੍ਰਗਟ ਕੀਤੇ ਭਰੋਸੇ ਉੱਤੇ ਖਰਾ ਉਤਰ ਸਕਣ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK


- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

ਖਾਲਿਸ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net


## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel
https://youtu.be/LQwolgxDu7I

Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫਤਹਿ — ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ — ਪੰਥ ਕੀ ਜੀਤ

## ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ।

**ਮਿਤੀ 25 ਮਾਰਚ, 2025**
**ਦਿਨ ਮੰਗਲਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025**
**ਦਿਨ ਬੁੱਧਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025**
**ਦਿਨ ਵੀਰਵਾਰ**
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਡੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :**
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ,
ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ,
ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।
ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਸਿੱਖ ਸੰਘਰਸ਼ ਦੇ ਮਹਾਨ ਜਰਨੈਲ ਬੱਬਰ ਖਾਲਸਾ ਇੰਟਰਨੈਸ਼ਨਲ ਦੇ
ਮੁਖੀ ਜਥੇਦਾਰ ਵਧਾਵਾ ਸਿੰਘ ਬੱਬਰ ਦੇ ਭੈਣ ਜੀ ਬਲਬੀਰ ਕੌਰ ਜੀ ਦੇ
ਪਤੀ ਮੌਜੂਦਾ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਝੱਲਣ ਵਾਲੇ

# ਸਰਦਾਰ ਗੁਰਨਾਮ ਸਿੰਘ ਭੰਗਾਲਾ

ਜੋ ਬੀਤੇ ਦਿਨੀਂ 16 ਮਾਰਚ ਨੂੰ ਗੁਰਪੁਰੀ ਜਾ ਬਿਰਾਜੇ ਹਨ ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 19 ਮਾਰਚ ਨੂੰ ਪਿੰਡ ਭੰਗਾਲਾ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਨੇੜ੍ਹੇ ਨੂਰਮਹਿਲ ਵਿਖੇ ਹੋਵੇਗਾ ਅਤੇ ਅੰਤਿਮ ਅਰਦਾਸ 25 ਮਾਰਚ ਦਿਨ ਮੰਗਲਵਾਰ ਨੂੰ ਹੋਵੇਗੀ।

**ਆਪ ਸਭ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।**

ਗੁਰੂ ਪੰਥ ਦੇ ਦਾਸ
ਭਾਈ ਬਖਸ਼ੀਸ਼ ਸਿੰਘ ਮੁਖੀ ਅਖੰਡ ਕੀਰਤਨੀ ਜਥਾ ਭਾਰਤ, ਭਾਈ ਭੁਪਿੰਦਰ ਸਿੰਘ ਪਹਿਲਵਾਨ ਮੁਖੀ ਅਖੰਡ ਕੀਰਤਨੀ ਜਥਾ ਜਰਮਨੀ ।
ਹਵਾਰਾ ਕਮੇਟੀ ਵਲੋਂ ਬਾਪੂ ਗੁਰਚਰਨ ਸਿੰਘ, ਪ੍ਰੋਫੈਸਰ ਬਲਜਿੰਦਰ ਸਿੰਘ, ਮਹਾਵੀਰ ਸਿੰਘ ਸੁਲਤਾਨਵਿੰਡ, ਸ੍ਰ.ਦਰਸ਼ਨ ਸਿੰਘ, ਉਤਮਪ੍ਰੀਤ ਸਿੰਘ ਅਤੇ ਜਸਪਾਲ ਸਿੰਘ

ਸੰਪਰਕ : 8146215678

ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





## ਹੋਲੇ ਮਹੱਲੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ

## 30 ਮਾਰਚ (ਦਿਨ ਐਤਵਾਰ)

**ਆਰੰਭਤਾ ਦੁਪਹਿਰ 12 ਵਜੇ**
**ਸਮਾਪਤੀ ਸਮਾਰੋਹ ਸ਼ਾਮ 5 ਵਜੇ ਹੋਵੇਗਾ**

ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ, ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਸਜਾਏ ਜਾਣਗੇ।



☛ ਵੀਰਵਾਰ 27 ਮਾਰਚ ਸ਼ਾਮ ਨੂੰ 5 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ। ☛ ਸ਼ੁੱਕਰਵਾਰ 28 ਮਾਰਚ ਸ਼ਾਮ ਨੂੰ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ ☛ ਸ਼ਨਿੱਚਰਵਾਰ 29 ਮਾਰਚ ਸ਼ਾਮ 5 ਵਜੇ ਭੋਗ ਅਰੰਭ ਹੋਣਗੇ ਭੋਗ ਪੈਣ ਉਪਰੰਤ 8 ਵਜੇ ਤੱਕ ਦੀਵਾਨ ਸਜਣਗੇ। ☛ ਐਤਵਾਰ 30 ਮਾਰਚ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਪੁਹੰਚ ਰਹੇ ਜਥੇ ਕਵੀਸ਼ਰੀ ਜਥਾ, ਕੀਰਤਨ ਜਥਾ, ਕਥਾ ਵਾਚਕ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰ੍ਹਾਂ-ਤਰ੍ਹਾਂ ਦੇ ਸਟਾਲ ਵੀ ਲੱਗਣਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢ ਕੇ ਇਹਨਾ ਸਮਾਗਮਾਂ ਵਿੱਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਕਰੋ ਕਿਰਪਾ ਨਿਧਿ ਬਚਨ ਅਮੋਲਾ ॥ ਔਰਨ ਕੀ ਹੋਲੀ ਮਮ ਹੋਲਾ ॥
ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ
ਦਮਦਮੀ ਟਕਸਾਲ ਇਟਲੀ
ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਹੋਲੇ ਮਹੱਲੇ ਨੂੰ ਸਮਰਪਿਤ
ਮਹਾਨ ਨਗਰ ਕੀਰਤਨ
30 ਮਾਰਚ 2025 ਦਿਨ ਐਤਵਾਰ ਨੂੰ ਸਜਾਏ ਜਾ ਰਹੇ ਹਨ|
ਸਮਾਂ : 12 ਵਜੇ ਤੋ ਸ਼ਾਮ 5 ਵਜੇ ਤੱਕ
ਆਪ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਪੁਹੁੰਚਣ ਦੀ ਕਿਰਪਾਲਤਾ ਕਰਨੀ|
ਕੌਮ ਦੇ ਮਹਾਨ ਰਾਗੀ ਢਾਡੀ, ਕਥਾਵਾਚਕ ਪੁਹੁੰਚ ਰਹੇ ਹਨ|
ਆਵਾਜ਼ਿ ਕੌਮ AWAZE QAUM International Newspaper & WEB TV
VIA GIACOMO MATTEOTTI N.3
CASALMORANO, CR, 26020, IT
EMAIL: GUR.DAMDAMITAKSAALITALY@GMAIL.COM
CALL +393475711755 / 3208124778







## ਪੰਥ ਬਚਾਓ ਪੰਜਾਬ ਬਚਾਓ

## ਉੱਠੋ ! ਜਾਗੋ ! ਹੰਭਲਾ ਮਾਰੋ, ਆਪਣਾ ਦੇਸ਼ ਪੰਜਾਬ ਸਵਾਰੋ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਅਪੀਲ

### ਪੰਜਾਬ ਦੇ ਸੂਝਵਾਨ ਅਤੇ ਸੋਚਵਾਨ ਭੈਣੋਂ ਅਤੇ ਭਰਾਵੋ

ਅੱਜ ਪੰਥ ਅਤੇ ਪੰਜਾਬ ਦੀ ਜੋ ਦੁਰਦਸ਼ਾ ਧਾਰਮਿਕ ਅਤੇ ਸਿਆਸੀ ਲੋਕਾਂ ਨੇ ਕੀਤੀ ਹੈ, ਇਸ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ। ਇਹਨਾਂ ਸਮੱਸਿਆਵਾਂ ਨੂੰ ਸੁਲਝਾਉਣ ਲਈ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੇ ਵਾਰਿਸ ਪੰਜਾਬ ਦੇ ਬਣ ਕੇ ਤੁਹਾਡਾ ਸਹਿਯੋਗ ਮੰਗਿਆ ਹੈ, ਕਿ ਆਉ ਰਲ ਕੇ ਬੈਠੀਏ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੇ ਯਤਨ ਕਰੀਏ। ਇਹ ਇਕੱਲੇ ਜਾਂ ਦੋ ਚਾਰਾ ਬੰਦਿਆ ਦਾ ਕੰਮ ਨਹੀਂ ਬਲਕਿ ਸਮੁੱਚੇ ਪੰਜਾਬ ਨੂੰ 'ਪੰਜਾਬ ਦਾ ਵਾਰਿਸ' ਬਣਨਾ ਪਵੇਗਾ । ਇਸ ਲਈ ਅਪੀਲ ਕਰਦੇ ਹਾਂ ਕਿ ਹੇਠ ਲਿਖੇ ਮੁੱਦਿਆਂ ਤੇ ਇੱਕ ਮੱਤ ਹੋ ਕੇ ਇਹਨਾਂ ਨੂੰ ਸੁਲਝਾਉਣ ਦਾ ਯਤਨ ਕਰੀਏ ਅਤੇ ਹਰੇਕ ਪੰਜਾਬ ਵਾਸੀ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਜੋ ਵੀ ਵਿਚਾਰ 'ਪੰਥ ਅਤੇ ਪੰਜਾਬ' ਨੂੰ ਬਚਾਉਣ ਲਈ ਉਹਨਾਂ ਦੇ ਜ਼ਿਹਨ ਵਿੱਚ ਆਉਂਦੇ ਹਨ ਉਹ 14 ਅਪ੍ਰੈਲ 2025 ਵਿਸਾਖੀ ਵਾਲੇ ਦਿਨ 'ਤਖ਼ਤ ਸ਼੍ਰੀ ਦਮਦਮਾ ਸਾਹਿਬ', ਤਲਵੰਡੀ ਸਾਬੋ ਵਿਖੇ ਕਾਨਫ਼ਰੰਸ ਵਿੱਚ ਸ਼ਾਮਿਲ ਹੋ ਕੇ ਲਿਖਤੀ ਰੂਪ ਵਿੱਚ ਦੇਵੋ ਜੀ।

### ਧਾਰਮਿਕ ਮਸਲੇ :-

1. ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ
2. ਸ਼੍ਰੋਮਣੀ ਕਮੇਟੀ ਦੀ ਬਣਤਰ
3. ਸਿੱਖ ਵਿੱਦਿਅਕ ਬੋਰਡ
4. ਸਿੰਘ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ
5. ਸ਼੍ਰੋਮਣੀ ਕਮੇਟੀ ਦੇ ਕਾਰਜ
6. ਬੰਦੀ ਸਿੰਘਾਂ ਦੀ ਰਿਹਾਈ
7. ਬੇਅਦਬੀ ਘਟਨਾਵਾਂ ਦੀ ਰੋਕ ਅਤੇ ਇਨਸਾਫ਼
8. ਪੰਜਾਬ ਤੋਂ ਬਾਹਰ ਦੇ ਗੁਰਦੁਆਰਿਆਂ ਦੀ ਸਾਂਭ ਸੰਭਾਲ



### ਪੰਜਾਬ ਦੇ ਮਸਲੇ :-

1. ਨਸ਼ਿਆਂ ਤੋਂ ਮੁਕਤੀ ਲਈ ਸੁਝਾਅ
2. ਬੇਰੁਜ਼ਗਾਰੀ, ਸਵੈ-ਰੁਜ਼ਗਾਰੀ ਦੇ ਪ੍ਰਬੰਧ
3. ਕਿਸਾਨੀ ਪੈਦਾਵਾਰ, ਫਸਲੀ ਵਿਭਿੰਨਤਾ ਅਤੇ ਮੰਡੀਕਰਨ
4. ਵਿੱਦਿਆ ਦਾ ਪ੍ਰਬੰਧ
5. ਜਨਤਕ ਸਿਹਤ ਦਾ ਸਮੁੱਚਾ ਪ੍ਰਬੰਧ
6. ਲਾਲ ਲਕੀਰ ਮੰਦਰ ਆਉਂਦੀ ਜਾਇਦਾਦ ਦੀ ਮਲਕੀਅਤ
7. ਲੋਕ ਸੁੱਰਖਿਆ, ਫਿਰੌਤੀਆਂ ਰੋਕਣ ਦਾ ਪ੍ਰਬੰਧ
8. ਖੇਤੀ ਸਿੰਚਾਈ ਢਾਂਚਾ
9. ਧਰਤੀ ਹੇਠ ਖਤਮ ਹੋ ਰਹੇ ਪਾਣੀ ਦਾ ਪ੍ਰਬੰਧ
10. ਕਿਸਾਨ ਖ਼ੁਦਕੁਸ਼ੀ ਅਤੇ ਕਰਜ਼ਾ ਮੁਕਤੀ
11. ਉਦਯੋਗ ਵਿਕਾਸ
12. ਬਿਜਲੀ ਪ੍ਰਬੰਧ
13. ਵਾਤਾਵਰਣ ਪ੍ਰਦੂਸ਼ਣ
14. ਪੰਜਾਬ ਤੋਂ ਵਿਦੇਸ਼ਾਂ ਵਿੱਚ ਪ੍ਰਵਾਸ ਅਤੇ ਪੰਜਾਬ ਵਿੱਚ ਦੂਜੇ ਰਾਜਾਂ ਤੋਂ ਪ੍ਰਵਾਸ
15. ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ
16. ਰਾਜਾਂ ਦੇ ਵੱਧ ਅਧਿਕਾਰ
17. ਪੰਜਾਬ ਦੀ ਆਰਥਿਕ ਵਿਵਸਥਾ
18. ਸਹਿਕਾਰਤਾ ਖੇਤਰ ਦਾ ਵਿਕਾਸ
19. ਪੀਣ ਵਾਲੇ ਸ਼ੁੱਧ ਪਾਣੀ ਦਾ ਪ੍ਰਬੰਧ
20. ਅੰਤਰ-ਰਾਜੀ ਜਲ ਸਮਝੌਤੇ
21. ਪੰਜਾਬੀ ਬੋਲੀ ਅਤੇ ਸੱਭਿਆਚਾਰ
22. ਖਾਣ ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਖੋਰੀ
23. ਪਿੰਡਾਂ ਅਤੇ ਸ਼ਹਿਰਾਂ ਦੇ ਗੰਦੇ ਪਾਣੀ ਦਾ ਨਿਕਾਸ
24. ਧਰਤੀ ਹੇਠ ਪ੍ਰਦੂਸ਼ਿਤ ਹੋ ਰਿਹਾ ਪਾਣੀ ਅਤੇ ਦਰਿਆਵਾਂ, ਨਹਿਰਾਂ ਵਿੱਚ ਪੈ ਰਹੇ ਪ੍ਰਦੂਸ਼ਿਤ ਪਾਣੀ ਦਾ ਟਰੀਟਮੈਂਟ ਪਲਾਂਟ ਪ੍ਰਬੰਧ
25. ਹੁਸੈਨੀ ਵਾਲਾ ਅਤੇ ਵਾਹਗਾ ਬਾਡਰ ਰਾਹੀਂ ਖੁੱਲ੍ਹਾ ਵਪਾਰ
26. ਮਨਰੇਗਾ ਵਿੱਚ ਰੋਜ਼ਗਾਰ ਦੇ ਵਿਸਥਾਰ ਬਾਰੇ



ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਸਹਾਇ

## ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ (ਰਜਿ.)
## Gurmat Sidhant Parcharak Sant Samaj (Regd.)

ਮੁੱਖ ਦਫ਼ਤਰ : ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਪਿੰਡ ਤੇ ਡਾਕਖਾਨਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ - 143114 (ਪੰਜਾਬ)
H.O.: Gurdwara Gurdarshan Parkash, V.P.O. Mehta, Distt. Amritsar - 143114 (Punjab)

# ਰੋਸ ਧਰਨੇ ਲਈ 28 ਮਾਰਚ ਦਿਨ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਤੋਂ ਕਾਫਲੇ ਦੇ ਰੂਪ 'ਚ ਚੱਲਿਆ ਜਾਵੇਗਾ : ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ॥

ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਮਿਤੀ 14 ਮਾਰਚ 2025 ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਈ ਪੰਥਕ ਇਕੱਤਰਤਾ ਵਿੱਚ ਲਏ ਗਏ ਫੈਸਲੇ ਅਨੁਸਾਰ ਸ੍ਰੀ ਅਕਾਲ ਤਖਤ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਨਮਾਨ ਦੀ ਬਹਾਲੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਮੌਕੇ **28 ਮਾਰਚ ਦਿਨ ਸ਼ੁਕਰਵਾਰ ਸਵੇਰੇ 11:30 ਵਜੇ ਸ੍ਰ. ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ** ਵਿਖੇ **ਰੋਸ ਧਰਨਾ** ਦਿੱਤਾ ਜਾਵੇਗਾ। ਆਪ ਜੀ ਨੇ ਆਪਣੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਨਾਲ ਲੈ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।

ਨੋਟ:- ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸਵੇਰੇ 11 ਵਜੇ ਕਾਫਲੇ ਦੇ ਰੂਪ ਵਿੱਚ ਚਲਿਆ ਜਾਵੇਗਾ। ਕਿਰਪਾ ਕਰਕੇ ਸਮੇਂ ਸਿਰ ਪਹੁੰਚਿਆ ਜਾਵੇ ਜੀ।



ਹਰਨਾਮ ਸਿੰਘ ਖ਼ਾਲਸਾ

ਗੁਰੂ ਪੰਥ ਦਾ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ।

**ਸਮੂਹ ਸੰਗਤਾਂ ਪਰਿਵਾਰਾਂ ਸਮੇਤ ਕਾਫਲੇ 'ਚ ਸ਼ਾਮਲ ਹੋ ਕੇ ਰੋਸ ਧਰਨੇ 'ਚ ਪਹੁੰਚਣ ਦੀ ਕ੍ਰਿਪਾਲਤਾ ਕਰਨ ਜੀ**

ਆਵਾਜ਼ਿ ਕੌਮ AWAZE QAUM International Newspaper & WEB TV

Tel.: 01853-256426, (M) 98158-00904

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਬਾਰੇ ਬਣਨਗੇ ਨਿਯਮ- ਐਡਵੋਕੇਟ ਧਾਮੀ**

# ਜਥੇਦਾਰਾਂ ਦੀ ਨਿਯੁਕਤੀ ਸਮੇਂ ਇੱਕ ਵਿਅਕਤੀ ਇੱਕ ਆਹੁਦੇ ਦਾ ਸਿਧਾਂਤ ਹੋਵੇਗਾ ਲਾਗੂ

ਨਵੀਂ ਦਿੱਲੀ, 24 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੌਜੂਦਾ ਸਮੇਂ ਬਣੇ ਹਾਲਾਤਾਂ ਦੇ ਮਦੇਨਜ਼ਰ ਇੱਕ ਅਹਿਮ ਐਲਾਨ ਕਰਦਿਆਂ ਕਿਹਾ ਹੈ ਕਿ ਸਿੱਖ ਪੰਥ ਅੰਦਰ ਸਿੰਘ ਸਾਹਿਬਾਨ ਤੇ ਹਰ ਜਥੇਬੰਦੀ ਦਾ ਸਤਿਕਾਰ ਕਾਇਮ ਰੱਖਿਆ ਜਾਵੇਗਾ ਅਤੇ ਜਥੇਦਾਰਾਂ ਦੀਆਂ ਪਦਵੀਆਂ ਸਬੰਧੀ ਭਵਿੱਖ ਵਿੱਚ ਸਿੱਖ ਸੰਪਰਦਾਵਾਂ ਦੇ ਰਾਏ ਮਸ਼ਵਰੇ ਨੂੰ ਅਣਡਿੱਠ ਨਹੀਂ ਕੀਤਾ ਜਾਵੇਗਾ।ਐਡਵੋਕੇਟ ਧਾਮੀ ਨੇ ਅੱਜ ਇਥੇ ਸ਼੍ਰੋਮਣੀ ਕਮੇਟੀ ਦਫਤਰ ਵਿਖੇ ਮੀਡੀਆ ਨਾਲ ਗੱਲ ਕਰਦਿਆਂ ਆਖਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਸਬੰਧੀ ਜਲਦ ਹੀ ਨਿਯਮ ਤਹਿ ਕੀਤੇ ਜਾਣਗੇ ਅਤੇ ਇਸ ਕਾਰਜ ਵਾਸਤੇ ਉੱਚ ਪੱਧਰੀ ਕਮੇਟੀ ਕਾਇਮ ਹੋਵੇਗੀ। ਇਸ ਸਬੰਧੀ ਆਉਂਦੇ ਬਜਟ ਇਜਲਾਸ ਵਿਚ ਮਤਾ ਲਿਆ ਕੇ ਪ੍ਰਵਾਨਗੀ ਲਈ ਜਾਵੇਗੀ। ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਜਥੇਦਾਰਾਂ ਦੀਆਂ ਇਨ੍ਹਾਂ ਸਤਿਕਾਰਤ ਪਦਵੀਆਂ 'ਤੇ ਇੱਕ ਵਿਅਕਤੀ ਇੱਕ ਅਹੁਦਾ ਦੀ ਨੀਤੀ ਲਾਗੂ ਕੀਤੀ ਜਾਵੇ। ਇਸੇ ਤਹਿਤ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਖਾਲੀ ਪਏ ਅਹੁਦੇ ਵਾਸਤੇ ਪੰਥਕ ਸੰਪਰਦਾਵਾਂ ਤੇ ਜਥੇਬੰਦੀਆਂ ਦੀ ਸਲਾਹ ਨਾਲ ਜਲਦ ਹੀ ਨਿਯੁਕਤੀ ਕਰ ਦਿੱਤੀ ਜਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਰਹੁਰੀਤਾਂ, ਪਰੰਪਰਾਵਾਂ ਅਤੇ ਇਤਿਹਾਸ ਸਾਡਾ ਮਾਰਗ ਦਰਸ਼ਨ ਹਨ। ਇਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਵੇਗਾ ਅਤੇ ਸਮੂਹਿਕ ਤੇ ਸੰਗਠਿਤ ਪ੍ਰਭਾਵ ਨਾਲ ਅੱਗੇ ਵਧਿਆ ਜਾਵੇਗਾ, ਤਾਂ ਜੋ ਕੌਮ ਨੂੰ ਸਮੇਂ-ਸਮੇਂ ਪੇਸ਼ ਆਉਂਦੀਆਂ ਚੁਣੌਤੀਆਂ ਨਾਲ ਜਥੇਬੰਦਕ ਭਾਵਨਾ ਤਹਿਤ ਨਜਿੱਠਿਆ ਜਾ ਸਕੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਹੀ ਕੌਮ ਦੀਆਂ ਦੁਸ਼ਮਣ ਤਾਕਤਾਂ ਸਿੱਖ ਸੰਸਥਾਵਾਂ ਅਤੇ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਲਈ ਪੂਰਾ ਜ਼ੋਰ ਲਗਾ ਰਹੀਆਂ ਹਨ। ਜੇਕਰ ਕੌਮ ਨੇ ਇੱਕਜੁੱਟਤਾ ਦਾ ਪ੍ਰਭਾਵ ਨਾ ਦਿੱਤਾ ਤਾਂ ਸਿੱਖ ਵਿਰੋਧੀ ਸ਼ਕਤੀਆਂ ਆਪਣੀ ਮਨਸ਼ਾ ਵਿੱਚ ਕਾਮਯਾਬ ਹੁੰਦੀਆਂ ਰਹਿਣਗੀਆਂ।



ਐਡਵੋਕੇਟ ਧਾਮੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਤਖ਼ਤ ਸਾਹਿਬਾਨ 'ਤੇ ਸੇਵਾ ਨਿਭਾਉਣ ਵਾਲੇ ਜਥੇਦਾਰ ਸਾਹਿਬਾਨ ਦੀ ਰੁਖਸਤੀ ਇਕ ਸਨਮਾਨਜਨਕ ਢੰਗ ਨਾਲ ਕੀਤੀ ਜਾਇਆ ਕਰੇਗੀ। ਇਹ ਵੀ ਯਤਨ ਕੀਤਾ ਜਾਵੇਗਾ ਕਿ ਪਿਛਲੇ ਸਮੇਂ ਦੌਰਾਨ ਸੇਵਾ ਮੁਕਤ ਕੀਤੇ ਸਿੰਘ ਸਾਹਿਬਾਨ ਨੂੰ ਉਨ੍ਹਾਂ ਵੱਲੋਂ ਨਿਭਾਈਆਂ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਜਾਵੇ। ਐਡਵੋਕੇਟ ਧਾਮੀ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਸੇਵਾ ਵੱਡੀ ਚੁਣੌਤੀ ਤੋਂ ਘੱਟ ਨਹੀਂ ਹੈ, ਜਿਸ ਪ੍ਰਤੀ ਉਹ ਸੁਚੇਤ ਵੀ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਅਸਤੀਫਾ ਦੇਣ ਬਾਅਦ ਸਾਰੀਆਂ ਹੀ ਧਾਰਮਿਕ, ਸਮਾਜਿਕ, ਸਿਆਸੀ ਧਿਰਾਂ ਦੇ ਨਾਲ ਨਾਲ ਸਤਿਕਾਰਤ ਸਿੰਘ ਸਾਹਿਬਾਨ ਨੇ ਸੇਵਾ ਸੰਭਾਲਣ ਦੀ ਪ੍ਰੇਰਣਾ ਕੀਤੀ ਸੀ, ਜਿਸ ਲਈ ਉਹ ਸਭ ਦਾ ਧੰਨਵਾਦ ਕਰਦੇ ਹਨ ਅਤੇ ਯਤਨ ਕਰਨਗੇ ਕਿ ਸਾਰਿਆਂ ਸੰਪਰਦਾਵਾਂ ਤੇ ਸੰਸਥਾਵਾਂ ਵੱਲੋਂ ਪ੍ਰਗਟ ਕੀਤੇ ਭਰੋਸੇ ਉੱਤੇ ਖਰਾ ਉਤਰ ਸਕਣ।

**ਸੰਯੁਕਤ ਕਿਸਾਨ ਮੋਰਚਾ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੀ ਮੀਟਿੰਗਾਂ ਹੋਈਆਂ**

# 28 ਮਰਾਚ ਨੂੰ ਡੀ.ਸੀ ਦਫ਼ਤਰ ਅੱਗੇ ਜਬਰ ਵਿਰੋਧੀ ਧਰਨਾ ਦਿੱਤਾ ਜਾਵੇਗਾ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਅੱਜ ਸੰਯੁਕਤ ਕਿਸਾਨ ਮੋਰਚਾ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੀ ਮੀਟਿੰਗ ਗੁਰਮੀਤ ਸਿੰਘ ਮਹਿਮਾ ਸੂਬਾ ਜਨਰਲ ਸਕੱਤਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ। ਅੱਜ ਦੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 28 ਮਾਰਚ ਨੂੰ ਦੇ ਡੀ.ਸੀ ਦਫਤਰ ਅੱਗੇ ਸਾਰੀਆਂ ਕਿਸਾਨ ਜਥੇਬੰਦੀਆਂ ਵੱਲੋਂ ਵੱਡਾ ਰੋਸ ਪ੍ਰਦਰਸ਼ਨ ਕਰਕੇ ਜਬਰ ਵਿਰੋਧੀ ਦਿਨ ਮਨਾਇਆ ਜਾਵੇਗਾ ਕਿਉਂਕਿ ਮਾਰਚ ਮਹੀਨੇ ਤਿੰਨ ਤਰੀਕ ਤੋਂ ਲੈ ਕੇ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਉੱਪਰ ਜਬਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮਿਲਟਰੀ ਦੇ ਕਰਨਲ ਤੇ ਪਟਿਆਲੇ ਵਿਖੇ ਪੁਲਿਸ ਵਾਲਿਆਂ ਵੱਲੋਂ ਜਬਰ ਕੀਤਾ ਗਿਆ ਤੇ 19 ਤਰੀਕ ਨੂੰ ਚੰਡੀਗੜ੍ਹ ਮੀਟਿੰਗ ਵਿੱਚ ਬੁਲਾ ਕੇ ਕਿਸਾਨ ਆਗੂਆਂ ਨੂੰ ਗਿਰਫਤਾਰ ਕਰ ਲਿਆ ਗਿਆ ਤੇ ਸ਼ੰਭੂ ਉੱਤੇ ਖਨੌਰੀ ਮੋਰਚਿਆਂ ਤੋਂ ਕਿਸਾਨਾਂ ਨੂੰ ਗ੍ਰਿਫਤਾਰ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਪੁਲਿਸ ਵੱਲੋਂ ਬਿਨਾਂ ਕੋਈ ਅਦਾਲਤੀ ਕਾਰਵਾਈ ਤੋਂ ਪੰਜਾਬ ਦੇ ਵਿੱਚ ਬੁਲਡੋਜਰ ਨਾਲ ਘਰ ਢਾਏ ਜਾ ਰਹੇ ਹਨ ਅਤੇ ਬਿਨਾਂ ਕੋਈ ਕਾਨੂੰਨੀ ਕਾਰਵਾਈ ਤੋਂ ਪੰਜਾਬ ਦੇ ਵਿੱਚ ਗੈਂਗਸਟਾਰਾਂ ਦੇ ਨਾਂ ਤੇ ਨੌਜਵਾਨਾਂ ਨੂੰ ਕਤਲ ਕੀਤਾ ਜਾ ਰਿਹਾ ਹੈ, ਝੂਠੇ ਪੁਲਿਸ ਮੁਕਾਬਲੇ ਬਣਾਏ ਜਾ ਰਹੇ ਹਨ, ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਿਸ ਨੂੰ ਖੁੱਲ ਦੇ ਕੇ ਹਰ ਤਬਕੇ ਉੱਤੇ ਜਬਰ ਢਾਇਆ ਜਾ ਰਿਹਾ ਹੈ ਜਿਸ ਦਾ ਜਵਾਬ ਹਾਈ ਮਾਰਚ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤਾ ਜਾਵੇਗਾ ਅਤੇ ਜੇ ਪੰਜਾਬ ਸਰਕਾਰ ਪੁਲਿਸ ਨੂੰ ਜਬਰ ਕਰਨ ਤੋਂ ਨਹੀਂ ਰੋਕਦੀ ਤਾਂ ਇਸ ਤੋਂ ਅੱਗੇ ਵੀ ਵੱਡੇ ਪ੍ਰਦਰਸ਼ਨ ਜਾਰੀ ਰਹਿਣਗੇ। ਕਿਸਾਨ ਆਗੂਆਂ ਨੇ ਮੀਟਿੰਗ ਦੇ ਵਿੱਚ ਫੈਸਲਾ ਕੀਤਾ ਕਿ 28 ਮਾਰਚ ਨੂੰ ਵੱਡੀ ਗਿਣਤੀ ਵਿੱਚ ਕਿਸਾਨ ਫਿਰ ਡੀ.ਸੀ ਦਫਤਰ ਅੱਗੇ ਪਹੁੰਚਣਗੇ। ਅੱਜ ਦੀ ਮੀਟਿੰਗ ਵਿਚ ਰਣਜੀਤ ਸਿੰਘ ਝੋਕ, ਗੁਰਜੱਜ ਸਿੰਘ ਸਾਂਦੇ ਹਾਸ਼ਮ, ਹਾਕਮ ਸਿੰਘ ਸਾਂਦੇ ਹਾਸ਼ਮ, ਓਮ ਪ੍ਰਕਾਸ਼ ਲੱਖਾ ਹਾਜੀ, ਜਗੀਰ ਸਿੰਘ ਖਹਿਰਾ ਜਿਲਾ ਪ੍ਰਧਾਨ ਡਕਾਉਂਦਾ ਫਿਰੋਜਪੁਰ, ਲਖਵਿੰਦਰ ਸਿੰਘ ਜਿਲਾ ਪ੍ਰਧਾਨ ਤੋਤੇਵਾਲ, ਗੁਰਦੀਪ ਸਿੰਘ ਜਿਲਾ ਪ੍ਰਧਾਨ ਬੀ.ਕੇ.ਯੂ ਪੰਜਾਬ ਰਸਾਲ ਸਿੰਘ, ਹੀਰਾ ਸਿੰਘ, ਭਾਗ ਸਿੰਘ ਮਰਖਾਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕਾਉਂਦਾ ਬੁਰਜ ਗਿੱਲ, ਹਰਬੰਸ ਸਿੰਘ ਜਿਲਾ ਪ੍ਰਧਾਨ ਰਾਜੇਵਾਲ ਕੁਲਦੀਪ ਸਿੰਘ ਪ੍ਰੈਸ ਸਕੱਤਰ ਉਗਰਾਹਾਂ ਅਮਰੀਕ ਸਿੰਘ ਪ੍ਰਧਾਨ ਲੱਖੋਵਾਲ ਜਸਪ੍ਰੀਤ ਕੌਰ ਲੱਖੋਵਾਲ ਜਸਬੀਰ ਸਿੰਘ ਮਜ਼ਦੂਰ ਕਿਸਾਨ ਸਾਂਝਾ ਮੋਰਚਾ ਮਨਮੋਹਨ ਸਿੰਘ ਸਕੱਤਰ ਪੰਜਾਬ ਰਾਜੇਵਾਲ ਕਸ਼ਮੀਰ ਸਿੰਘ ਕਿਸਾਨ ਮਜ਼ਦੂਰ ਸਾਂਝਾ ਮੋਰਚਾ ਗੁਰਵਿੰਦਰ ਸਿੰਘ ਖਹਿਰਾ ਜਿਲਾ ਫਿਰੋਜਪੁਰ ਬੀ ਕੇ ਯੂ ਕਾਦੀਆਂ ਜੋਗਾ ਸਿੰਘ ਵਸਤੀ ਪ੍ਰਕਾਸ਼ ਸਿੰਘ ਵਸਤੀ ਆਦਿ ਹਾਜ਼ਰ ਸਨ।

# ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਨੂੰ ਰੋਸ ਧਰਨੇ ਵਿਚ ਪਹੁੰਚਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ—ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ





**ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ)** :— ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਨੂੰ ਰੋਸ ਧਰਨੇ ਵਿਚ ਪਹੁੰਚਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਨੂੰ ਬਹੁਤ ਭਾਰੀ ਰੋਸ ਧਰਨਾ ਸ: ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੰਤ ਮਹਾਂਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਸੁਚੱਜੀ ਅਗਵਾਈ ਹੇਠ ਦਿੱਤਾ ਜਾ ਰਿਹਾ ਹੈ। ਇਸ ਰੋਸ ਧਰਨੇ ਸਬੰਧੀ ਪਿੰਡਾਂ ਵਿਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਪਿੰਡ ਨਿਵਾਸੀ ਮੰਗ ਕਰ ਰਹੇ ਹਨ ਕਿ ਰੋਸ ਧਰਨੇ ਵਿਚ ਜਾਣ ਲਈ ਸਾਡੇ ਪਿੰਡ ਬੱਸਾਂ ਭੇਜੋ, ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ ਨੇ ਪਿੰਡਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਰੋਸ ਧਰਨੇ ਵਿਚ ਜਾਣ ਲਈ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਨਾਲ ਸੰਪਰਕ ਕਰੋ ਤਾਂ ਜ਼ੋ ਜਿਥੋਂ ਚਾਹੋ ਜਿਹੜੇ ਪਿੰਡ ਚਾਹੋ ਬੱਸਾਂ ਭੇਜ਼ ਦਿੱਤੀਆਂ ਜਾਣਗੀਆਂ।

# ਨੈਸ਼ਨਲ ਹੈਲਥ ਮਿਸ਼ਨ ਇੰਪੀ, ਯੂਨੀਅਨ ਪੰਜਾਬ ਵੱਲੋਂ ਮੰਗਾਂ ਪੂਰੀਆਂ ਨਾ ਹੋਣ 'ਤੇ ਕੀਤਾ ਗਿਆ ਸਰਕਾਰ ਦਾ ਪਿੱਟ ਸਿਆਪਾ



**ਚੌਕ ਮਹਿਤਾ, 24 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੁੱਝ ਦਿਨ ਪਹਿਲਾ ਨੈਸ਼ਨਲ ਮਿਸ਼ਨ ਇੰਪ, ਯੂਨੀਅਨ ਪੰਜਾਬ ਵਲੋ ਸੂਬੇ ਵਿੱਚ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਜਿਸ ਦੀਆਂ ਅੱਖਾਂ ਖੋਲਣ 'ਤੇ ਕੁੰਭ ਕਰਨੀ ਨੀਂਦ ਤੋ ਜਗਾਉਣ ਲਈ ਸੂਬੇ ਦੇ ਸਿਹਤ ਕੇਂਦਰਾ ਵਿਚ ਤਿੰਨ ਦਿਨ ਕੰਮ ਕਾਜ ਠੱਪ ਰੱਖਣ ਸਬੰਧੀ ਆਦੇਸ਼ ਜਾਰੀ ਕੀਤੇ ਗਏ ਸਨ ਦਿੱਤੇ ਆਦੇਸ਼ ਨੂੰ ਪੂਰਨ ਤੋਰ ਤੇ ਲਾਗੂ ਰੱਖਣ ਲਈ ਅੱਜ ਪਿੰਡ ਮਾਨਾ ਵਾਲਾ ਕਲਾਂ ਦੇ ਅਧੀਨ ਆਉਂਦੇ ਸਿਹਤ ਕੇਂਦਰ ਜਿੱਥੇ ਪੂਰਾ ਦਿਨ ਕੰਮ ਕਾਜ ਨੂੰ ਠੱਪ ਰੱਖਿਆ ਗਿਆ ਅਤੇ ਸਾਥੀ ਕਰਮਚਾਰੀਆਂ ਵੱਲੋਂ ਮਾਨ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਤੰਗ ਪ੍ਰੇਸ਼ਾਨ ਹੋ ਕਿ ਮੁਰਦਾਬਾਦ ਦੇ ਨਾਅਰੇ ਲਗਾਏ ਗਏ ਅਤੇ ਰੋਸ ਵਜੋਂ ਪੰਜਾਬ ਸਰਕਾਰ ਦਾ ਜੰਮ ਕੇ ਪਿਟ ਸਿਆਪਾ ਕਰਦਿਆ ਭੜਾਸ ਕੱਢੀ ਗਈ ਇਸ ਮੌਕੇ ਸਟਾਫ ਆਗੂ ਨਿਸ਼ਾਨ ਸਿੰਘ ਨੇ ਦੁਖੀ ਭਰੇ ਮਨ ਨਾਲ ਦੱਸਿਆ ਕਿ ਜਿੰਨੀ ਤਨਖਾਹ ਸਾਨੂੰ ਸਰਕਾਰ ਦੇ ਰਹੀ ਹੈ ਉਸ ਤੋਂ ਕਿਤੇ ਜਿਆਦਾ ਘਰ ਦੇ ਖਰਚੇ ਹਨ ਇੱਥੇ ਤੱਕ ਕਿ ਇੱਕ ਇਨਸਾਨ ਆਪਣਾ ਪਾਪੀ ਪੇਟ ਵੀ ਇੰਨੀ ਥੋੜੀ ਤਨਖਾਹ ਨਾਲ ਨਹੀਂ ਭਰ ਸਕਦਾ ਉਹਨਾ ਕਿਹਾ ਕਿ ਘਰ ਦੇ ਰਾਸ਼ਨ ਤੋਂ ਇਲਾਵਾ ਬਾਕੀ ਦੇ ਖਰਚੇ ਵੀ ਘਰ ਨੂੰ ਚਲਾਉਣ ਲਈ ਮਾਇਨੇ ਰੱਖਦੇ ਹਨ ਉਪਰੋ ਬੱਚਿਆ ਦੇ ਪੜਾਈ ਦੇ ਖਰਚੇ 'ਤੇ ਅਸਮਾਨ ਨੂੰ ਛੂਹਦੀਆ ਦਾਖਲਾ ਫੀਸਾਂ ਉਹਨਾ ਕਿਹਾ ਕਿ ਅਸੀਂ ਪੜੇ ਲਿਖੇ ਹੋਣ ਦੇ ਨਾਤੇ ਕੀ ਇਹਨਾਂ ਲੋੜਾਂ ਨੂੰ ਪੂਰਾ ਕਰਨ ਲਈ ਚੋਰੀਆ, ਡਕੈਤੀਆਂ ਕਰੀਏ ਇਸ ਮੌਕੇ ਮੈਡਮ ਰਵਿੰਦਰ ਕੌਰ ਵੱਲੋਂ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਸਾਡੀਆ ਹਕੀ ਮੰਗਾਂ ਨੂੰ ਪੰਜਾਬ ਸਰਕਾਰ ਪ੍ਰਵਾਨ ਨਹੀਂ ਕਰਦੀ ਤਾਂ ਤਿੱਖੇ ਸੰਘਰਸ਼ ਦੀ ਜਲਦੀ ਹੀ ਸ਼ੁਰੂਆਤ ਕੀਤੀ ਜਾਵੇਗੀ ਇਸ ਮੌਕੇ ਡਾ, ਐਸਪੀ ਸਿੰਘ ਮੈਡਮ ਸਰੀਤਾ ਮੈਡਮ ਸੋਬੀ ਆ ਨਿਸ਼ਾਨ ਸਿੰਘ ਰਾਜਵਿੰਦਰ ਕੌਰ ਸਰਬਜੀਤ ਕੌਰ ਸੁਪ੍ਰੀਤ ਕੌਰ ਰਜਿੰਦਰ ਕੌਰ ਗੁਰਪ੍ਰੀਤ ਕੌਰ ਰਵਿੰਦਰ ਕੌਰ ਗੁਰਜੀਤ ਕੌਰ ਮਨਜੀਤ ਕੌਰ ਬੇਦੀ ਮਨਜੀਤ ਕੌਰ ਭੱਲਾ ਬਲਬੀਰ ਕੌਰ ਆਦਿ ਸ਼ਾਮਿਲ ਸਨ।

# ਪੰਜਾਬ ਸਰਕਾਰ ਵਲੋਂ ਕਿਸਾਨਾਂ ਉਪਰ ਕੀਤੇ ਜਾ ਰਹੇ ਜ਼ੁਲਮਾਂ ਵਿਰੁੱਧ ਮਨੁੱਖੀ ਅਧਿਕਾਰ ਸੰਸਥਾਵਾਂ ਦਖਲ ਦੇਣ: ਗਿਆਨੀ ਮਾਲਕ ਸਿੰਘ

ਨਵੀਂ ਦਿੱਲੀ 24 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਦੀਆਂ ਵੱਖ ਵੱਖ ਸਰਹਦਾ ਤੇ ਕਿਸਾਨੀ ਕਿੱਤੇ ਨਾਲ ਸੰਬੰਧਿਤ ਮਸਲਿਆਂ ਲਈ ਵੱਖ ਵੱਖ ਕਿਸਾਨ ਜੱਥੇਬੰਦੀਆਂ ਵਲੋਂ ਬੀਤੇ 13 ਮਹੀਨਿਆਂ ਤੋ ਧਰਨਾ ਲਗਾਇਆ ਗਿਆ ਸੀ ਜਿਸ ਨੂੰ ਬੀਤੇ ਦਿਨੀਂ ਪੰਜਾਬ ਸਰਕਾਰ ਵਲੋਂ ਪੁਲਿਸ ਮਹਿਕਮੇ ਦੀ ਵਰਤੋਂ ਨਾਲ ਜਬਰੀ ਚੁਕਵਾ ਦਿੱਤਾ ਗਿਆ ਹੈ । ਇਸ ਬਾਰੇ ਗੱਲਬਾਤ ਕਰਦਿਆਂ ਗਿਆਨੀ ਮਾਲਕ ਸਿੰਘ ਨੇ ਕਿਹਾ ਕਿ ਭਾਰਤ ਇਕ ਲੋਕਤੰਤਰਿਕ ਦੇਸ਼ ਹੈ ਇਥੇ ਸਭ ਨੂੰ ਆਪਣੇ ਜੰਮਹੂਰੀ ਹੱਕਾਂ ਲਈ ਆਵਾਜ਼ ਚੁੱਕਣ ਦਾ ਅਧਿਕਾਰ ਹੈ ਪਰ ਬੀਤੇ ਦਿਨੀਂ ਜਿਸ ਤਰ੍ਹਾਂ ਭਗਵੰਤ ਮਾਨ ਸਰਕਾਰ ਨੇ ਦੇਸ਼ ਦੀ ਸੁਪਰੀਮ ਕੋਰਟ ਦੇ ਆਦੇਸ਼ਾਂ ਦੀ ਉਲੰਘਣਾ ਕਰਦਿਆਂ ਕਿਸਾਨਾਂ ਦਾ ਸ਼ਾਂਤਮਈ ਧਰਨਾ ਪੁਲਿਸ ਮਹਿਕਮੇ ਦੀ ਵਰਤੋਂ ਕਰਦਿਆਂ ਚੁਕਵਾਇਆ ਹੈ ਓਸ ਦੀ ਜਿਤਨੀ ਨਿਖੇਧੀ ਕੀਤੀ ਜਾਏ ਓਹ ਘੱਟ ਹੈ ।ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀ ਆਪਣੀ ਹੋਂਦ ਹੀ ਧਰਨੇ ਮੁਜਾਹਰਿਆ ਵਿੱਚੋ ਨਿਕਲੀ ਹੈ ਤੇ ਹੁਣ ਓਹ ਹੀ ਆਮ ਇਨਸਾਨਾਂ ਉਪਰ ਜਬਰ ਕਰਣ ਤੇ ਤੁਲੀ ਹੋਈ ਹੈ ।ਉਨ੍ਹਾਂ ਕਿਹਾ ਕਿ ਭਾਰਤ ਅੰਦਰ ਵੱਧ ਰਹੇ ਜ਼ੁਲਮਾਂ ਨੂੰ ਸੰਸਾਰ ਪੱਧਰ ਤੇ ਵੇਖਿਆ ਸੁਣਿਆ ਜਾ ਰਿਹਾ ਹੈ ਇਸ ਲਈ ਸਾਡੀ ਸਮੂਹ ਮਨੁੱਖੀ ਅਧਿਕਾਰ ਸੰਸਥਾਵਾਂ ਨੂੰ ਅਪੀਲ ਹੈ ਕਿ ਓਹ ਅੱਗੇ ਆਉਣ ਅਤੇ ਵਰਤਾਏ ਜਾ ਰਹੇ ਸਰਕਾਰੀ ਜ਼ੁਲਮਾਂ ਨੂੰ ਠੱਲ ਪਾਉਣ ਅਤੇ ਕਿਸਾਨਾਂ ਨੂੰ ਉਨ੍ਹਾਂ ਦੇ ਹਕ. ਦਿਵਾਉਣ ਵਿਚ ਆਪਣਾ ਦਖਲ ਕਰਦਿਆਂ ਫਰਜ਼ ਨਿਭਾਣਾ ਚਾਹੀਦਾ ਹੈ। ਜਿਕਰਯੋਗ ਹੈ ਕਿ ਗਿਆਨੀ ਮਾਲਕ ਸਿੰਘ ਨੇ 2019 ਵਿਚ ਲੱਗੇ ਇਤਿਹਾਸਿਕ ਕਿਸਾਨੀ ਮੋਰਚੇ ਅੰਦਰ ਤਨ ਮਨ ਧਨ ਨਾਲ ਸੇਵਾ ਵਿਚ ਯੋਗਦਾਨ ਪਾਇਆ ਸੀ ਤੇ ਹੁਣ ਬੀਤੇ ਕੁਝ ਸਮੇਂ ਤੋ ਕੈਨੇਡਾ ਅੰਦਰ ਵਿਚਰਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜ ਰਹੇ ਹਨ ।



# ਸ਼ੰਭੂ ਅਤੇ ਖਨੌਰੀ ਬਾਰਡਰ ਤੋ ਕਿਸਾਨਾਂ ਦੀਆਂ ਟਰੈਕਟਰ, ਟਰਾਲੀਆਂ, ਸਮਾਨ ਦੀ ਲੁੱਟ ਖੋਹ ਕਰਨੀ ਮੰਦਭਾਗੀ—ਭੁੱਲਰ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਆਪਣੀਆਂ ਮੰਗਾਂ ਨੂੰ ਲੈ ਕੇ ਧਰਨਾ ਲਾਈ ਬੈਠੇ ਕਿਸਾਨਾਂ ਦੇ ਹੱਕ ਵਿਚ ਹਾਅ ਦਾ ਨਾਅਰਾ ਲਾਉਂਦਿਆਂ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਅਤੇ ਪੀ.ਏ.ਸੀ ਮੈਬਰ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਇੱਕ ਮੀਟਿੰਗ ਪਿੰਡ ਟਿੱਬੀ ਖੁਰਦ ਮਮਦੋਟ ਵਿੱਚ ਕੀਤੀ ਗਈ। ਉਨ੍ਹਾਂ ਵੱਲੋ ਪਿਛਲੇ ਦਿਨੀ ਸੈਂਟਰ ਸਰਕਾਰ ਅਤੇ ਕੇਜਰੀਵਾਲ ਸਮੇਂ ਭਗਵੰਤ ਮਾਨ ਦੀ ਮਿਲੀਭੁਗਤ ਨਾਲ ਕਿਸਾਨਾਂ ਨੂੰ ਫੜ ਕੇ ਸ਼ਾਤ ਮਈ ਤਰੀਕੇ ਨਾਲ ਲੱਗਾ ਧਰਨਾ ਚਕਾਇਆ ਗਿਆ ਅਤੇ ਕਿਸਾਨਾਂ ਤੇ ਜਬਰ ਜੁਲਮ ਕਰਕੇ ਜੇਹਲਾਂ ਵਿੱਚ ਬੰਦ ਕੀਤਾ ਗਿਆ, ਹਰਿਆਣਾ ਪੁਲਿਸ ਅਤੇ ਪੰਜਾਬ ਪੁਲੀਸ ਵੱਲੋ ਲੁਟਰਿਆਂ ਨੂੰ ਨਾਲ ਲਿਆ ਕੇ ਕਿਸਾਨਾਂ ਦੇ ਟਰੈਕਟਰ, ਟਰਾਲੀਆਂ, ਕਾਰਾਂ, ਜੀਪਾਂ, ਮੋਟਰਸਾਈਕਲ, ਏ.ਸੀ, ਸਲੰਡਰ, ਗੈਸੀ ਚੁਲੇ, ਭਾਂਡੇ, ਟੈਂਟ, ਕੁਰਸੀਆਂ ਅਤੇ ਕੀਮਤੀ ਸਮਾਨ ਖੁਰਦ ਬੁਰਦ ਕੀਤਾ ਜਾਣ ਦੀ ਬਹੁਤ ਸ਼ਰਮਨਾਕ ਅਤੇ ਮੰਦਭਾਗਾ ਹੈ। ਗੱਲਬਾਤ ਕਰਦਿਆਂ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਐਮ.ਐਲ.ਏ ਦੇ ਘਰ ਵਿੱਚੋ ਟਰਾਲੀਆਂ ਮਿਲਣੀਆਂ ਤੋ ਸਾਬਤ ਹੁੰਦਾ ਹੈ ਕਿ ਇਹ ਇਕ ਸੋਚੀ ਸਮਝੀ ਸਾਜਿਸ਼ ਦੇ ਅਧੀਨ ਸਾਰਾ ਕੁਝ ਕੀਤਾ ਗਿਆ ਹੈ। ਉਨ੍ਹਾਂ ਕਿਹਾ ਸਰਕਾਰ ਵੱਲੋ ਕਿਸਾਨੀ ਮਸਲੇ ਹੱਲ ਕਰਨ ਦੀ ਜਗਾਹ ਕਿਸਾਨੀ ਨੂੰ ਖਤਮ ਕਰਨ ਵੱਲ ਤੁਰੀ ਪਈ ਹੈ। ਉਨ੍ਹਾਂ ਕਿਹਾ ਕਿ ਮੀਟਿੰਗ ਸੱਦ ਕੇ ਧੋਖੇ ਨਾਲ ਕਿਸਾਨ ਲੀਡਰ ਨੂੰ ਫੜਨਾ ਗੈਰ—ਕਾਨੂੰਨੀ ਹੈ, ਸ਼ਾਤ ਮਈ ਤਾਰੀਕੇ ਨਾਲ ਵੱਖ—ਵੱਖ ਜਗਾਹ ਤੇ ਬੈਠੇ ਕਿਸਾਨਾਂ ਤੇ ਰਾਤ ਦੇ ਹਨੇਰੇ ਵਿੱਚ ਜਬਰ ਜੁਲਮ ਕਰਕੇ ਉਠਾਉਣਾ ਸਰਕਾਰ ਦਾ ਸ਼ਰਮਨਾਕ ਕਾਰਾ ਹੈ ਜਿਸ ਦਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲਾ ਫਿਰੋਜ਼ਪੁਰ ਨਿਖੇਧੀ ਕਰਦਾ ਹਹੈ। ਇਸ ਸਮੇਂ ਸੂਰਤ ਸਿੰਘ ਮਮਦੋਟ ਸੀਨੀਅਰ ਆਗੂ, ਮੋਹਨ ਸਿੰਘ ਨਿਆਜੀਆ, ਸੁਖਪ੍ਰੀਤ ਸਿੰਘ ਸੁੱਖਾ ਸੀਨੀਅਰ ਆਗੂ, ਰਣਜੀਤ ਸਿੰਘ ਰਾਣਾ, ਮਲਕੀਤ ਸਿੰਘ ਬੇਦੀ, ਜਗਪ੍ਰੀਤ ਸਿੰਘ ਬਾਠ, ਸਰਬਜੀਤ ਸਿੰਘ ਬੇਦੀ, ਗਗਨਦੀਪ ਸਿੰਘ ਸੀਨੀਅਰ ਆਗੂ, ਚੜਤ ਸਿੰਘ, ਸੁਖਦੇਵ ਸਿੰਘ ਜੋਸਨ, ਮਹਿੰਦਰ ਸਿੰਘ ਜੋਸਨ, ਆਤਮਾ ਸਿੰਘ ਨੰਬਰਦਾਰ, ਬਾਬਾ ਅਜੈਬ ਸਿੰਘ, ਕਾਰਜ ਸਿੰਘ ਬਾਠ, ਲਖਬੀਰ ਸਿੰਘ ਲੱਖਾ, ਹਰਜਿੰਦਰ ਸਿੰਘ, ਬਾਬਾ ਗੁਰਚਰਨ ਸਿੰਘ, ਇਕਬਾਲ ਸਿੰਘ ਬੇਦੀ ਆਦਿ ਨੇ ਗੁੰਡਾਗਰਦੀ ਅਤੇ ਸਮਾਨ ਲੁੱਟਣ ਦੀ ਨਿਖੇਧੀ ਕੀਤੀ।

### ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿੱਚ

# ਅਨੇਕਾਂ ਪ੍ਰੀਵਾਰ ਹੋਏ ਸ਼ਾਮਲ—ਭੁੱਲਰ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਗੁਰਚਰਨ ਸਿੰਘ ਭੁੱਲਰ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਅਤੇ ਪੀ.ਏ.ਸੀ. ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਸਿਆ ਕਿ ਅੱਜ ਪਿੰਡ ਚੱਕ ਘਬਾਈ ਉਰਫ ਤਰਾਂ ਵਾਲੀ ਮਮਦੋਟ ਦੇ ਵਿੱਚ ਦੂਸਰੀਆਂ ਪਾਰਟੀਆਂ ਨੂੰ ਅਲਵਿਦਾ ਕਹਿ ਕੈ ਅਨੈਕਾਂ ਪ੍ਰੀਵਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿੱਚ ਸ਼ਾਮਲ ਹੋਏ। ਸ: ਸਿਮਰਨਜੀਤ ਸਿੰਘ ਮਾਨ ਦੀਆਂ ਨੀਤੀਆਂ ਨਾਲ ਸਹਿਮਤ ਹੁੰਦੇ ਹੋਏ ਸਾਮਲ ਹੋਏ ਜੋਗਿੰਦਰ ਸਿੰਘ, ਚਰਨ ਸਿੰਘ, ਮੁਖਤਿਆਰ ਸਿੰਘ, ਸੰਦੀਪ ਸਿੰਘ, ਅਮਰ ਚੰਦ,ਬਲਦੇਵ ਸਿੰਘ, ਪ੍ਰੀਤਮ ਸਿੰਘ, ਜੱਗਾ ਸਿੰਘ, ਬਚਨ ਸਿੰਘ, ਉਂਕਾਰ ਸਿੰਘ, ਲਾਲ ਸਿੰਘ, ਸੁਬੇਗ ਸਿੰਘ, ਜੰਗੀਰ ਸਿੰਘ, ਰਣਜੀਤ ਸਿੰਘ, ਦਿਆਲ ਸਿੰਘ, ਬੱਗੂ ਸਿੰਘ, ਰਣਜੀਤ ਸਿੰਘ, ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਸਾਰੀਆਂ ਪਾਰਟੀਆਂ ਦੀਆਂ ਸਰਕਾਰਾਂ ਹੰਢਾ ਕੇ ਵੇਖ ਚੁੱਕੇ ਲੋਕਾਂ ਨੇ ਹੁਣ ਬਦਲਾਅ ਲਿਆਉਣ ਵਾਲੀ ਸਰਕਾਰ ਨੇ ਲੋਕਾਂ ਨੂੰ ਬੰਦਲਾ ਦਿੱਤਾ ਹੈ ਅਤੇ ਲੋਂਕ ਇਹਨਾਂ ਹੱਥ ਵਾਂਗ ਡੋਰ ਦੇ ਕੇ ਪਛਤਾ ਰਹੇ ਹਨ। ਵੱਡੇ ਵੱਡੇ ਵਾਅਦੇ ਕਰਕੇ ਸਰਕਾਰਾਂ ਬਨਾਉਣ ਵਾਲੇ ਲੀਡਰਾਂ ਨੇ ਲੋਕਾਂ ਦੇ ਦਮ ਨੱਕ ਵਿਚ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀ ਕਿਸਾਨਾਂ ਤੇ ਜਬਰ ਜੁਲਮ ਕੀਤਾ ਉਹਨਾਂ ਦਾ ਸਮਾਨ ਖੁਰਦ ਬੁਰਦ ਕੀਤਾ ਗਿਆ,ਮੁਲਾਜਮਾਂ ਨਾਲ ਧੱਕੇਸ਼ਾਹੀ, ਰੋਜਗਾਰ ਮੰਗਣ ਵਾਲਿਆਂ ਤੇ ਤਸੱਦਦ ਕਰਨਾ, ਨਸਾਂ ਘਰ ਘਰ ਪਾਹੁਚਾਉਣਾ, ਗੁੰਡਾਰਾਜ, ਕਤਲੈਗਾਰਦ, ਲੋਕਾਂ ਦੇ ਮਨਾਂ ਵਿੱਚ ਦਹਿਸ਼ਤ ਫੈਲਾਉਣ, ਸਜਾ ਪੂਰੀ ਕਰ ਚੁੱਕੇ ਸਿੰਘਾਂ ਦੀਆਂ ਫਾਇਲਾਂ ਦਬ ਕੇ ਰੱਖਣੀਆਂ। ਉਨ੍ਹਾਂ ਕਿਹਾ ਕਿ ਵੱਡੇ ਤਸਕਰਾਂ ਦੀ ਸਰਪ੍ਰਸਤੀ ਕਰਨੀ, ਛੋਟੇ ਤਸਕਰਾਂ ਦੇ ਮਾ ਬਾਪ ਦੇ ਘਰ ਢਾਉਣੇ ਤੇ ਢਾਉਣ ਇਹ ਸਰਕਾਰ ਦੀ ਉਪਲੱਧੀ ਹੋ। ਇਸ ਸਮੇਂ ਹਾਜਰ ਸੂਰਤ ਸਿੰਘ ਮਮਦੋਟ ਸੀਨੀਅਰ ਮੀਤ ਪ੍ਰਧਾਨ, ਸੁਖਦੇਵ ਸਿੰਘ ਵੇਹੜੀ ਹਲਕਾ ਇੰਚਾਰਜ ਫਿਰੋਜ਼ਪੁਰ ਦਿਹਾਤੀ, ਮੇਹਰ ਸਿੰਘ ਪਰਧਾਨ ਸਰਕਲ ਮਮਦੋਟ, ਸੁਖਪ੍ਰੀਤ ਸਿੰਘ ਸੁਖਾ ਟਿੱਬੀ ਸੀਨੀਅਰ ਆਗੂ, ਮਲਕੀਤ ਸਿੰਘ ਬੇਦੀ ਸੀਨੀਅਰ ਆਗੂ, ਜਸਵੰਤ ਸਿੰਘ ਮਮਦੋਟ, ਅੰਗਰੇਜ ਸਿੰਘ ਸੀਨੀਅਰ ਆਗੂ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਨੂੰ ਜੀ ਆਇਆਂ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜੈਨੇਸਿਸ ਅਮਨਦੀਪ ਹਸਪਤਾਲ 26 ਮਾਰਚ ਨੂੰ ਲਾਵੇਗਾ ਮੁਫਤ ਜਾਂਚ ਕੈਂਪ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਜੇਨੇਸਿਸ ਅਮਨਦੀਪ ਮਲਟੀ—ਸਪੈਸ਼ਲਟੀ ਹਸਪਤਾਲ ਫਿਰੋਜ਼ਪੁਰ ਦੇ ਸਹਿਯੋਗ ਨਾਲ ਸ਼੍ਰੀ ਰਾਮ ਬਾਗ਼ ਵਰਧ ਸੇਵਾ ਆਸ਼ਰਮ, ਫਿਰੋਜ਼ਪੁਰ ਕੈਂਟ ਵੱਲੋਂ 26 ਮਾਰਚ 2025 ਬੁੱਧਵਾਰ ਨੂੰ ਇੱਕ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਹੱਡੀਆਂ ਅਤੇ ਜੋੜਾਂ, ਨੱਕ, ਕੰਨ, ਗਲਾ, ਬੱਚਿਆਂ ਦੀਆਂ ਬਿਮਾਰੀਆਂ ਅਤੇ ਜਨਰਲ ਮੈਡੀਸਨ ਨਾਲ ਸੰਬੰਧਤ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ। ਇਸ ਦੇ ਨਾਲ ਬੀ.ਪੀ., ਬਲੱਡ ਸ਼ੂਗਰ ਚੈੱਕਅੱਪ ਅਤੇ ਲੋੜੀਂਦੀਆਂ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ। ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਅਤੇ ਸ਼੍ਰੀ ਰਾਮ ਬਾਗ਼ ਵਰਧ ਸੇਵਾ ਆਸ਼ਰਮ ਦੇ ਪ੍ਰਧਾਨ ਹਰੀਸ਼ ਗੋਯਲ ਨੇ ਲੋਕਾਂ ਨੂੰ ਵੱਧ ਤੋਂ ਵੱਧ ਇਸ ਕੈਂਪ ਦਾ ਲਾਭ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ 26 ਮਾਰਚ 2025 ਬੁੱਧਵਾਰ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਸ਼੍ਰੀ ਰਾਮ ਬਾਗ਼ ਫਿਰੋਜ਼ਪੁਰ ਛਾਵਨੀ ਵਿੱਚ ਆਯੋਜਿਤ ਹੋਵੇਗਾ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਐਕਸ ?ਰੇ ਅਤੇ ਟੈਸਟ ਰਿਪੋਰਟਾਂ ਨਾਲ ਆਉਣ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਭਗਤ ਸਿੰਘ ਯਾਦਗਾਰੀ ਕਮੇਟੀ ਪੱਟੀ ਵੱਲੋਂ ਸ਼ਾਮ-ਏ-ਸ਼ਹਾਦਤ ਸ਼ਰਧਾਂਜਲੀ ਸਮਾਗਮ ਕਰਵਾਇਆ

**ਪੱਟੀ, 24 ਮਾਰਚ (ਆਵਾਜ਼ਿ ਕੌਮ ਬਿਊਰੋ)**- ਸ਼ਹੀਦ ਭਗਤ ਸਿੰਘ ਯਾਦਗਾਰੀ ਕਮੇਟੀ, ਪੱਟੀ "ਇਨਕਲਾਬ ਜਿੰਦਾਬਾਦ ਗਰੁੱਪ" ਵੱਲੋਂ ਸ਼ਹੀਦ ਸੋਹਨ ਲਾਲ ਪਾਰਕ ਪੱਟੀ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ਼ਾਮ-ਏ-ਸ਼ਹਾਦਤ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਮੁੱਖ ਮਹਿਮਾਨ ਵਜੋ ਚੇਅਰਮੈਨ ਦਿਲਬਾਗ ਸਿੰਘ ਪੀ.ਏ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਵਰਿੰਦਰਜੀਤ ਸਿੰਘ ਹੀਰਾ ਭੁੱਲਰ ਨੇ ਸਾਥੀਆਂ ਸਮੇਤ ਸਮੂਲੀਅਤ ਕੀਤੀ। ਸਮਾਗਮ ਦੀ ਪ੍ਰਧਾਨਗੀ ਹਰਪ੍ਰੀਤ ਸਿੰਘ ਸੰਧੂ ਮੈਂਬਰ ਪੀਪੀਸੀਸੀ ਨੇ ਕੀਤੀ। ਇਨਕਲਾਬੀ ਸ਼ਮਾ ਰੋਸ਼ਨ ਡਾ ਰਾਜੇਸ਼ ਭਾਰਦਵਾਜ਼ ਚੇਅਰਮੈਂਨ ਸ਼ਹੀਦ ਭਗਤ ਸਿੰਘ ਸਿੱਖਿਆ ਸੰਸਥਾਵਾਂ ਨੇ ਕੀਤੀ। ਸੁਭਾਸ਼ ਸ਼ਰਮਾ ਅਤੇ ਰਾਹੁੱਲ ਮਹਿਤਾ ਨੇ ਗਦਰੀ ਝੰਡਾ ਲਹਿਰਾਉਣ ਦੀ ਰਸਮ ਨਿਭਾਈ। ਇਸ ਮੌਕੇ 'ਤੇ ਸਮਾਜ ਸੇਵੀ ਤਰਸੇਮ ਲਾਲ ਰਾਜੂ ਭੱਲਾ, ਪ੍ਰਿੰਸੀ ਰਜਿੰਦਰ ਸ਼ਰਮਾ, ਵਿਨੋਦ ਕੁਮਾਰ ਖੰਨਾ ਸਮਾਗਮ ਦੇ ਵਿਸ਼ੇਸ਼ੇ ਤੋਰ 'ਤੇ ਹਾਜ਼ਰ ਹੋਏ। ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਦਾਖਾ (ਲੁਧਿਆਣਾ) ਦੀ ਨਾਟਕ ਟੀਮ ਵੱਲੋਂ ਨਿਰਦੇਸ਼ਕ ਹਰਕੇਸ਼ ਚੌਧਰੀ ਦੇ ਨਿਰਦੇਸ਼ਨ ਅਧੀਨ ਨਾਟਕ ਝਨਾਂ ਦੇ ਪਾਣੀ ਅਤੇ ਕੋਰੀਓਗ੍ਰਾਫੀ ਸ਼ਹਾਦਤ ਦੀ ਘੋੜੀ ਪੇਸ਼ ਕੀਤੀ। ਇਸ ਦੌਰਾਨ ਪੱਟੀ ਦੀ ਟੀਮ ਵੱਲੋਂ ਫੌਜੀ ਵੀਰਾਂ ਦੀ ਸ਼ਹਾਦਤ ਨੂੰ ਸਲਾਮ ਕਰਦੀ ਕੋਰੀਓਗ੍ਰਾਫੀ ਨਾਲ ਸ਼ਹੀਦਾ ਨੂੰ ਸ਼ਰਧਾਂਜਲੀ ਦਿੱਤੀ। ਕਲਾਕਾਰ ਵਿਨਰਜੀਤ ਸਰਾਫ ਅਤੇ ਰਾਜੇਸ਼ ਯੂਨੀਅਰ ਵੱਲੋਂ ਦੇਸ਼ ਭਗਤੀ ਦੇ ਗੀਤਾਂ ਰਾਹੀ ਹਾਜ਼ਰੀ ਲਗਵਾਈ। ਇਸ ਮੌਕੇ 'ਤੇ ਚੇਅਰਮੈਂਨ ਦਿਲਬਾਗ ਸਿੰਘ ਸੰਧੂ ਨੇ ਕਿਹਾ ਕਿ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਅਸੀਂ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇ ਕੇ ਭਾਰਤ ਦੇਸ਼ ਨੂੰ ਤਰੱਕੀ 'ਤੇ ਖੁਸ਼ਹਾਲੀ ਦੇ ਰਾਹ ਪਾਈਏ। ਉਨ੍ਹਾਂ ਸ਼ਹੀਦਾ ਨੂੰ ਸ਼ਰਧਾ ਦੇ ਫੁੱਲ ਅਰਪਿਤ ਕਰਦਿਆ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਕੰਮਾਂ ਦਾ ਜਿਕਰ ਕੀਤਾ। ਸਮਾਗਮ ਦੇ ਪ੍ਰਬੰਧਕਾਂ ਪ੍ਰਸ਼ੰਸਾਂ ਕਰਦਿਆ ਆਖਿਆ ਕਿ ਵਧੀਆ ਉਪਰਾਲਾ ਇਨ੍ਹਾਂ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਭਗਤੀ ਦੀ ਲਹਿਰ ਦੇ ਮੋਢੀਆਂ ਵਿੱਚ ਸ਼ਾਮਿਲ ਸ.ਭਗਤ ਸਿੰਘ ਦਾ ਆਪਣੇ ਵਤਨ ਵਾਸੀਆਂ ਨੂੰ ਗੋਰਿਆਂ ਦੀ ਗੁਲਾਮੀ ਤੋਂ ਨਿਜ਼ਾਤ ਦਿਵਾਉਣ ਲਈ ਚੁੱਕਿਆ ਇੰਨਕਲਾਬੀ ਕਦਮ ਵਰਦਾਨ ਸਾਬਤ ਹੋਇਆ ਹੈ। ਸ਼ਹੀਦ ਸੁਖਦੇਵ ਸਿੰਘ, ਸ਼ਹੀਦ ਰਾਜਗੁਰੂ ਵੱਲੋਂ ਦਿੱਤੇ ਯੋਗਦਾਨ ਦਾ ਵਿਸਥਾਰ ਨਾਲ ਚਾਨਣਾ ਪਾਇਆ। ਡਾ ਰਾਜੇਸ਼ ਭਾਰਦਵਾਜ਼ ਨੇ ਕਿਹਾ ਕਿ ਸ਼ਹੀਦ ਕੌਮ ਅਤੇ ਦੇਸ਼ ਦਾ ਸਰਮਾਇਆ ਹੁੰਦੇ ਹਨ, ਉਨ੍ਹਾਂ ਵੱਲੋਂ ਕੀਤੇ ਕੰਮਾਂ ਨੂੰ ਸਦੀਆਂ ਤੱਕ ਭੁਲਾਇਆ ਨਹੀਂ ਜਾ ਸਕਦਾ। ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਜੀ ਵਰਗੇ ਅਨੇਕਾਂ ਸ਼ਹੀਦਾਂ ਨੇ ਆਪਣੀਆਂ ਧੁੱਪ ਵਰਗੀਆਂ ਜਵਾਨੀਆਂ ਹੱਸਦੇ ਹੱਸਦੇ ਇਸ ਲਈ ਵਾਰ ਦਿੱਤੀਆਂ ਤਾਂ ਜੋ ਅਸੀਂ ਅਜ਼ਾਦ ਮੁਲਕ ਦੀ ਫਿਜ਼ਾ ਵਿੱਚ ਸਾਹ ਲੈ ਸਕੀਏ, ਪਰ ਕੀ ਅਸੀਂ ਉਨ੍ਹਾਂ ਦੇ ਸੁਪਨਿਆਂ ਦਾ ਭਾਰਤ ਸਿਰਜ ਸਕੇ ਹਾਂ। ਸਟੇਜ਼ ਦਾ ਸੰਚਾਲਣ ਕਰਦਿਆ ਪ੍ਰਿੰਸੀਪਲ ਜਸਬੀਰ ਕੌਰ ਅਤੇ ਮਾਸਟਰ ਸੁਖਦੇਵ ਰਾਜ ਸ਼ਰਮਾ ਨੇ ਕਿਹਾ ਕਿ ਅੱਜ ਲੋੜ ਹੈ ਰਾਜਨੀਤੀ ਤੋਂ ਉੱਪਰ ਉੱਠ ਕੇ ਸ਼ਹੀਦਾ ਦੀ ਅਸਲ ਸੋਚ ਨੂੰ ਅਪਣਾਉਣ ਦੀ। ਅਸ਼ਵਨੀ ਕੁਮਾਰ ਕਾਲਾ ਮਹਿਤਾ ਨੇ ਆਏ ਮੇਹਮਾਨਾਂ ਨੂੰ ਜੀ ਆਇਆ ਆਖਿਆ। ਇਸ ਮੌਕੇ 'ਤੇ ਸਮਾਗਮ ਦੇ ਪ੍ਰਬੰਧਕ ਅਸ਼ਵਨੀ ਕੁਮਾਰ ਕਾਲਾ ਮਹਿਤਾ, ਮਾਸਟਰ ਸੁਖਦੇਵ ਰਾਜ ਸ਼ਰਮਾ, ਬੱਲੂ ਮਹਿਤਾ, ਦੀਪਕ ਕੁਮਾਰ ਵੱਲੋਂ ਆਏ ਮੇਹਮਾਨਾਂ ਨੂੰ ਯਾਦਗਾਰੀ ਚਿਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਚੇਅਰਮੈਨ ਦਿਲਬਾਗ ਸਿੰਘ ਸੰਧੂ, ਵਰਿੰਦਰਜੀਤ ਸਿੰਘ ਹੀਰਾ ਭੁੱਲਰ, ਅਸ਼ਵਨੀ ਕੁਮਾਰ ਕਾਲਾ ਮਹਿਤਾ, ਭਵਨ ਕੁਮਾਰ ਟਾਹ, ਗੁਰਬਚਨ ਸਿੰਘ ਲਾਲੀ ਰਿਟਾ: ਡਿਪਟੀ ਡੀਓ, ਅਮਿਤ ਪੁਰੀ, ਹਨੀ ਸੂਦ, ਰਛਪਾਲ ਬੇਦੀ, ਕੇ.ਕੇ. ਬਿੱਟੂ, ਗੁਰਸੇਵਕ ਸਿੰਘ, ਬਲਕਾਰ ਸਿੰਘ ਸੀਨੀ: ਮੀਤ ਪ੍ਰਧਾਨ, ਜਗਦੀਪ ਪੇਂਟਰ, ਸ਼ੰਕਰ ਮਹਿਤਾ, ਹਰਜਿੰਦਰ ਸਿੰਘ ਪੱਪੂ ਸਰਾਫ, ਕੰਤਵੀਰ ਸੂਦ, ਡਾ ਦੇਸ ਰਾਜ ਬਧਵਾਰ, ਸੁਮਨ ਭੱਲਾ, ਅਮਨੀਸ਼ ਬੱਤਰਾ, ਰਾਕੇਸ਼ ਟੋਨੀ, ਨੀਤਨ ਭੱਲਾ, ਰਾਕੇਸ ਕੁਮਾਰ ਕਮਲ ਕੌਂਸਲਰ, ਸੂਰਜ ਕੁਮਾਰ, ਸੁਰਜੀਤ ਸਿੰਘ ਕੌਂਸਲਰ, ਗੁਰਚੇਤ ਬਰਾੜ, ਧਰਵਿੰਦਰ ਸਿੰਘ ਕੌਂਸਲਰ, ਮਨਜੀਤ ਸਿੰਘ ਬੱਠੇਭੈਣੀ, ਕੁਲਦੀਪ ਰਾਏ ਸ਼ਰਮਾ, ਵਿਪਨ ਗੋਇਲ, ਕਮਲ ਕੁਮਾਰ ਸੌਰਵ, ਚੰਦਨ ਭਨੋਟ, ਰਾਜਨ ਟਾਹ, ਤਰਸੇਮ ਜੋਸ਼ੀ, ਵਕੀਲ ਸਦਾ, ਚੰਦਨ ਮੋਹਨ ਤੇਜੀ, ਰਾਜੇਸ਼ ਕੁਮਾਰ ਮਿੰਟਾ, ਬ੍ਰਿਜ ਭੂਸ਼ਨ ਸਾਹਨੀ, ਪਲਵਿੰਦਰ ਸਿੰਘ ਭੋਲਾ ਰਾੜੀਆਂ, ਪ੍ਰਿੰਸੀਪਲ ਰਜਿੰਦਰ ਸ਼ਰਮਾ, ਰਾਜਨਪ੍ਰੀਤ ਸਿੰਘ ਸੱਗੂ ਬਲਾਕ ਪ੍ਰਧਾਨ, ਮਨੁਖਤਾ ਦੀ ਸੇਵਾ ਸੁਸਾਇਟੀ ਦੇ ਪ੍ਰਬੰਧਕ ਸੁਖਬੀਰ ਸਿੰਘ, ਪਿੰਦਰ ਸਿੰਘ, ਕੇਪੀ ਗਿੱਲ, ਮਾਸਟਰ ਕੁਲਵੰਤ ਰਾਏ, ਮਾਸਟਰ ਸਰਬਜੀਤ ਸਿੰਘ ਉਬੋਕੇ, ਸੁਖਬੀਰ ਸਿੰਘ, ਸੰਜੀਵ ਅਰੋੜਾ, ਸਿਕੰਦਰ ਸਿੰਘ ਚੀਮਾ ਪ੍ਰਧਾਨ ਟਰੱਕ ਯੂਨੀਅਨ ਪੱਟੀ, ਮਨਜੀਤ ਸਿੰਘ ਬੈਠੇ ਭੈਣੀ ਮੀਤ ਪ੍ਰਧਾਨ ਕਰਿਆਨਾ ਯੂਨੀਅਨ ਪੱਟੀ, ਸੋਨਬੀਰ ਸਿੰਘ ਸਰਪੰਚ ਆਸਲ, ਕਰਨਜੀਤ ਸਿੰਘ ਸਰਪੰਚ ਭੱਗੂਪੁਰ ਹਵੇਲੀਆਂ, ਇੰਜੀ ਗੁਰਦੀਪ ਸਿੰਘ ਸੋਹਲ, ਰਣਜੀਤ ਸਿੰਘ ਮਾਹਲਾ, ਬਲਜਿੰਦਰ ਸਿੰਘ ਮਲਹਾਰ, ਜੱਜ ਸਿੰਘ ਮਾਲੜਾ, ਕਰਨ ਕਪੂਰ, ਧਰਮਵੀਰ ਸਿੰਘ, ਸੁਰਿੰਦਰਪਾਲ ਸਿੰਘ ਬਿੱਟੂ ਧਨੋਆਂ, ਗੁਰਬੀਰ ਸਿੰਘ ਗਲੈਡੀ ਮੰਡ, ਨਛੱਤਰ ਸਿੰਘ ਭੁੱਲਰ, ਮਨਦੀਪ ਸਿੰਘ ਉਦੇ, ਵਿਨੋਦ ਧਵਨ ਸਮੇਤ ਅਧਿਆਪਕ ਅਤੇ ਕਲਾਂ ਪ੍ਰੇਮੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜ਼ਪੁਰ ਨੇ ਸ਼ਹੀਦ ਭਗਤ ਸਿੰਘ ਦਾ ਮਨਾਇਆ ਸ਼ਹੀਦੀ ਦਿਵਸ



ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜ਼ਪੁਰ ਨੇ ਡਾ ਅਨਿਲ ਬਾਗੀ ਪਾਰਕ ਨੇੜੇ ਬਾਬਾ ਨਾਮ ਚੌਕ ਫਿਰੋਜ਼ਪੁਰ ਸ਼ਹਿਰ ਵਿਖੇ ਦੀਵਾਨ ਚੰਦ ਸਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਪ੍ਰਵੀਨ ਕੁਮਾਰ ਧਵਨ ਜਨਰਲ ਸਕੱਤਰ ਦੀ ਅਗਵਾਈ ਹੇਠ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਵਸ ਸ਼ਰਧਾਪੂਰਕ ਮਨਾਇਆ। ਇਸ ਸਮੇਂ ਰਮੇਸ਼ ਕੁਮਾਰ ਬਜਾਜ, ਰਾਮ ਕਿਸ਼ੋਰ, ਪੁਸ਼ਪਲਤਾ, ਸਰਬ ਹਤੈਸ਼ੀ ਭਾਟੀਆ, ਜੋਗਿੰਦਰ ਕੌਰ, ਦੇਸ਼ ਰਾਜ ਸ਼ਰਮਾ, ਜਸਵਿੰਦਰ ਕੌਰ ਬੇਰੀ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਇਸ ਸਮੇਂ ਬੋਲਦਿਆਂ ਪ੍ਰਵੀਨ ਕੁਮਾਰ ਧਵਨ ਜਨਰਲ ਸਕੱਤਰ ਨੇ ਸ਼ਹੀਦ ਭਗਤ ਸਿੰਘ ਦੀ ਸ਼ਹੀਦੀ ਬਾਰੇ ਭਰਪੂਰ ਜਾਣਕਾਰੀ ਦਿੱਤੀ। ਦੀਵਾਨ ਚੰਦ ਸੁਖੀਜਾ ਚੇਅਰਮੈਨ ਤੇ ਕਿਸ਼ਨ ਚੰਦ ਜਾਗੋਵਾਲੀਆ ਨੇ ਸਰਦਾਰ ਭਗਤ ਸਿੰਘ ਦੇ ਪਾਏ ਪੂਰਨਿਆਂ ਤੇ ਚੱਲਣ ਦੀ ਅਪੀਲ ਕੀਤੀ। ਰਮੇਸ਼ ਕੁਮਾਰ ਬਜਾਜ ਨੇ ਆਏ ਹੋਏ ਸੁਸਾਇਟੀ ਮੈਂਬਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਰੋਸ ਧਰਨੇ ਦੇ ਸਮੂਹ ਪੰਜਾਬ ਵਾਸੀ ਪਹੁੰਚਣ—ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ

ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨ ਦੀ ਬਹਾਲੀ ਲਈ 28 ਮਾਰਚ ਨੂੰ ਭਾਰੀ ਗਿਣਤੀ ਵਿਚ ਰੋਸ ਧਰਨੇ ਵਿਚ ਪਹੁੰਚੋ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਦੱਸਿਆ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਯਾਦਾ ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਰੋਸ ਧਰਨਾ 28 ਮਾਰਚ ਦਿਨ ਸ਼ੁਕਰਵਾਰ ਨੂੰ ਸ: ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮਹਾਂਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਦੇਖ ਰੇਖ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਪੰਜਾਬ ਭਰ ਤੋਂ ਭਾਰੀ ਗਿਣਤੀ ਵਿਚ ਸੰਗਤਾਂ, ਮਹਾਂਪੁਰਸ਼ ਪਹੁੰਚ ਰਹੇ ਹਨ ਤਾਂ ਜ਼ੋ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ੍ਹ ਸਾਹਿਬ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਤਖਤ ਸਾਹਿਬਾਨਾਂ ਦੇ ਜਥੇਦਾਰ ਵਜੋਂ ਤੁਰੰਤ ਸੇਵਾ ਸੰਭਾਲ ਮੁੜ ਸੌਂਪ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਦੀ ਪੰਥ ਦੀਆਂ ਭਾਵਨਾਵਾਂ ਦਾ ਸਤਿਕਾਰ ਕਰੇ। ਜੇਕਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦ ਅੰਤਰਿੰਗ ਕਮੇਟੀ ਆਪਣੇ ਅੜੀਅਲ ਵਤੀਰੇ ਤੇ ਰਹੀ ਤਾਂ ਸਿੱਖ ਪੰਥ ਤੁਹਾਨੂੰ ਕਦੇ ਵੀ ਮੁਆਫ ਨਹੀਂ ਕਰੇਗਾ। ਭਾਈ ਸਾਹਿਬ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਪੰਜਾਬ ਭਰ ਦੀਆਂ ਸੰਗਤਾਂ, ਸੰਤ ਸਮਾਜ ਅਤੇ ਹੋਰ ਧਾਰਮਿਕ ਜਥੇਬੰਦੀਆਂ, ਸਮੁੱਚੇ ਪੰਥ ਨੂੰ ਅਪੀਲ ਕੀਤੀ ਕਿ ਬਹੁਤ ਭਾਰੀ ਗਿਣਤੀ ਵਿਚ ਇਸ ਰੋਸ ਧਰਨੇ ਤੇ ਪਹੁੰਚੇ।



## ਸਾਬਕਾ ਸੈਨਿਕ ਸੰਘਰਸ਼ ਕਮੇਟੀ ਨੇ ਸੰਘਰਸ਼ ਕਰਕੇ ਦਿੱਤਾ ਮੰਗ ਪੱਤਰ




ਫ਼ਿਰੋਜ਼ਪੁਰ, 24 ਮਾਰਚ (ਮਨੋਹਰ ਲਾਲ) :— ਜ਼ਿਲ੍ਹਾ ਫਿਰੋਜ਼ਪੁਰ ਦੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਸਾਰੇ ਸਾਬਕਾ ਸੈਨਿਕਾਂ ਵੱਲੋਂ ਇਕੱਠੇ ਹੋ ਕਿ ਫਿਰੋਜ਼ਪੁਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਧੀਨ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ ਦੀ ਹਾਜਰੀ ਵਿੱਚ ਮੈਂਰੰਡਮ ਦੇਸ਼ ਦੇ ਰਾਸ਼ਟਰਪਤੀ ਸ੍ਰੀਮਤੀ ਦਰੋਪਤੀ ਮੁਰਮੂ ਅਤੇ ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਭੇਜਣ ਵਾਸਤੇ ਦਿੱਤਾ ਗਿਆ। ਗੱਲਬਾਤ ਕਰਦਿਆਂ ਸਾਬਕਾ ਸੈਨਿਕ ਰਿਟਾ ਕਰਨਲ ਕਸ਼ਮੀਰ ਸਿੰਘ, ਰਿਟਾ ਕਰਨਲ ਜੇਪੀ ਸਿੰਘ ਭੁੱਲਰ, ਕੈਪਟਨ ਚਰਨ ਸਿੰਘ ਕੀਰਤੀ ਚੱਕਰ, ਕਮੇਟੀ ਚੇਅਰਮੈਨ, ਕੈਪਟਨ ਜਰਨੈਲ ਸਿੰਘ ਕਮੇਟੀ ਪ੍ਰਧਾਨ, ਹਵਾਲਦਾਰ ਲਖਬੀਰ ਸਿੰਘ ਜਰਨਲ ਸਕੱਤਰ ਨੇ ਕਿਹਾ ਕਿ ਜੋ ਕਿ ਕੁੱਝ ਦਿਨ ਪਹਿਲਾਂ ਪਟਿਆਲਾ ਵਿਖੇ ਫੌਜ ਦੇ ਮੌਜੂਦਾ ਕਰਨਲ ਅਤੇ ਉਸ ਦੇ ਬੇਟੇ ਦੀ ਕੁੱਟਮਾਰ ਕੀਤੀ ਗਈ ਸੀ ਉਸ ਦੇ ਸਬੰਧ ਵਿੱਚ ਦੋਸ਼ੀਆ ਦੇ ਖਿਲਾਫ ਜਲਦ ਤੋਂ ਜਲਦ ਕਾਰਵਾਈ ਕਰਨ ਵਾਸਤੇ ਲਿਖਿਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




# ਤਲਵੰਡੀ ਸਾਬੋ ਦੇ ਮਾਲਵਾ ਵੈਲਫੇਅਰ ਕਲੱਬ ਵੱਲੋਂ ਖਿਡਾਰੀਆਂ ਨੂੰ ਵੰਡਿਆ ਖੇਡਾਂ ਦਾ ਸਮਾਨ

**ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)**- ਮਾਲਵਾ ਵੈੱਲਫੇਅਰ ਕਲੱਬ ਤਲਵੰਡੀ ਸਾਬੋ ਵੱਲੋਂ ਸਥਾਨਕ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਦੇ ਗਰਾਊਂਡ ’ਚ ਖੇਡਦੇ ਖਿਡਾਰੀਆਂ ਨੂੰ ਬਾਲੀਵਾਲ, ਨੈੱਟ, ਬਾਸਕਿਟਬਾਲ ਆਦਿ ਸਮਾਨ ਵੰਡਿਆ ਗਿਆ। ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਬਰਾੜ ਅਤੇ ਪ੍ਰਧਾਨ ਗਗਨਦੀਪ ਸਿੰਘ ਹੈਪੀ ਗੋਦਾਰਾ ਨੇ ਕਿਹਾ ਕਿ ਯੁਵਕ ਸੇਵਾਵਾਂ ਵਿਭਾਗ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤਲਵੰਡੀ ਸਾਬੋ ਦੇ ਵੱਖ-ਵੱਖ ਖੇਡਾਂ ਦੇ ਖਿਡਾਰੀਆਂ ਨੂੰ ਕਲੱਬ ਵੱਲੋਂ ਇਹ ਖੇਡਾਂ ਦਾ ਸਮਾਨ ਮੁੱਹਈਆ ਕਰਾਇਆ ਗਿਆ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਕੇ ਖੇਡ ਦੇ ਮੈਦਾਨਾਂ ਵਿੱਚ ਲਿਆਂਦਾ ਜਾ ਸਕੇ। ਕਲੱਬ ਚੇਅਰਮੈਨ ਸ਼ੇਖਰ ਤਲਵੰਡੀ ਅਤੇ ਕਲੱਬ ਸਕੱਤਰ ਜਗਨਦੀਪ ਸਿੰਘ ਨੇ ਕਿਹਾ ਕਿ ਅਸੀਂ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੇ ਉਪਰਾਲੇ ਕਰਦੇ ਰਹਾਂਗੇ। ਇਸ ਦੌਰਾਨ ਕਲੱਬ ਖਜਾਨਚੀ ਮਨਦੀਪ ਸਿੰਘ, ਪ੍ਰੈਸ ਸਕੱਤਰ ਵਿਕਾਸ ਸਿੰਗਲਾ, ਸੋਸ਼ਲ ਮੀਡੀਆ ਇੰਚਾਰਜ ਸ਼ੁਭਦੀਪ ਸਿੰਘ ਤੇ ਮੈਂਬਰ ਅਰਸ਼ਦੀਪ ਸਿੰਘ ਗਿੱਲ, ਸੁਖਵਿੰਦਰ ਸਿੰਘ, ਸੋਨੂੰ ਸਿੰਘ, ਨੱਥਾ ਸਿੰਘ, ਰਜਤ ਕੁਮਾਰ ਹਾਜਰ ਸਨ।




ਤਪ ਅਸਥਾਨ ਨਿਰਮਲ ਕੁਟੀਆ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ
ਧੰਨ ਧੰਨ ਬਾਬਾ ਹਾਕਮ ਸਿੰਘ ਜੀ ਕੁੱਲੀ ਵਾਲਿਆਂ ਦਾ
ਜਨਮ ਦਿਹਾੜੇ ਨੂੰ ਸਮਰਪਿਤ ਮਿੱਠੀ ਯਾਦ ਵਿਚ ਤਪ
ਅਸਥਾਨ ਨਿਰਮਲ ਕੁਟੀਆ ਦਸਮੇਸ਼ ਨਗਰ ਵਿਖੇ
29 ਮਾਰਚ 2025 (16 ਚੇਤਰ) ਸ਼ਨੀਵਾਰ ਨੂੰ
ਮਨਾਇਆ ਜਾ ਰਿਹਾ ਹੈ।ਆਪ ਜੀ ਨੇ ਪਰਿਵਾਰਾਂ ਸਮੇਤ ਸਮਾਗਮਾਂ ਵਿੱਚ
ਹਾਜ਼ਰੀਆਂ ਭਰਨੀਆਂ ਅਤੇ ਮਹਾਂਪੁਰਸ਼ਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।
ਬੇਨਤੀ ਕਰਤਾ: ਇੰਟਰਨੈਸਨਲ ਪੰਥਕ ਦਲ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ipd
ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ
ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ ipd
ਭਾਈ ਮਨਪ੍ਰੀਤ ਸਿੰਘ ਜੀ ਇਕਾਈ ਪ੍ਰਧਾਨ ਦਸਮੇਸ਼ ਨਗਰ
ਆਵਾਜ਼ਿ ਕੌਮ
AWAZE QAUM
International Newspaper & WEB TV

### ਖਾਲਸਾ ਰਾਜ ਦੀ ਸਥਾਪਤੀ ਲਈ ਅਮਰੀਕਾ ਦੇ ਲਾਸ ਏਂਜਲਸ ਵਿੱਚ

# ਜਨਮਤ ਸੰਗ੍ਰਹਿ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ











**ਨਵੀਂ ਦਿੱਲੀ 24 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਅਮਰੀਕਾ ਦੇ ਲਾਸ ਏਂਜਲਸ ਵਿੱਚ ਖਾਲਸਾ ਰਾਜ ਦੀ ਸਥਾਪਤੀ ਲਈ ਚਲ ਲਹਿਰ ਤਹਿਤ ਇੱਕ ਜਨਮਤ ਸੰਗ੍ਰਹਿ ਹੋਇਆ। ਸਿੱਖ ਭਾਈਚਾਰੇ ਨੇ ਇਸ ਅੰਦਰ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਸਨੂੰ ਦਹਾਕਿਆਂ ਦੇ ਕਥਿਤ ਭਾਰਤੀ ਜ਼ੁਲਮ ਤੋਂ ਆਪਣੀ ਲੰਬੇ ਸਮੇਂ ਤੋਂ ਉਡੀਕੀ ਜਾ ਰਹੀ ਆਜ਼ਾਦੀ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ। ਤਕਰੀਬਨ 38 ਹਜਾਰ ਤੋ ਵੱਧ ਵੋਟਾਂ ਪਾਈਆਂ ਗਈਆਂ ਸਨ ਜਿਨ੍ਹਾਂ ਲਈ ਸਿਵਿਕ ਸੈਂਟਰ ਦੇ ਬਾਹਰ ਰਾਤ 1 ਵਜੇ ਤੋ ਹੀ ਲਾਈਨਾਂ ਲੱਗਣੀਆਂ ਸ਼ੁਰੂ ਹੋ ਗਈਆਂ ਸਨ । ਐਸਐਫਜੇ ਵਲੋਂ ਰਾਏਸ਼ੁਮਾਰੀ ਦੀਆਂ ਤਿਆਰੀਆਂ ਪੂਰੇ ਜ਼ੋਰਾਂ 'ਤੇ ਹਨ, ਸਿੱਖ ਕਾਰਕੁਨ ਇਸਨੂੰ ਇੱਕ ਸੁਤੰਤਰ ਖਾਲਿਸਤਾਨ ਦੀ ਸਥਾਪਨਾ ਲਈ ਆਪਣੇ ਸੰਘਰਸ਼ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਮੰਨ ਰਹੇ ਹਨ। ਜਿਕਰਯੋਗ ਹੈ ਕਿ ਕੈਨੇਡੀਅਨ ਨਾਗਰਿਕ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਇੱਕ ਵੱਖਰੇ ਸਿੱਖ ਵਤਨ ਦੀ ਵਕਾਲਤ ਕਰਨ ਵਾਲੀ ਇਸ ਲਹਿਰ ਨੇ ਤੇਜ਼ੀ ਫੜ ਲਈ ਹੈ। ਜਾਂਚਾਂ ਨੇ ਭਾਰਤ ਦੀ ਖੁਫੀਆ ਏਜੰਸੀ, ਰਾਅ, ਦੀ ਉਸਦੀ ਹੱਤਿਆ ਵਿੱਚ ਸ਼ਮੂਲੀਅਤ ਵੱਲ ਇਸ਼ਾਰਾ ਕੀਤਾ ਹੈ, ਜਿਸ ਨਾਲ ਕੈਨੇਡਾ ਅਤੇ ਭਾਰਤ ਵਿਚਕਾਰ ਸਬੰਧ ਹੋਰ ਤਣਾਅਪੂਰਨ ਹੋ ਗਏ ਹਨ। ਵਿਦੇਸ਼ਾਂ ਵਿੱਚ ਸਿੱਖ ਆਗੂਆਂ ਦੀਆਂ ਨਿਸ਼ਾਨਾ ਬਣਾ ਕੇ ਕੀਤੀਆਂ ਗਈਆਂ ਹੱਤਿਆਵਾਂ ਨੇ ਭਾਰਤ ਦੀ ਵਿਸ਼ਵਵਿਆਪੀ ਸਾਖ ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ, ਜਿਸ ਵਿੱਚ ਕਈਆਂ ਨੇ ਵਿਦੇਸ਼ੀ ਕਾਰਵਾਈਆਂ ਵਿੱਚ ਇਸਦੀ ਕਥਿਤ ਸ਼ਮੂਲੀਅਤ 'ਤੇ ਸਵਾਲ ਉਠਾਏ ਹਨ। ਵਿਸ਼ਲੇਸ਼ਕਾਂ ਦਾ ਤਰਕ ਹੈ ਕਿ ਭਾਰਤ ਦਾ ਵਿਦੇਸ਼ੀ ਅੱਤਵਾਦ ਵਿੱਚ ਸ਼ਾਮਲ ਹੋਣ ਦਾ ਇਤਿਹਾਸ ਰਿਹਾ ਹੈ, ਅਤੇ ਜਨਮਤ ਸੰਗ੍ਰਹਿ ਇੱਕ ਸੰਦੇਸ਼ ਵਜੋਂ ਕੰਮ ਕਰਦਾ ਹੈ ਕਿ ਸਿੱਖ, ਭਾਵੇਂ ਉਹ ਦੁਨੀਆ ਵਿੱਚ ਕਿਤੇ ਵੀ ਹੋਣ, ਸਵੈ-ਨਿਰਣੇ ਦੀ ਆਪਣੀ ਖੋਜ ਵਿੱਚ ਦ੍ਰਿੜ ਰਹਿੰਦੇ ਹਨ। ਵਧਦੀ ਅੰਤਰਰਾਸ਼ਟਰੀ ਜਾਂਚ ਦੇ ਵਿਚਕਾਰ, ਭਾਰਤ ਵਿੱਚ ਧਾਰਮਿਕ ਘੱਟ ਗਿਣਤੀਆਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਵਧਦੀਆਂ ਜਾ ਰਹੀਆਂ ਹਨ। ਸਿੱਖ ਹੋਣ ਜਾਂ ਮੁਸਲਿਮ, ਬਹੁਤ ਸਾਰੇ ਲੋਕ ਮੰਨਦੇ ਹਨ ਕਿ ਘੱਟ ਗਿਣਤੀਆਂ ਨੂੰ ਦੇਸ਼ ਦੇ ਅੰਦਰ ਵਧਦੇ ਖ਼ਤਰਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰਾਏਸ਼ੁਮਾਰੀ ਤੋਂ ਇੱਕ ਮਜ਼ਬੂਤ ਸੰਦੇਸ਼ ਜਾਣ ਦੀ ਉਮੀਦ ਹੈ ਕਿ ਸਿੱਖ ਭਾਈਚਾਰਾ ਇੱਕ ਸੁਤੰਤਰ ਵਤਨ ਦੀ ਪ੍ਰਾਪਤੀ ਲਈ ਇੱਕਜੁੱਟ ਹੈ। ਵੱਖ ਵੱਖ ਦੇਸ਼ਾਂ ਤੋ ਭਾਰੀ ਗਿਣਤੀ ਅੰਦਰ ਸਿੱਖ ਕਾਰਕੁਨ੍ਹਾਂ ਨੇ ਇਸ ਜਨਮਤ ਸੰਗ੍ਰਹਿ ਵਿਚ ਸੇਵਾ ਨਿਭਾਈ ਸੀ ਜਿਨ੍ਹਾਂ ਵਿਚ ਕੈਨੇਡਾ ਤੋ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖਾਲਸਾ ਸਮੇਤ ਬਹੁਤ ਸਾਰੇ ਸਿੱਖ ਨੇਤਾ ਵੀਂ ਪਹੁੰਚੇ ਹੋਏ ਸਨ । ਜਨਮਤ ਸੰਗ੍ਰਹਿ ਕਰਵਾਣ ਵਾਲੇ ਪ੍ਰਬੰਧਕਾਂ ਨੇ ਅਗਲੀ ਵੋਟਿੰਗ ਅਮਰੀਕਾ ਦੇ ਵਾਸ਼ਿੰਗਟਨ ਡੀ ਸੀ ਵਿਖ਼ੇ 17 ਅਗਸਤ ਨੂੰ ਰਖੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### *ਨਵੀਂ ਪਨੀਰੀ ਨੂੰ ਮਾਂ ਬੋਲੀ ਪ੍ਰਤੀ ਜਾਗਰੂਕ ਕਰਨ ਲਈ ਅਹਿਮ ਉਪਰਾਲਾ

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਭਾ ਦੇ 12 ਸਾਂਝੇ ਕਾਵਿ ਸੰਗ੍ਰਹਿ ਗੁਰੂ ਤੇਗ ਬਹਾਦਰ ਖਾਲਸਾ ਸਕੂਲ ਦੀ ਲਾਇਬਰੇਰੀ ਲਈ ਭੇਟ

**ਚੌਕ ਮਹਿਤਾ, 24 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਪਿਛਲੇ 40 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਕਾਰਜਸ਼ੀਲ ਸਾਹਿਤਕ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਇਕ ਅਹਿਮ ਮੀਟਿੰਗ ਸਭਾ ਦੇ ਬਾਨੀ ਸੰਸਥਾਪਕ ਮਰਹੂਮ ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਲਾਇਬਰੇਰੀ, ਬਾਬਾ ਬਕਾਲਾ ਸਾਹਿਬ ਵਿਖੇ ਸ: ਸੁਖਦੇਵ ਸਿੰਘ ਭੁੱਲਰ ਸਾਬਕਾ ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ ਦੀ ਅਗਵਾਈ ਹੇਠ ਹੋਈ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਰਾਜਨ ਨੇ ਦੱਸਿਆ ਕਿ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਇਕ ਹੋਰ ਨਿਵੇਕਲਾ ਉਪਰਾਲਾ ਕਰਦਿਆਂ ਸਭਾ ਵੱਲੋਂ ਪਿਛਲੇ ਸਮੇਂ ਦੌਰਾਨ ਵੱਖ-ਵੱਖ ਸਮੇਂ ਦੌਰਾਨ ਪ੍ਰਕਾਸ਼ਿਤ 12 ਸਾਂਝੀਆਂ ਕਾਵਿ ਪੁਸਤਕਾਂ ਨੂੰ ਵੱਖ-ਵੱਖ ਸਕੂਲਾਂ ਦੀਆਂ ਲਾਇਬਰੇਰੀਆਂ ਵਿੱਚ ਭੇਟ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਤਾਂ ਜੋ ਨਵੀਂ ਪਨੀਰੀ ਨੂੰ ਪੰਜਾਬੀ ਮਾਂ ਬੋਲੀ ਪ੍ਰਤੀ ਜਾਗਰੂਕ ਕੀਤਾ ਜਾ ਸਕੇ । ਇਸ ਮੌਕੇ ਇਸ ਕਾਰਜ ਦੀ ਰਸਮੀਂ ਸ਼ੁਰੂਆਤ ਕਰਦਿਆਂ ਅੱਜ ਸਭਾ ਵੱਲੋਂ ਗੁਰੂ ਤੇਗ ਬਹਾਦਰ ਖਾਲਸਾ ਸੀਨੀ: ਸੈ: ਸਕੂਲ, ਬਾਬਾ ਬਕਾਲਾ ਸਾਹਿਬ ਵਿਖੇ ਸਕੂਲ ਦੇ ਪ੍ਰਿੰਸੀਪਲ ਸ: ਦਿਲਬਾਗ ਸਿੰਘ ਮਾਨ ਨੂੰ ਉਕਤ ਪੁਸਤਕਾਂ ਸਕੂਲ ਦੀ ਲਾਇਬਰੇਰੀ ਲਈ ਭੇਟ ਕੀਤੀਆਂ ਗਈਆਂ । ਇਨ੍ਹਾਂ ਪੁਸਤਕਾਂ ਵਿੱਚ "ਕਾਵਿ ਸਾਂਝਾਂ" "ਕਲਮਾਂ ਦੀ ਲੋਅ" "ਜੁਗਨੂੰਆਂ ਦੇ ਅੰਗ ਸੰਗ" "ਕਾਵਿ ਸੁਨੇਹੇ" "ਸਮੇਂ ਦੇ ਨਕਸ਼" "ਹਿੰਦ ਦੀ ਚਾਦਰ" "ਧਨੁ ਲਿਖਾਰੀ ਨਾਨਕਾ÷, "ਜੰਗ ਜਿੱਤਾਂਗੇ ਜਰੂਰ" "ਕਲਮਾਂ ਦਾ ਕਾਫਲਾ" "ਕਲਮਾਂ ਦੀ ਪ੍ਰਵਾਜ਼" "ਰੂਹਾਂ ਦਾ ਸਫਰ" "ਤਰਕ ਤੇ ਤਕਰਾਰ" "ਤੈਨੂੰ ਫਿਰ ਦੱਸਾਂਗੇ" ਅਤੇ "ਉਡਾਣ" ਆਦਿ ਪੁਸਤਕਾਂ ਸ਼ਾਮਿਲ ਹਨ । ਸਕੂਲ ਦੇ ਪ੍ਰਿੰਸੀਪਲ ਸ: ਦਿਲਬਾਗ ਸਿੰਘ ਮਾਨ ਨੇ ਸਭਾ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ, ਇਤਿਹਾਸਕ ਨਗਰ ਬਾਬਾ ਬਕਾਲਾ ਸਾਹਿਬ ਵਿਖੇ ਨਿਰੰਤਰ ਸਾਹਿਤਕ ਸਰਗਰਮੀਆਂ ਜਾਰੀ ਰੱਖਣ ਲਈ ਸਭਾ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਅਤੇ ਸਭਾ ਦੇ ਅਹੁਦੇਦਾਰਾਂ ਨੂੰ ਜੀ ਆਇਆਂ ਕਿਹਾ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਕਾਰਜਕਾਰੀ ਮੈਂਬਰ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸਕੱਤਰ ਮਾ: ਨਵਦੀਪ ਸਿੰਘ ਬਦੇਸ਼ਾ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ. ਬਲਾਕ ਰਈਆ, ਸੁਖਦੇਵ ਸਿੰਘ ਭੁੱਲਰ ਸਾਬਕਾ ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਡਾ: ਕੁਲਵੰਤ ਸਿੰਘ ਬਾਠ ਸਾ: ਸੀਨੀਅਰ ਵੈਟਰਗੀ ਅਫਸਰ, ਮੈਡਮ ਸੁਖਵੰਤ ਕੌਰ ਵੱਸੀ (ਪ੍ਰਧਾਨ ਮਹਿਲਾ ਵਿੰਗ), ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ, ਮਾ: ਅਮਰਜੀਤ ਸਿੰਘ ਘੁੱਕ, ਮਨਜੀਤ ਸਿੰਘ ਕੰਬੋ ਅਤੇ ਹੋਰ ਹਾਜ਼ਰ ਸਨ ।




ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਐਸ.ਪੀ ਬਰਨਾਲਾ ਨੇ ਸਮਾਜ ਸੇਵੀ ਜੱਸੀ ਭਾਨ ਸਿੰਘ ਜੱਸੀ ਅਤੇ ਬੱਚਿਆਂ ਦਾ ਕੀਤਾ ਸਨਮਾਨ

## ਜੋਗੀਨਾਥਾਂ ਦੀਆਂ ਧੀਆਂ ਨੇ ਗੀਤ ਪੇਸ਼ ਕਰਕੇ ਲੋਕਾਂ ਦਾ ਜਿੱਤਿਆ ਦਿਲ




**ਬਰਨਾਲਾ ( ਰਣਜੀਤ ਸਿੰਘ ਪੇਧਨੀ)**-ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ (ਪੰਜਾਬ ) ਵੱਲੋਂ ਬਰਨਾਲਾ ਦੇ ਕਪਲ ਪੈਲਸ ਵਿੱਚ ਸੀਨੀ: ਪੱਤਰਕਾਰ ਜਗਸੀਰ ਸਿੰਘ ਸੰਧੂ , ਨਿਰਮਲ ਸਿੰਘ ਪੰਡੋਰੀ , ਰਵਿੰਦਰ ਰਵੀ ਆਦਿ ਆਗੂਆਂ ਦੀ ਅਗਵਾਈ ਵਿੱਚ ਪੱਤਰਕਾਰਤਾ ਦੇ ਵਿਸ਼ੇ ਉੱਤੇ ਪ੍ਰਭਾਵਸ਼ਾਲੀ ਸੈਮੀਨਾਰ ਕਰਵਾਇਆ ਗਿਆ, ਪੰਜਾਬ ਪੱਧਰ ਦੇ ਆਗੂਆਂ ਅਤੇ ਹੋਰਨਾਂ ਵਰਗਾਂ ਦੇ ਨੁਮਾਇਦਿਆਂ ਨੇ ਪੱਤਰਕਾਰਾਂ ਦੀਆਂ ਮੁਸ਼ਕਲਾਂ ਦੇ ਸੰਬੰਧ ਵਿੱਚ ਖੂਬ ਚਰਚਾ ਕੀਤੀ, ਇਸ ਮੌਕੇ ਉੱਘੇ ਚਿੰਤਕ ਡਾ: ਪਿਆਰੇ ਲਾਲ ਗਰਗ , ਸ੍ਰੀ ਟੀ. ਬੈਨਿਥ ,ਆਈ.ਐਸ .ਡਿਪਟੀ ਕਮਿਸ਼ਨਰ ਬਰਨਾਲਾ , ਸ੍ਰੀ ਮੁਹੰਮਦ ਸਰਫਰਾਜ ਆਲਮ (ਆਈ.ਪੀ.ਐਸ ) ਐਸ.ਐਸ.ਪੀ ਬਰਨਾਲਾ , ਪੱਤਰਕਾਰ ਯੂਨੀਅਨ ਦੇ ਸੂਬਾ ਪ੍ਰਧਾਨ ਬਲਬੀਰ ਜੰਡੂ , ਸੀਨੀਅਰ ਪੱਤਰਕਾਰ ਜੈ . ਸਿੰਘ ਛਿੱਬਰ ਆਦਿ ਆਗੂਆਂ ਅਤੇ ਵਿਦਵਾਨਾਂ ਨੇ ਆਪਣੇ ਵਿਚਾਰ ਪੇਸ਼ ਕੀਤੇ, ਇਸ ਮੌਕੇ ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਪੜ੍ਹਦੀਆਂ ਝੁੱਗੀਆਂ ਵਿੱਚ ਰਹਿੰਦੀਆਂ ਧੀਆਂ ਪੂਜਾ ਅਤੇ ਸ਼ਾਲੂ ਵੱਲੋਂ ਗੀਤ ਪੇਸ਼ ਕਰਕੇ ਸੈਮੀਨਾਰ ਵਿੱਚ ਸ਼ਾਮਿਲ ਹੋਏ ਸੈਂਕੜੇ ਲੋਕਾਂ ਦੇ ਦਿਲ ਜਿੱਤ ਕੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਨ ਵਿੱਚ ਕਾਮਯਾਬੀ ਹਾਸਿਲ ਕੀਤੀ, ਅੰਤ ਵਿੱਚ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਬਰਨਾਲਾ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਦੇ ਸਨਮਾਨ ਕਰਨ ਦੀ ਕੜੀ ਵਜੋਂ ਉੱਘੇ ਸਮਾਜ ਸੇਵੀ ਭਾਨ ਸਿੰਘ ਜੱਸੀ ਅਤੇ ਜੋਗੀ ਨਾਥਾਂ ਦੀਆਂ ਧੀਆਂ ਦਾ ਐਸ.ਐਸ.ਪੀ ਬਰਨਾਲਾ ਸ੍ਰੀ ਮੁਹੰਮਦ ਸਰਫਰਾਜ ਆਲਮ ਅਤੇ ਹੋਰਨਾਂ ਸ਼ਖਸੀਅਤਾਂ ਵੱਲੋਂ ਸਨਮਾਨ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਖੇਤੀਬਾੜੀ ਵਿਭਾਗ ਵੱਲੋਂ ਪਿੰਡ ਭੁੱਲਰਹੇੜੀ ਨਿਵਾਸੀਆਂ ਨੂੰ ਘਰੇਲੂ ਬਗੀਚੀ ਬਾਰੇ ਪ੍ਰੇਰਤ ਕੀਤਾ ਗਿਆ

## ਪਿੰਡ ਬੇਨੜਾ 'ਚ ਕੈਂਪ 27 ਨੂੰ ਅਤੇ ਕਹੇਰੂ ਵਿਖੇ 28 ਨੂੰ ਜਾਗਰੂਕ ਕੈਂਪ ਲਗਾਏ ਜਾਣਗੇ




ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਖੇਤੀਬਾੜੀ ਅਫਸਰ ਧਰਮਿੰਦਰਜੀਤ ਸਿੰਘ ਦੇ ਦਿਸਾ ਨਿਰਦੇਸਾ ਅਤੇ ਡਾਕਟਰ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਯੋਗ ਅਗਵਾਈ ਵਿੱਚ ਬਲਾਕ ਧੂਰੀ ਦੇ ਪਿੰਡ ਭੁੱਲਰਹੇੜੀ ਵਿਖੇ ਘਰੇਲੂ ਬਗੀਚੀ ਦੀ ਜਾਣਕਾਰੀ ਲਈ ਵਿਸ਼ੇਸ਼ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸਰਬਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਹਾ ਕਿ ਘਰੇਲੂ ਬਗੀਚੀ ਲਾਉਣ ਬਾਰੇ ਸਾਨੂੰ ਪੂਰੀ ਜਾਣਕਾਰੀ ਹੋਣੀ ਚਾਹੀਦੀ ਹੈ, ਕਿਉਂਕਿ ਜੇ ਕੋਈ ਬੂਟਾ ਦਿੱਤੀ ਸਲਾਹ ਤੋਂ ਇੱਧਰ ਉਧਰ ਲੱਗ ਜਾਵੇ ਤਾਂ ਸਾਰੇ ਬਗੀਚੇ ਨੂੰ ਖਰਾਬ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਆਉਣ ਵਾਲੇ ਦਿਨਾਂ ਵਿੱਚ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਆਮ ਲੋਕਾਂ ਨੂੰ ਜਾਣਕਾਰੀ ਦੇ ਕੈਂਪ ਲਗਾ ਰਹੇ ਹਾਂ, ਜਿੰਨਾ ਵਿੱਚ ਬਲਾਕ ਧੂਰੀ ਦੇ ਪਿੰਡ ਬੇਨੜਾ ਵਿਖੇ 27/3/25 ਨੂੰ ਅਤੇ ਪਿੰਡ ਕਹੇਰੂ ਵਿਖੇ 28/3/25 ਨੂੰ ਜਾਗਰੂਕ ਕੈਂਪ ਲਗਾਏ ਜਾਣਗੇ ਤਾ ਜੋ ਕਿਸਾਨ ਭਰਾਵਾਂ ਵੱਲੋਂ ਲਗਾਈਗਈ ਬਗੀਚੀ ਚੰਗੀ ਤਰ੍ਹਾਂ ਪ੍ਰਫੁੱਲਤ ਹੋ ਸਕੇ। ਇਸ ਮੌਕੇ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਮੈਡਮ ਮਨਪ੍ਰੀਤ ਕੌਰ ਖੇਤੀਬਾੜੀ ਉਪ ਨਿਰੀਖਕ, ਏ,ਟੀ,ਐਮ, ਮੱਖਣ ਸਿੰਘ, ਏ,ਟੀ,ਐਮ, ਹਰਜੀਤ ਸਿੰਘ ਅਤੇ ਜਗਰਾਜ ਸਿੰਘ ਬੇਲਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਧੋਪੁਰ ਦੇ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਸੰਜੂ ਗੁਪਤਾ, ਚੇਅਰਮੈਨ ਨਰੇਸ਼ ਸ਼ਰਮਾ ਅਤੇ ਸਮੂਹ ਦੁਕਾਨਦਾਰਾਂ ਵਲੋਂ ਮੌਜੂਦਾ ਸਰਕਾਰ ਅੱਗੇ ਕੀਤੀ ਗਈ ਅਪੀਲ

ਪਠਾਨਕੋਟ,24 ਮਾਰਚ (ਵਿਜੇ ਕੁਮਾਰ ਜਿਲੇਦਾਰ ਸੇਵਾਮੁਕਤ ਬਿਉਰੋ ਚੀਫ) ਨਰੇਸ਼ ਸ਼ਰਮਾ ਜੀ ਨੇ ਦੱਸਿਆ ਕਿ ਨਹਿਰ ਵਿਭਾਗ ਵਲੋਂ ਆਏ ਨੋਟਿਸ ਨਾਲ ਦੁਕਾਨਦਾਰ ਆਪਣੇ ਘਰਾਂ ਤੋਂ ਹੋ ਜਾਣਗੇ ਬੇਘਰ। ਉਹਨਾਂ ਨੇ ਦੱਸਿਆ ਕਿ 50, 60 ਸਾਲਾਂ ਤੋਂ ਅਸੀਂ ਦੁਕਾਨਾਂ ਚਲਾਉਂਦੇ ਆ ਰਹੇ ਹਾਂ । ਇਸ ਨੋਟਿਸ ਨਾਲ ਅਸੀਂ ਸਾਰੇ ਰੋਜੀ ਰੋਟੀ ਤੋਂ ਮੁਹਤਾਜ ਹੋ ਜਾਵਾਂਗੇ। ਉਹਨਾਂ ਨੇ ਨਹਿਰ ਵਿਭਾਗ ਦੇ ਸੀਨੀਅਰ ਅਫਸਰਾਂ ਅਤੇ ਮੌਜੂਦਾ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸਾਨੂੰ ਆਪਣੀ ਦੁਕਾਨਾਂ ਤੋਂ ਬੇਘਰ ਨਾ ਕੀਤਾ ਜਾਵੇ। ਉਹਨਾਂ ਨੇ ਦੱਸਿਆ ਕਿ ਜਿੱਦਾਂ ਸਾਡੇ ਕੋਲ ਪਹਿਲੇ ਕਿਰਾਇਆ ਲਿਆ ਜਾਂਦਾ ਸੀ ਉਦਾਂ ਹੀ ਸਾਡੇ ਕੋਲ ਹੁਣ ਵੀ ਕਿਰਾਇਆ ਲਿਆ ਜਾਏ। ਇਹਨਾਂ ਦੁਕਾਨਾਂ ਦੇ ਕਾਰੋਬਾਰ ਕਰਕੇ ਸਾਡੇ ਨਾਲ ਗਰੀਬ ਲੋਕ ਵੀ ਆਪਣੀ ਰੋਜੀ ਰੋਟੀ ਲਈ ਜੁੜੇ ਹੋਏ ਹਨ। ਇਸ ਮੌਕੇ ਤੇ ਅਸਵਨੀ ਗੁਪਤਾ, ਮਨੀਸ਼ ਬਜਾਜ,ਡੀਪੀ ਦੀਵਾਨ, ਨਰੇਸ਼ ਕੁਮਾਰ. ਸੁਰਿੰਦਰ ਗੁਪਤਾ. ਏ ਕੇ ਸ਼ਰਮਾ. ਅਸ਼ੋਕ ਕੁਮਾਰ, ਸਤਬੀਰ ਐਡਵੋਕੇਟ, ਹਰਬੰਸ ਲਾਲ, ਰਿੰਕੂ ਭਗਤ, ਸਰਪੰਚ ਅਜੇ, ਦੀਪਕ ਕੁਮਾਰ,ਸਰੀਤਾ ਸਰਪੰਚ,ਬੋਧਰਾਜ, ਲੱਡੀ ਸਰਪੰਚ,ਗੁਰਦਿਆਲ ਸੈਣੀ, ਰਵਿੰਦਰ ਤਲਵਾਰ, ਬਲਵਿੰਦਰ ਦੀਵਾਨ, ਚਕੀ ਸਤਦੇਵ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਣ ’ਤੇ

# ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਖੁਦ ਨੋਟਿਸ ਲੈ ਕੇ ਕੀਤੀ ਜਾਵੇਗੀ ਸਖ਼ਤ ਕਾਰਵਾਈ: ਜਥੇਦਾਰ ਕੁਲਦੀਪ ਸਿੰਘ ਗੜਗੱਜ



**ਨਵੀਂ ਦਿੱਲੀ, 24 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਲੁਧਿਆਣਾ ਦੇ ਪੁਰਾਣੀ ਸਬਜੀ ਮੰਡੀ ਇਲਾਕੇ ’ਚ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਸਮੂਹ ਸਿੰਘ ਸਭਾਵਾਂ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਇੱਕ ਵਿਸ਼ੇਸ਼ ਗੁਰਮਤਿ ਸਮਾਗਮ ਦੌਰਾਨ ਸਨਮਾਨ ਕੀਤਾ ਗਿਆ, ਜਿਥੇ ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਸਬੰਧ ਵਿੱਚ ਅਹਿਮ ਐਲਾਨ ਕੀਤਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਿੱਖ ਸੰਸਥਾਵਾਂ ਅੱਜ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਹੋ ਰਹੀਆਂ ਬੇਅਦਬੀਆਂ ਨੂੰ ਲੈ ਕੇ ਬੇਹੱਦ ਚਿੰਤਤ ਹੈ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਕਿਤੇ ਵੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਵਿੱਚ ਕਮੀ ਆਉਂਦੀ ਹੈ ਅਤੇ ਬੇਅਦਬੀ ਦੀ ਕੋਈ ਘਟਨਾ ਵਾਪਰਦੀ ਹੈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਉਸ ਉੱਤੇ ਖੁਦ ਨੋਟਿਸ ਲੈ ਕੇ ਸਖ਼ਤ ਕਾਰਵਾਈ ਕਰੇਗਾ। ਉਨ੍ਹਾਂ ਸਪਸ਼ਟ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬੇਅਦਬੀ ਦੇ ਮਾਮਲੇ ਵਿੱਚ ਭਾਵੇਂ ਸ਼ਿਕਾਇਤ ਆਵੇ ਜਾਂ ਨਾ, ਪਰ ਘਟਨਾ ਵਾਪਰਨ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਆਪ ਕਾਰਵਾਈ ਅੱਗੇ ਵਧਾਏਗਾ। ਉਨ੍ਹਾਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਵੀ ਗੁਰੂ ਸਾਹਿਬ ਦੇ ਸਤਿਕਾਰ ਅਤੇ ਮਾਣ ਮਰਯਾਦਾ ਦਾ ਵਿਸ਼ੇਸ਼ ਧਿਆਨ ਰੱਖਣ ਲਈ ਕਿਹਾ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਤੈਅ ਨਿਯਮਾਂ ਦਾ ਸਖ਼ਤੀ ਨਾਲ ਪਾਲਣ ਕਰਨ ਲਈ ਕਿਹਾ। ਜਥੇਦਾਰ ਗੜਗੱਜ ਨੇ ਬੀਤੇ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਚੱਲਦੇ ਸੋਦਰ ਰਹਿਰਾਸ ਸਾਹਿਬ ਦੇ ਪਾਠ ਦੌਰਾਨ ਇੱਕ ਵਿਅਕਤੀ ਵੱਲੋਂ ਜੰਗਲਾ ਟੱਪ ਕੇ ਬੇਅਦਬੀ ਦੇ ਮਾਮਲੇ ਵਿੱਚ ਸਰਕਾਰ ਉੱਤੇ ਸਵਾਲ ਚੁੱਕੇ। ਉਨ੍ਹਾਂ ਪੁੱਛਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਸ ਦੋਸ਼ੀ ਦੀ ਪਛਾਣ ਡੀਐੱਨਏ ਟੈਸਟ ਰਾਹੀਂ ਕਰਵਾਉਣ ਲਈ ਕੀਤੀ ਮੰਗ ਦੇ ਬਾਵਜੂਦ ਹੁਣ ਤੱਕ ਸਰਕਾਰ ਉਸ ਦੀ ਪਛਾਣ ਨਸ਼ਰ ਕਿਉਂ ਨਹੀਂ ਕਰ ਸਕੀ। ਉਨ੍ਹਾਂ ਕਿਹਾ ਕਿ ਸਰਕਾਰ ਉਸ ਵਿਅਕਤੀ ਪਿੱਛੇ ਕੰਮ ਕਰ ਰਹੀਆਂ ਤਾਕਤਾਂ ਨੂੰ ਨਸ਼ਰ ਕਰਨ ਵਿੱਚ ਪੂਰੀ ਤਰ੍ਹਾਂ ਫੇਲ੍ਹ ਹੋਈ ਹੈ। ਉਨ੍ਹਾਂ ਸਮੁੱਚੇ ਪੰਥ ਨੂੰ ਇਸ ਸਬੰਧੀ ਅਵਾਜ਼ ਬੁਲੰਦ ਕਰਨ ਲਈ ਕਿਹਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਮੂਹ ਪੰਥਕ ਜਥੇਬੰਦੀਆਂ ਨੂੰ ਏਕਤਾ ਦਾ ਸੱਦਾ ਦਿੰਦਿਆਂ ਕਿਹਾ ਕਿ ਸਿੱਖ ਸੰਸਥਾਵਾਂ ਨੂੰ ਅੱਜ ਜੋ ਚੁਣੌਤੀਆਂ ਹਨ ਉਨ੍ਹਾਂ ਦਾ ਟਾਕਰਾ ਗੁਰੂ ਦੇ ਇੱਕਜੁੱਟਤਾ ਵਾਲੇ ਸਿਧਾਂਤ ਨਾਲ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਉਹ ਦਿੱਲੀ ਤੋਂ ਆਇਆ ਇੱਕ ਬਿਆਨ ਸੁਣ ਰਹੇ ਸਨ ਕਿ ਸਿੱਖ ਜੇਲ੍ਹ ਅੰਦਰ ਗੁਰਬਾਣੀ ਪੜ੍ਹਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਕੇਵਲ ਜੇਲ੍ਹਾਂ ਵਿੱਚ ਹੀ ਗੁਰਬਾਣੀ ਨਹੀਂ ਪੜ੍ਹਦੇ, ਸਿੱਖ ਤਾਂ ਉਦੋਂ ਵੀ ਗੁਰਬਾਣੀ ਪੜ੍ਹਦੇ ਹਨ ਜਦੋਂ ਉਹ ਚਰਖੜੀਆਂ ਉੱਤੇ ਚਾੜ੍ਹੇ ਜਾਂਦੇ ਹਨ, ਦਿੱਲੀ ਦੇ ਚਾਂਦਨੀ ਚੌਕ ਵਿੱਚ ਜਦੋਂ ਗੁਰੂ ਤੇਗ. ਬਹਾਦਰ ਪਾਤਸ਼ਾਹ ਅਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਨੇ ਸ਼ਹਾਦਤ ਦਿੱਤੀ ਉਦੋਂ ਵੀ ਉਹ ਗੁਰਬਾਣੀ ਹੀ ਪੜ੍ਹ ਰਹੇ ਸਨ। ਉਨ੍ਹਾਂ ਕਿਹਾ ਕਿ ਗੁਰਬਾਣੀ ਸਿੱਖਾਂ ਦਾ ਅਧਾਰ ਅਤੇ ਜੀਵਨ ਹੈ, ਜਿਸ ਤੋਂ ਸਿੱਖ ਨੂੰ ਕਦੇ ਤੋੜਿਆ ਨਹੀਂ ਜਾ ਸਕਦਾ। ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਦਿੱਤੀਆਂ ਜਾ ਰਹੀਆਂ ਚੁਣੌਤੀਆਂ ਦੇ ਮੱਦੇਨਜ਼ਰ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਹੜੇ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੁਰੂ ਨਹੀਂ ਮੰਨਦੇ ਤੇ ਦੇਹਧਾਰੀ ਗੁਰੂ ਡੰਮ ਅੱਗੇ ਨਤਮਸਤਕ ਹੁੰਦੇ ਹਨ ਅਤੇ ਅੰਮ੍ਰਿਤ ਵੀ ਨਹੀਂ ਛਕਦੇ ਅੱਜ ਉਹ ਵੀ ਸਿੱਖ ਸੰਸਥਾ ਦੇ ਵਿਰੋਧ ਦੀ ਗੱਲ ਕਰ ਰਹੇ ਹਨ। ਉਨ੍ਹਾਂ ਸਿੱਖ ਸੰਸਥਾਵਾਂ ਨੂੰ ਚੁਣੌਤੀਆਂ ਦੇ ਮੱਦੇਨਜ਼ਰ ਇੱਕ ਵਾਰ ਫਿਰ ਪੰਥਕ ਏਕਤਾ ਦੀ ਪੁਰਜ਼ੋਰ ਅਪੀਲ ਕੀਤੀ। ਇਸ ਮੌਕੇ ਵੱਖ-ਵੱਖ ਸਿੰਘ ਸਭਾ ਗੁਰਦੁਆਰਾ ਸਾਹਿਬਾਨ ਦੇ ਪ੍ਰਧਾਨ ਹਾਜ਼ਰ ਸਨ ਜਿਨ੍ਹਾਂ ਵਿੱਚ ਸ. ਹੀਰਾ ਸਿੰਘ ਗਾਬੜੀਆ, ਸ. ਮਹੇਸ਼ਿੰਦਰ ਸਿੰਘ ਗਰੇਵਾਲ, ਬਾਬਾ ਅਜੀਤ ਸਿੰਘ, ਸ. ਬਲਵਿੰਦਰ ਸਿੰਘ ਲਾਇਲਪੁਰੀ, ਸ. ਪ੍ਰਿਤਪਾਲ ਸਿੰਘ, ਸ. ਗੁਰਮੀਤ ਸਿੰਘ, ਸ. ਰਣਜੋਧ ਸਿੰਘ, ਸ. ਇੰਦਰਜੀਤ ਸਿੰਘ ਮੱਕੜ, ਸ. ਗੁਰਦੇਵ ਸਿੰਘ, ਸ. ਹਰਪ੍ਰੀਤ ਸਿੰਘ ਬੇਦੀ, ਸ. ਕੁਲਵਿੰਦਰ ਸਿੰਘ ਬੈਨੀਪਾਲ, ਸ. ਜਗਜੀਤ ਸਿੰਘ, ਸ. ਰਖਵਿੰਦਰ ਸਿੰਘ, ਸ. ਚਤਰਵੀਰ ਸਿੰਘ, ਸ. ਰਛਪਾਲ ਸਿੰਘ, ਸ. ਅੰਗਰੇਜ਼ ਸਿੰਘ, ਸ. ਜਸਦੀਪ ਸਿੰਘ, ਸ. ਸੁਰਜੀਤ ਸਿੰਘ, ਬੀਬੀ ਗੁਰਦੀਪ ਕੌਰ, ਸ. ਗੁਰਪ੍ਰੀਤ ਸਿੰਘ ਆਦਿ ਸ਼ਾਮਲ ਸਨ।

**ਜਥੇਦਾਰ ਗੜਗੱਜ ਵੱਲੋਂ ਪੰਥਕ ਏਕਤਾ ਲਈ ਸੱਦਾ, ਕਿਹਾ ਸਿੱਖ ਸੰਸਥਾਵਾਂ ਨੂੰ ਚੁਣੌਤੀਆਂ ਦਾ ਟਾਕਰਾ ਇੱਕਜੁੱਟਤਾ ਨਾਲ ਹੀ ਸੰਭਵ**

ਆਵਾਜ਼ਿ ਕੌਮ AWAZE QAUM International Newspaper & WEB TV

### ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਦੇ ਅਹੁਦੇਦਾਰ

# ਚੰਡੀਗੜ੍ਹ ਧਰਨੇ ਲਈ ਰਵਾਨਾ ਹੋਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਸਮੂਹ ਪੈਨਸ਼ਨਰਾਂ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਮਨਵਾਉਣ ਲਈ ਪੰਜਾਬ ਵਿਧਾਨ ਸਭਾ ਦੇ ਘਿਰਾਓ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਲਈ ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਰਜਿ ਸਬ ਡਵੀਜ਼ਨ ਧੂਰੀ ਵੱਲੋਂ ਯੂਨਿਟ ਦੇ ਪ੍ਰਧਾਨ ਸ੍ਰੀ ਜੈ ਦੇਵ ਸਰਮਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਸਮੂਲੀਅਤ ਕੀਤੀ ਗਈ। ਜਥੇ ਵਿਚ ਪ੍ਰਮੁੱਖ ਤੌਰ ਤੇ ਕੁਲਵੰਤ ਸਿੰਘ ਧੂਰੀ, ਹਰਦੇਵ ਸਿੰਘ ਜਵੰਧਾ, ਜਸਵਿੰਦਰ ਸਿੰਘ ਮੂਲੋਵਾਲ, ਜਗਤਾਰ ਸਿੰਘ ਹਸਨਪੁਰ, ਗਿਰਧਾਰੀ ਲਾਲ, ਤਰਸੇਮ ਮਿੱਤਲ, ਰਣਜੀਤ ਸਿੰਘ ਢੀਡਸਾ, ਸੁਖਦੇਵ ਸਿੰਘ ਖੰਗੂੜਾ, ਸਾਧੂ ਸਿੰਘ ਪੇਧਨੀ, ਰਾਮ ਗੋਪਾਲ ਸ਼ਰਮਾ, ਦਿਆਲ ਸਿੰਘ ਧੂਰਾ, ਭਰਪੂਰ ਸਿੰਘ ਮੀਰਹੇੜੀ, ਇਸ ਬੁੱਧ ਸਿੰਘ, ਕਰਨੈਲ ਸਿੰਘ ਬਰੜਵਾਲ, ਜੀਤ ਸਿੰਘ ਧੰਦੀਵਾਲ, ਪਾਲਾ ਸਿੰਘ ਧੰਦੀਵਾਲ, ਵਿੱਕੀ ਮੂਲੋਵਾਲ, ਬਹਾਦਰ ਸਿੰਘ, ਜਰਨੈਲ ਸਿੰਘ ਮੂਲੋਵਾਲ, ਕਰਮ ਸਿੰਘ ਮਾਨ, ਪ੍ਰੀਤਮ ਸਿੰਘ ਧੂਰਾ, ਜੰਗ ਸਿੰਘ ਬਾਦਸਾਹਪੁਰ, ਹਰਬੰਸ ਸਿੰਘ ਸੋਢੀ, ਅਤੇ ਹਰਚਰਨ ਸਿੰਘ ਲਹਿਰੀ ਸਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਣ ਵਾਲੇ ਅਮਿਤ ਸ਼ਾਹ ਵਲੋਂ ਉਨ੍ਹਾਂ ਨੂੰ ਨਿਸ਼ਾਨਾ ਬਣਾਉਣਾ ਬਹੁਤ ਦੁਖਦਾਈ, ਤੁਰੰਤ ਮੰਗਣ ਮੁਆਫੀ: ਮਨਿੰਦਰ ਸਿੰਘ



ਨਵੀਂ ਦਿੱਲੀ 24 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਬੀਤੇ ਦਿਨੀਂ ਅਮਿਤ ਸ਼ਾਹ ਵਲੋਂ ਦਿੱਤੇ ਗਏ ਬਿਆਨ ’ਤੇ ਸਿੱਖ ਭਾਈਚਾਰੇ ਵਿੱਚ ਗੁੱਸਾ ਵੇਖਣ ਨੂੰ ਮਿਲ ਰਿਹਾ ਹੈ। ਕਈ ਸਿੱਖ ਆਗੂਆਂ ਨੇ ਵੀ ਇਸ ਬਿਆਨ ਦੀ ਸਖ਼ਤ ਨਿੰਦਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਬਿਆਨ ਕਿਸੇ ਵੀ ਕੌਮ ਨੂੰ ਨਿਸ਼ਾਨਾ ਬਣਾਉਣ ਦੇ ਬਰਾਬਰ ਹਨ। ਜਿਕਰਯੋਗ ਹੈ ਬੀਤੇ ਦਿਨੀ ਅਮਿਤ ਸ਼ਾਹ ਨੇ ਕਿਹਾ ਸੀ ਕਿ ਪੰਜਾਬ ਵਿੱਚ ਕਈ ਲੋਕ ਭਿੰਡਰਾਂਵਾਲਾ ਬਣਨਾ ਚਾਹੁੰਦੇ ਹਨ, ਪਰ ਹੁਣ ਉਹ ਅਸਾਮ ਦੀ ਜੇਲ ਵਿੱਚ ਬੈਠ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ ਸ਼ਾਹ ਨੇ ਇਹ ਬਿਆਨ ਵਿਰੋਧੀ ਧਿਰ ਦੇ ਆਗੂ ਅਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਬਾਰੇ ਦਿੱਤਾ ਸੀ। ਮੀਡੀਆ ਨਾਲ ਗੱਲਬਾਤ ਕਰਦਿਆਂ ਕੈਨੇਡਾ ਵਿਚ ਵਿਚਰ ਰਹੇ ਸਮਾਜਸੇਵੀ ਮਨਿੰਦਰ ਸਿੰਘ ਅਤੇ ਉਨ੍ਹਾਂ ਦੀ ਧਰਮਪਤਨੀ ਰੋਜ਼ੀ ਨੇ ਕਿਹਾ ਕਿ ਦੁਨੀਆਂ ਦਾ ਹਰ ਇਨਸਾਨ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਸਿਰ ਝੁਕਾਉਂਦਾ ਹੈ ਕਿਉਕਿ ਗੁਰੂ ਗ੍ਰੰਥ ਸਾਹਿਬ ਜੀ ਦਾ ਉਪਦੇਸ਼ ਮਨੁੱਖੀ ਜੀਵਨ ਜਾਚ ਹੈ ਅਤੇ ਗੌਰ ਕਰਣ ਵਾਲੀ ਗੱਲ ਇਹ ਹੈ ਕਿ ਅਮਿਤ ਸ਼ਾਹ ਵੀਂ ਕਈ ਵਾਰੀ ਗੁਰੂਘਰਾਂ ਵਿਚ ਜਾ ਕੇ ਗੁਰੂ ਸਾਹਿਬ ਅੱਗੇ ਨਤਮਸਤਕ ਹੋ ਕੇ ਆ ਚੁਕਿਆ ਹੈ । ਉਨ੍ਹਾਂ ਵਲੋਂ ਗੁਰੂ ਗ੍ਰੰਥ ਸਾਹਿਬ ਨੂੰ ਨਿਸ਼ਾਨਾ ਬਣਾਉਣਾ ਬਹੁਤ ਦੁਖਦਾਈ ਹੈ ਤੇ ਸਾਡੇ ਸਮੂਹ ਧਾਰਮਿਕ ਰਾਜਸੀ ਨੇਤਾਵਾਂ ਨੂੰ ਇਸ ਦਾ ਵਿਰੋਧ ਕਰਣਾ ਚਾਹੀਦਾ ਹੈ । ਅਮਿਤ ਸ਼ਾਹ ਨੂੰ ਇਸ ਬਿਆਨਬਾਜ਼ੀ ਬਾਰੇ ਸਿੱਖ ਪੰਥ ਕੋਲੋਂ ਮੁਆਫੀ ਮੰਗਣੀ ਚਾਹੀਦੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV


## ਵਿਅਕਤੀ ਨੂੰ ਦਿਮਾਗੀ ਤੌਰ ’ਤੇ ਅਪਾਹਿਜ ਨਹੀਂ ਹੋਣਾ ਚਾਹੀਦਾ: ਸੁਖਵਿੰਦਰ ਕੌਰ ਸਿੱਧੂ



ਸੰਗਰੂਰ ( ਰਣਜੀਤ ਸਿੰਘ ਪੇਧਨੀ ) ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦਾ ਵਿਸ਼ੇਸ਼ ਸਮਾਗਮ ਮਿਤੀ 23 ਮਾਰਚ ਦਿਨ ਐਤਵਾਰ ਨੂੰ ਡਾ: ਇਕਬਾਲ ਸਿੰਘ ਸਕਰੌਦੀ ਦੀ ਪ੍ਰਧਾਨਗੀ ਵਿੱਚ ਲੇਖਕ ਭਵਨ ਸੰਗਰੂਰ ਵਿਖੇ ਹੋਇਆ। ਇਸ ਸਮਾਗਮ ਵਿੱਚ ਉੱਘੀ ਸਾਹਿਤਕਾਰਾ ਸੁਖਵਿੰਦਰ ਕੌਰ ਸਿੱਧੂ (ਕੈਨੇਡਾ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਾਹਿਤਕਾਰਾ ਸੁਖਵਿੰਦਰ ਕੌਰ ਸਿੱਧੂ ਨੇ ਸਾਹਿਤ ਬਾਰੇ ਚਰਚਾ ਕਰਦਿਆਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਦਿਮਾਗੀ ਤੌਰ ’ਤੇ ਅਪਾਹਿਜ਼ ਨਹੀਂ ਹੋਣਾ ਚਾਹੀਦਾ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਡਾ: ਇਕਬਾਲ ਸਿੰਘ ਸਕਰੌਦੀ ਨੇ ਕਿਹਾ ਕਿ ਬੱਚਿਆ ਤੋਂ ਪਹਿਲਾ ਉਨ੍ਹਾਂ ਦੇ ਮਾਪਿਆਂ ਨੂੰ ਆਪਣੇ ਕੰਮ ਪ੍ਰਤੀ ਇਮਾਨਦਾਰ ਹੋਣਾ ਚਾਹੀਦਾ ਹੈ। ਸਮਾਗਮ ਦੇ ਆਰੰਭ ਵਿੱਚ ਉੱਘੇ ਚਿੰਤਕ ਸੁਖਵਿੰਦਰ ਸਿੰਘ ਫੁੱਲ ਨੇ ਕਵਿਤਾ ਦੇ ਮਿਆਰ ਨੂੰ ਉੱਚਾ ਚੁੱਕਣ ਸਬੰਧੀ ਖ਼ੂਬਸੂਰਤ ਵਿਚਾਰ ਪ੍ਰਗਟਾਏ। ਇਸ ਉਪਰੰਤ ਸ਼ਹੀਦ ਭਗਤ ਸਿੰਘ ਨੂੰ ਸਮਰਪਿਤ ਕਵੀ ਦਰਬਾਰ ਹੋਇਆ। ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਇਸ ਇੱਕਤਰਤਾ ਵਿੱਚ ਕਰਮ ਸਿੰਘ ਜ਼ਖ਼ਮੀ, ਸੁਖਵਿੰਦਰ ਸਿੰਘ ਫੁੱਲ, ਰਾਜ ਕੁਮਾਰ ਅਰੋੜਾ, ਸੁਖਵਿੰਦਰ ਸਿੰਘ ਲੋਟੇ, ਰਾਜ ਕੁਮਾਰ ਅਰੋੜਾ, ਕਰਮਜੀਤ ਸਿੰਘ ਸਿੱਧੂ ਕੈਨੇਡਾ, ਸੁਖਵਿੰਦਰ ਕੌਰ ਸਿੱਧੂ ਕੈਨੇਡਾ, ਡਾ: ਇਕਬਾਲ ਸਿੰਘ ਸਕਰੌਦੀ, ਬਹਾਦਰ ਸਿੰਘ ਧੌਲਾ, ਪਵਨ ਕੁਮਾਰ ਹੋਸ਼ੀ, ਗੁਰੀ ਚੰਦੜ, ਕੁਲਵਿੰਦਰ ਸਿੰਘ, ਕਪਿਲ ਬੈਲੇ, ਰਜਿੰਦਰ ਸਿੰਘ ਰਾਜਨ, ਸੁਰਿੰਦਰਪਾਲ ਸਿੰਘ ਸਿਦਕੀ, ਬਲਜਿੰਦਰ ਈਲਵਾਲ, ਕ੍ਰਿਸ਼ਨ ਗੋਪਾਲ, ਸ਼ਿਵ ਕੁਮਾਰ ਅੰਬਾਲਵੀ, ਭੁਪਿੰਦਰ ਨਾਗਪਾਲ, ਸਰਬਜੀਤ ਸੰਗਰੂਰਵੀ, ਦੇਸ਼ ਭੂਸ਼ਣ, ਸੁਰਜੀਤ ਸਿੰਘ ਮੌਜੀ ਅਤੇ ਗੁਰੂ ਗੋਬਿੰਦ ਸਿੰਘ ਨਗਰ ਸੰਗਰੂਰ ਦੇ ਪਤਵੰਤੇ ਸੱਜਣਾਂ ਨੇ ਹਿੱਸਾ ਲਿਆ। ਅੰਤ ਵਿੱਚ ਸਭਾ ਦੇ ਪ੍ਰਧਾਨ ਕਰਮ ਸਿੰਘ ਜ਼ਖ਼ਮੀ ਨੇ ਮਾਲਵਾ ਲਿਖਾਰੀ ਸਭਾ ਦੇ ਇਤਿਹਾਸ ਬਾਰੇ ਚਰਚਾ ਕਰਦਿਆਂ ਸਾਰੇ ਸਾਹਿਤਕਾਰਾਂ ਤੇ ਸਰੋਤਿਆਂ ਲਈ ਧੰਨਵਾਦੀ ਸ਼ਬਦ ਕਹੇ ਅਤੇ ਮੰਚ ਸੰਚਾਲਨ ਦੀ ਭੂਮਿਕਾ ਰਜਿੰਦਰ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਦਿਆਰਥੀਆਂ ’ਚ ਵਾਤਾਵਰਣ ਪ੍ਰਤੀ ਜਾਗਰੂਕਤਾ ਵਧਾਉਣ ਲਈ “ਮੈਂਗੋ ਗਾਰਡਨ” ਨਾਮਕ ਪੌਦੇ ਲਗਾਉਣ ਦੀ ਛੇੜੀ ਮੁਹਿੰਮ



ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)- ਬਿਜ਼ਨਸ ਸਟੱਡੀਜ਼ ਵਿਭਾਗ ਦੇ ਵਿਦਿਆਰਥੀਆਂ ਨੇ ਵਿਭਾਗ ਦੇ ਪ੍ਰੋ. ਰਵੀ ਕੁਮਾਰ ਦੀ ਨਿਗਰਾਨੀ ਹੇਠ ਆਪਣੇ ਵਾਤਾਵਰਣ ਵਿਗਿਆਨ ਅਧਿਐਨ ਪਾਠਕ੍ਰਮ ਦੇ ਹਿੱਸੇ ਵਜੋਂ “ਮੈਂਗੋ ਗਾਰਡਨ” ਨਾਮਕ ਪੌਦੇ ਲਗਾਉਣ ਦੀ ਇੱਕ ਮੁਹਿੰਮ ਵਿੱਚ ਵਧ-ਚੜ੍ਹ ਕੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਦੇ ਆਯੋਜਨ ਦੌਰਾਨ ਸਥਾਨਕ ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਇੰਜਨੀਅਰਿੰਗ ਵਰਕਸ਼ਾਪ ਦੇ ਨੇੜੇ ਜਗ੍ਹਾ ਨੂੰ ਚੁਣਿਆ ਗਿਆ ਜਿੱਥੇ ਵਿਦਿਆਰਥੀਆਂ ਨੇ ਵਾਤਾਵਰਣ ਸਥਿਰਤਾ ਅਤੇ ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ 50 ਅੰਬ ਦੇ ਬੂਟੇ ਲਗਾਏ। ਇਸ ਮੁਹਿੰਮ ਦੀ ਅਗਵਾਈ ਕਰਦੇ ਹੋਏ ਪ੍ਰੋ. ਰਵੀ ਕੁਮਾਰ ਨੇ ਕਿਹਾ ਕਿ ਇਹ ਵਿਹਾਰਕ ਪ੍ਰੋਜੈਕਟ ਨਾ ਸਿਰਫ਼ ਕੈਂਪਸ ਨੂੰ ਹਰਿਆ ਭਰਿਆ ਬਣਾਉਣ ਵਿੱਚ ਯੋਗਦਾਨ ਪਾਵੇਗਾ ਬਲਕਿ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਦੀ ਮਹੱਤਤਾ ਬਾਰੇ ਕੀਮਤੀ ਸਮਝ ਵੀ ਪ੍ਰਦਾਨ ਕਰੇਗਾ। ਇਸ ਮੌਕੇ ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਅਤੇ ਕੈਂਪਸ ਡਾਇਰੈਕਟਰ ਡਾ. ਕੰਵਲਜੀਤ ਸਿੰਘ ਨੇ ਵਿਦਿਆਰਥੀਆਂ ਅਤੇ ਸਬੰਧਤ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਕੈਂਪਸ ਵਿੱਚ ਅਜਿਹਾ ਨਿਵੇਕਲਾ ਪ੍ਰੋਜੈਕਟ ਲਾਗੂ ਕਰਨ ਤੇ ਖੁਸ਼ੀ ਜਾਹਰ ਕੀਤੀ। ਇਸ ਮੌਕੇ ਵਿਭਾਗ ਦੇ ਸਟਾਫ ਅਤੇ ਫੈਕਲਟੀ ਮੈਂਬਰਜ਼ ਤੋਂ ਇਲਾਵਾ ਡਾ. ਹਰਪ੍ਰੀਤ ਸਿੰਘ ਅਤੇ ਡਾ. ਸੰਤੋਸ਼ ਸ਼ਰਮਾ ਵੀ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਿਆਂ ਵਿਰੁੱਧ ਯੁੱਧ ਮੁਹਿੰਮ ਤਹਿਤ ਧੂਰੀ ਸ਼ਹਿਰ ਵਿੱਚ

# ਥਾਂ-ਥਾਂ ਸਪੈਸ਼ਲ ਨਾਕਾ ਲਗਾ ਕੇ ਟ੍ਰੈਫਿਕ ਪੁਲਿਸ ਵੱਲੋਂ ਵਾਹਨਾਂ ਦੀ ਚੈਕਿੰਗ ਕੀਤੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਵਿੱਢੀ ਗਈ 'ਨਸ਼ਿਆਂ ਵਿਰੁੱਧ ਯੁੱਧ" ਮੁਹਿੰਮ ਤਹਿਤ ਅੱਜ ਮਾਨਯੋਗ ਸ਼੍ਰੀ ਸਰਤਾਜ ਸਿੰਘ ਚਹਿਲ ਜ਼ਿਲਾ ਮੁੱਖੀ ਸੰਗਰੂਰ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੱਜ ਧੂਰੀ ਸ਼ਹਿਰ ਵਿਖੇ ਸ, ਗੁਰਵਿੰਦਰ ਸਿੰਘ ਬੱਲ ਡੀ ਐਸ ਪੀ ਟ੍ਰੈਫਿਕ ਪੁਲਿਸ ਸੰਗਰੂਰ ਦੀ ਅਗਵਾਈ ਹੇਠ ਭਾਰੀ ਪੁਲਿਸ ਫੋਰਸ ਨੂੰ ਨਾਲ ਲੈਕੇ ਸ਼ਹਿਰ ਦੇ ਕੱਕੜਵਾਲ ਚੌਕ,ਦੋਹਲਾ ਬਾਈਪਾਸ, ਮਾਲੇਰਕੋਟਲਾ ਚੌਕ, ਸੰਗਰੂਰ ਬਾਈਪਾਸ ਅਤੇ ਸ਼ਹਿਰ ਦੇ ਵੱਖ ਬਜ਼ਾਰਾਂ ਵਿੱਚ ਵਾਹਨਾਂ ਦੀ ਚੈਕਿੰਗ ਕੀਤੀ ਅਤੇ ਵਾਹਨਾਂ ਦੇ ਚਲਾਨ ਕੱਟੇ ਇਸ ਮੌਕੇ ਤੇ ਡੀ ਐਸ ਪੀ ਸੰਗਰੂਰ ਗੁਰਵਿੰਦਰ ਸਿੰਘ ਬੱਲ ਨੇ ਸ਼ਰਾਰਤੀ ਅਨਸਰਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਬਜ਼ਾਰਾਂ ਵਿੱਚੋਂ ਦੀ ਹੁੱਲੜਬਾਜ਼ੀ ਨਾ ਕਰਨ ਅਤੇ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਰੱਖਣ ਉਹਨਾਂ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਅਠਾਰਾਂ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵਾਹਨ ਨਾ ਚੁੱਕਣ ਦੇਣ ਇਸ ਮੌਕੇ ਤੇ ਸਤਿਨਾਮ ਸਿੰਘ ਏ ਐਸ ਆਈ ਟ੍ਰੈਫਿਕ ਇੰਚਾਰਜ਼ ਧੂਰੀ,ਸੰਜੈ ਕੁਮਾਰ ਏ,ਐਸ ਆਈ ਟ੍ਰੈਫਿਕ ਪੈਟਰੋਲਿੰਗ,ਮਿੱਠੂ ਸਿੰਘ ਏ ਐਸ ਆਈ ਟ੍ਰੈਫਿਕ ਪੁਲਿਸ, ਬਲਰਾਜ ਸਿੰਘ, ਨਿਰਭੈ ਸਿੰਘ ਅਤੇ ਟਰੈਫਿਕ ਪੁਲਿਸ ਦੇ ਮੁਲਾਜ਼ਮ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜੋ ਫ਼ੌਜ ਦੇ ਕਰਨਲ ਨਾਲ ਹੋਏ ਜ਼ਬਰ ਉਪਰੰਤ ਫ਼ੌਜ ਅਤੇ ਫ਼ੌਜੀਆਂ ਵਿਚ ਪੈਦਾ ਹੋਈ ਅਸਤੁੰਸਟੀ ਨਾਲ ਵੱਡਾ ਨੁਕਸਾਨ ਹੋ ਸਕਦਾ ਹੈ : ਮਾਨ

# ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਕਮਰੇ ਵਿਚ ਕੈਦ ਰੱਖਣਾ ਅਸਹਿ

**ਫ਼ਤਹਿਗੜ੍ਹ ਸਾਹਿਬ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-"ਕਰਨਲ ਪੁਸਪਿੰਦਰ ਸਿੰਘ ਬਾਠ ਅਤੇ ਉਸਦੇ ਪੁੱਤਰ ਉਤੇ ਪਟਿਆਲਾ ਪੁਲਿਸ ਵੱਲੋ ਕੀਤੇ ਗਏ ਗੈਰ ਵਿਧਾਨਿਕ ਅਤੇ ਗੈਰ ਇਨਸਾਨੀਅਤ ਜ਼ਬਰ ਜੁਲਮ ਦੀ ਬਦੌਲਤ ਪੰਜਾਬ ਅਤੇ ਇੰਡੀਆ ਦੇ ਹੁਕਮਰਾਨਾਂ ਦੀ ਪੂਰੇ ਸੰਸਾਰ ਵਿਚ ਬਹੁਤ ਵੱਡੀ ਬਦਨਾਮੀ ਅਤੇ ਰਾਜ ਪ੍ਰਬੰਧ ਨੂੰ ਸਹੀ ਢੰਗ ਨਾਲ ਹੁਕਮਰਾਨਾਂ ਵੱਲੋ ਨਾ ਚਲਾਉਣ ਦੀ ਗੱਲ ਤੇਜ਼ੀ ਨਾਲ ਉੱਠ ਰਹੀ ਹੈ । ਇਸ ਜ਼ਬਰ ਦੀ ਬਦੌਲਤ ਪੂਰੀ ਇੰਡੀਅਨ ਫ਼ੌਜ ਅਤੇ ਸਾਬਕਾ ਹੇਠਲੇ ਰੈਕ ਦੇ ਸਿਪਾਹੀਆ ਤੇ ਹੋਰ ਅਹੁਦੇਦਾਰਾਂ ਵੱਲੋ ਸਮੁੱਚੇ ਪੰਜਾਬ ਦੇ ਜ਼ਿਲ੍ਹਿਆਂ ਵਿਚ ਸਮੂਹਿਕ ਰੂਪ ਵਿਚ ਵੱਡੇ ਰੋਸ ਪ੍ਰਦਰਸਨ ਹੋਣੇ ਇਸ ਗੱਲ ਨੂੰ ਪ੍ਰਤੱਖ ਕਰਦਾ ਹੈ ਕਿ ਫੌਜੀਆ ਵਿਚ ਇਸ ਗੰਭੀਰ ਵਿਸੇ ਉਤੇ ਵੱਡੀ ਬੇਚੈਨੀ ਤੇ ਅਸਤੁੰਸਟੀ ਫੈਲ ਚੁੱਕੀ ਹੈ ਜਿਸਦੇ ਨਤੀਜੇ ਕਦਾਚਿਤ ਇਥੋ ਦੀ ਕਾਨੂੰਨੀ ਵਿਵਸਥਾਂ ਤੇ ਜਮਹੂਰੀਅਤ ਕਦਰਾਂ ਕੀਮਤਾਂ ਨੂੰ ਸਹੀ ਰੱਖਣ ਵਿਚ ਸਹੀ ਸਾਬਤ ਨਹੀ ਹੋਣਗੇ । ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਵਿਸੇ ਉਤੇ ਨਿਰਪੱਖਤਾ ਨਾਲ ਹੋਣ ਵਾਲੀ ਜਾਂਚ ਵਿਚ ਦੋਸ਼ੀ ਪਾਏ ਜਾਣ ਵਾਲੇ ਪੁਲਿਸ ਅਧਿਕਾਰੀਆ ਨੂੰ ਸਖਤ ਸਜ਼ਾ ਦੇਣ ਦਾ ਪ੍ਰਬੰਧ ਕੀਤਾ ਜਾਵੇ ਅਤੇ ਪੁਲਿਸ ਕਦੀ ਵੀ ਕਾਨੂੰਨ ਨੂੰ ਆਪਣੇ ਹੱਥ ਵਿਚ ਨਾ ਲੈ ਸਕੇ ਅਜਿਹਾ ਪ੍ਰਬੰਧ ਜਿੰਮੇਵਾਰੀ ਤੇ ਸਖਤੀ ਨਾਲ ਕੀਤਾ ਜਾਵੇ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੁਝ ਦਿਨ ਪਹਿਲੇ ਪਟਿਆਲਾ ਸਹਿਰ ਵਿਚ ਇਕ ਮੌਜੂਦਾ ਫ਼ੌਜ ਦੇ ਕਰਨਲ ਅਤੇ ਉਸਦੇ ਪੁੱਤਰ ਨੂੰ ਬਿਨ੍ਹਾਂ ਕਿਸੇ ਕਸੂਰ ਦੇ ਬੇਰਹਿੰਮੀ ਨਾਲ ਕੁੱਟਮਾਰ ਕਰਕੇ ਜਖਮੀ ਕਰਨ ਅਤੇ ਉਨ੍ਹਾਂ ਦੀਆਂ ਦਸਤਾਰਾਂ ਦਾ ਅਪਮਾਨ ਕਰਨ ਦੀ ਕਾਰਵਾਈ ਉਤੇ ਫ਼ੌਜੀਆ ਵਿਚ ਪੈਦਾ ਹੋਣ ਵਾਲੇ ਰੋਸ ਦੇ ਨਤੀਜਿਆ ਤੋ ਪੰਜਾਬ ਅਤੇ ਸੈਟਰ ਦੀਆਂ ਸਰਕਾਰਾਂ ਨੂੰ ਖਬਰਦਾਰ ਕਰਦੇ ਹੋਏ ਅਤੇ ਅਜਿਹੇ ਗੈਰ ਕਾਨੂੰਨੀ ਕਾਰਵਾਈਆ ਕਰਨ ਵਾਲੇ ਤਾਨਾਸਾਹੀ ਸੋਚ ਦੇ ਮਾਲਕ ਪੁਲਿਸ ਅਧਿਕਾਰੀਆ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਕੇਵਲ ਫ਼ੌਜੀ ਅਫਸਰ ਨਾਲ ਹੋਏ ਜ਼ਬਰ ਦੀ ਗੱਲ ਤਾਂ ਇਕ ਪਾਸੇ ਰਹੀ ਦੂਸਰੇ ਪਾਸੇ ਬੀਤੇ 118 ਦਿਨਾਂ ਤੋ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਜਿਸ ਤਰ੍ਹਾਂ ਉਨ੍ਹਾਂ ਦੀਆ ਮੰਗਾਂ ਦੀ ਪੂਰਤੀ ਲਈ ਖਨੌਰੀ ਅਤੇ ਸੰਭੂ ਬਾਰਡਰ ਉਤੇ ਚੱਲ ਰਹੇ ਧਰਨਿਆ ਨੂੰ ਤਾਕਤ ਦੀ ਵਰਤੋ ਕਰਕੇ ਖਤਮ ਕੀਤਾ ਗਿਆ ਹੈ ਅਤੇ ਸ. ਡੱਲੇਵਾਲ ਨੂੰ ਇਕ ਕੈਦੀ ਦੀ ਤਰ੍ਹਾਂ ਹਸਪਤਾਲ ਦੇ ਕਮਰੇ ਵਿਚ ਰੱਖਿਆ ਗਿਆ ਹੈ, ਇਸ ਨਾਲ ਹਾਲਾਤ ਠੀਕ ਹੋਣ ਦੀ ਬਜਾਇ ਹੋਰ ਬਦਤਰ ਹੋਣ ਤੋ ਇਨਕਾਰ ਨਹੀ ਕੀਤਾ ਜਾ ਸਕਦਾ । ਕਿਉਂਕਿ ਉਨ੍ਹਾਂ ਦੀ ਸਿਹਤ ਬਹੁਤ ਨਾਜ਼ੁਕ ਬਣੀ ਹੋਈ ਹੈ । ਕਿਸੇ ਸਮੇ ਵੀ ਕੋਈ ਅਣਹੋਣੀ ਗੱਲ ਵਾਪਰਣ ਤੇ ਜੋ ਹਾਲਾਤ ਪੈਦਾ ਹੋਣਗੇ, ਉਸ ਉਤੇ ਸਰਕਾਰਾਂ ਤੇ ਫ਼ੌਜ ਕੰਟਰੋਲ ਨਹੀ ਕਰ ਸਕਣਗੀਆ ਅਤੇ ਪੰਜਾਬ ਤੇ ਮੁਲਕ ਵਿਚ ਹਕੂਮਤੀ ਨਾਕਾਮੀਆ ਦੀ ਬਦੌਲਤ ਵੱਡੀ ਅਰਾਜਕਤਾ ਫੈਲ ਜਾਵੇਗੀ । ਇਸ ਲਈ ਬਿਹਤਰ ਹੋਵੇਗਾ ਕਿ ਸੈਟਰ ਤੇ ਪੰਜਾਬ ਦੀਆਂ ਸਰਕਾਰਾਂ ਕਿਸਾਨ ਮਜਦੂਰਾਂ ਦੀਆਂ ਮੰਗਾਂ ਪ੍ਰਤੀ ਆਪਣੀ ਹਉਮੈ ਭਰੀ ਜਿੱਦ ਦਾ ਤਿਆਗ ਕਰਕੇ ਉਨ੍ਹਾਂ ਦੀਆਂ ਫਸਲਾਂ ਦੀਆਂ ਕੀਮਤਾਂ ਸੰਬੰਧੀ ਅਤੇ ਉਨ੍ਹਾਂ ਦੀ ਮਾਲੀ ਹਾਲਤ ਨੂੰ ਸੁਧਾਰਨ ਸੰਬੰਧੀ ਜੋ ਮੰਗਾਂ ਰੱਖੀਆ ਗਈਆ ਹਨ ਉਨ੍ਹਾਂ ਨੂੰ ਤੁਰੰਤ ਮੰਨਕੇ ਕਿਸਾਨ ਮਜਦੂਰਾਂ ਵਿਚ ਪਾਏ ਜਾਣ ਵਾਲੇ ਵੱਡੇ ਰੋਸ ਨੂੰ ਸਾਤ ਕਰਕੇ ਹਾਲਾਤ ਨੂੰ ਸੁਖਾਵਾਂ ਬਣਾਇਆ ਜਾਵੇ । ਤਾਂ ਕਿ ਸਰਹੱਦੀ ਸੂਬੇ ਪੰਜਾਬ ਦੇ ਅਮਨ ਚੈਨ ਤੇ ਕਾਨੂੰਨੀ ਵਿਵਸਥਾਂ ਸਹੀ ਰਹਿ ਸਕੇ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਹਾਲਾਤਾਂ ਨੂੰ ਮੱਦੇਨਜਰ ਰੱਖਦੇ ਹੋਏ ਪੰਜਾਬ ਸਰਕਾਰ ਜਗਜੀਤ ਸਿੰਘ ਡੱਲੇਵਾਲ ਅਤੇ ਉਨ੍ਹਾਂ ਦੇ ਫੜੇ ਸਾਥੀਆ ਨੂੰ ਬਾਇੱਜਤ ਰਿਹਾਅ ਕਰਕੇ ਕਿਸਾਨੀ ਮੰਗਾਂ ਨੂੰ ਪੂਰਨ ਕਰਕੇ ਵਿਗੜਦੇ ਹਾਲਾਤਾਂ ਨੂੰ ਸਥਿਰ ਰੱਖਣ ਵਿਚ ਜਿੰਮੇਵਾਰੀ ਨਿਭਾਏ।




ਆਵਾਜ਼ਿ ਕੌਮ AWAZE QAUM International Newspaper & WEB TV

# ਧਾਮੀ ਸਾਹਿਬ ਬਣੇ ਪਏ ਵਿਧੀ ਵਿਧਾਨ ਲਾਗੂ ਕਰੋ ਤੇ ਹਟਾਏ ਗਏ ਸਿੰਘ ਸਾਹਿਬਾਨ ਨੂੰ ਤੁਰੰਤ ਬਹਾਲ ਕਰੋ

## ਤੁਹਾਡੀ ਸੁਹਿਰਦਤਾ ਤੇ ਹਰ ਸਿੱਖ ਨੂੰ ਸ਼ੱਕ, ਤੁਸੀਂ ਔਖੇ ਵੇਲੇ ਕੌਮ ਨੂੰ ਪਿੱਠ ਦਿਖਾਕੇ ਬੇਦਾਵਾ ਲਿਖਵਾਇਆ

### ਮੀਰੀ-ਪੀਰੀ ਦੇ ਸਿਧਾਂਤਾਂ ਨੂੰ ਸਮਰਪਿਤ ਇਤਿਹਾਸਿਕ ਮਤਾ

"ਵਾਹਿਗੁਰੂ ਜੀ ਕਾ ਖਾਲਸਾ,ਵਾਹਿਗੁਰੂ ਜੀ ਕੀ ਫਤਿਹ।"

ਛੇਵੇਂ ਪਾਤਸ਼ਾਹ ਸ੍ਰੀ ਹਰਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸਿਰਜਣਾ ਕਰਦਿਆਂ ਮੀਰੀ-ਪੀਰੀ ਦੇ ਸਿਧਾਂਤ ਨੂੰ ਪੰਥ ਵਿੱਚ ਪ੍ਰਗਟ ਕਰਦਿਆਂ ਕੌਮ ਨੂੰ ਧਰਮ ਤੋਂ ਸੇਧ ਲੈ ਕੇ ਆਪਣੀ ਰਾਜਨੀਤਿਕ ਪ੍ਰਭੂਸਤਾ ਵੱਲ ਵਧਣ ਦਾ ਸੰਦੇਸ਼ ਦਿੱਤਾ ਸੀ। ਛੇਵੇਂ ਪਾਤਸ਼ਾਹ ਜੀ ਵੱਲੋਂ ਸਥਾਪਿਤ ਕੀਤੇ ਮੀਰੀ-ਪੀਰੀ ਦੇ ਦੋ ਨਿਸ਼ਾਨ ਸਾਹਿਬ, ਉਹਨਾਂ ਸਿਧਾਂਤਾਂ ਤੇ ਤੁਰਨ ਦਾ ਅੱਜ ਵੀ ਸੰਦੇਸ਼ ਦਿੰਦੇ ਹਨ।

ਪਿਛਲੇ ਸਮੇਂ ਤੋਂ ਦੇਖਣ ਨੂੰ ਮਿਲਿਆ ਹੈ ਕਿ ਰਾਜਨੀਤੀ ਧਰਮ ਤੇ ਭਾਰੂ ਪੈਂਦੀ ਆ ਰਹੀ ਹੈ। ਸੋ ਸਮੁੱਚੀ ਨਾਨਕ ਨਾਮ ਲੇਵਾ ਸੰਗਤ ਚਲਦੇ ਦ੍ਰਿਸ਼ਟਾਂਤ ਨੂੰ ਲੈ ਕੇ ਬਹੁਤ ਫਿਕਰਮੰਦ ਹੈ ਸੋ ਸ੍ਰੀ ਅਕਾਲ ਤਖ਼ਤ ਸਾਹਿਬ ਜੋ ਸਦੀਵੀ ਤਖ਼ਤ ਹੈ ਜੋ ਗੁਰੂ-ਪੰਥ ਦੀ ਨਿਰਪੱਖ-ਸੁਤੰਤਰ, ਪ੍ਰਭੂਸਤਾ ਸੰਪੰਨ ਸੰਸਥਾ ਹੈ। ਇਸ ਦੀ ਸੁਤੰਤਰ ਹੋਂਦ ਨੂੰ ਬਹਾਲ ਕਰਨ ਲਈ ਅਤੇ ਸਦੀਵੀ ਤਖ਼ਤ ਅਤੇ ਬਾਕੀ ਤਖ਼ਤ ਸਹਿਬਾਨਾਂ ਤੇ ਜਥੇਦਾਰ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ-ਮੁਕਤੀ ਬਾਰੇ ਪੁਰਾਣੇ ਰਹੁ ਰੀਤ ਮੁਤਾਬਕ ਫੈਸਲੇ ਸਬੰਧੀ ਮਤਾ।

ੳ. ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੀ ਨਿਯੁਕਤੀ ਬਾਰੇ ਪੁਰਾਤਨ ਰਹੁ ਰੀਤ ਅਨੁਸਾਰ ਦਮਦਮੀ ਟਕਸਾਲ, ਬੁੱਢਾ ਦਲ ਨਿਹੰਗ ਸਿੰਘ ਜਥੇਬੰਦੀਆਂ, ਚੀਫ ਖਾਲਸਾ ਦਿਵਾਨ, ਸਿੰਘ ਸਭਾਵਾ, ਪੰਥਕ ਵਿਦਵਾਨਾਂ, ਸੰਪਰਦਾਵਾਂ ਸਮੇਤ ਉਪਰਲੀਆਂ ਘੱਟੋ-ਘੱਟ 25 ਪੰਥਕ ਸੰਸਥਾਵਾਂ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪੰਜ ਸਾਬਕਾ ਜਥੇਦਾਰ ਸਹਿਬਾਨ, ਐਸਜੀਪੀਸੀ ਦੇ ਪਿਛਲੇ ਪੰਜ ਸਾਬਕਾ ਪ੍ਰਧਾਨ ਸਹਿਬਾਨ ਆਦਿ ਨਾਲ ਸਲਾਹ ਮਸ਼ਵਰਾ ਕਰਕੇ ਤਿੰਨ ਨਾਵਾਂ ਦਾ ਪੈਨਲ ਅੰਤ੍ਰਿੰਗ ਕਮੇਟੀ ਕੋਲ ਭੇਜਣਗੇ। ਅੰਤ੍ਰਿੰਗ ਕਮੇਟੀ ਵੱਲੋਂ ਉਹਨਾਂ ਚੋਂ ਮੈਰਿਟ ਤੇ ਜਥੇਦਾਰ ਸਾਹਿਬ ਦੀ ਨਿਯੁਕਤੀ ਹੋਵੇਗਾ।

ਅ ਜਥੇਦਾਰ ਸ੍ਰੀ ਅਕਾਲ ਤਖ਼ਤ ਸਹਿਬਾਨ ਅਤੇ ਬਾਕੀ ਜਥੇਦਾਰ ਸਹਿਬਾਨਾਂ ਨੂੰ ਸੇਵਾ ਮੁਕਤ ਕਰਨ ਬਾਰੇ ਵੀ ਉਪਰੋਕਤ ਸਾਰੀਆਂ ਨਿਯੁਕਤੀ ਦੀ ਪ੍ਰਕਿਰਿਆ ਵਾਲੀਆਂ ਸੰਸਥਾਵਾ ਦੀ ਸਿਪਾਰਸ਼ ਤੋਂ ਬਾਅਦ ਕਿਸੇ ਦੋਸ਼ਾਂ ਕਰਕੇ ਹੀ ਐਸਜੀਪੀਸੀ ਦੇ ਜਨਰਲ ਇਜਲਾਸ ਵਿੱਚ ਹਾਜ਼ਰ ਮੈਂਬਰਾਂ ਵਿੱਚੋਂ ਘੱਟੋ-ਘੱਟ ਦੋ ਤਿਹਾਈ ਬਹੁਮਤ ਨਾਲ ਹੀ ਸੇਵਾ ਮੁਕਤੀ ਦਾ ਫੈਸਲਾ ਲੈ ਸਕਣਗੇ।

ੲ. ਜਥੇਦਾਰ ਸਹਿਬਾਨ ਵੱਧ ਤੋਂ ਵੱਧ 70 ਸਾਲ ਉਮਰ ਤੱਕ ਸਰੀਰਕ ਪੱਖੋਂ ਤੰਦਰੁਸਤੀ ਦੀ ਹਾਲਤ ਵਿੱਚ ਸੇਵਾ ਨਿਭਾਅ ਸਕਣਗੇ। ਜੇਕਰ ਜਥੇਦਾਰ ਸਾਹਿਬ ਸ਼੍ਰੋਮਣੀ ਕਮੇਟੀ ਵਿੱਚੋਂ ਹੋਵੇ ਤੇ ਪਹਿਲਾਂ ਦੀ ਤਰਾਂ ਰਿਟਾਇਰਮੈਂਟ ਵੇਲੇ ਮਿਲਦੀ ਤਨਖਾਹ ਭੱਤੇ ਆਦਿ ਸਹੂਲਤ ਉਸੇ ਤਰਾਂ 70 ਸਾਲ ਤੱਕ ਮਿਲਦੀ ਰਹੇਗੀ।

ਸ. ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਬਾਕੀ ਸਾਰੇ ਤਖ਼ਤ ਸਹਿਬਾਨ ਨੂੰ ਬਜਟ ਅਲੱਗ ਦਿੱਤਾ ਜਾਵੇਗਾ ਜਿਸ ਵਿੱਚੋਂ ਸਟਾਫ ਦੀ ਤਨਖਾਹ ਤੇ ਹਰ ਤਰਾਂ ਦੇ ਲੋੜੀਂਦੇ ਖ਼ਰਚੇ ਕਰਨ ਦਾ ਅਧਿਕਾਰ ਖੁੱਦ ਜਥੇਦਾਰ ਸ੍ਰੀ ਅਕਾਲ ਤਖ਼ਤ ਦੀ ਮਨਜ਼ੂਰੀ ਨਾਲ ਜਾਂ ਉਹਨਾਂ ਵੱਲੋ ਅਧਿਕਾਰਤ ਅਧਿਕਾਰੀ ਦੀ ਮਨਜ਼ੂਰੀ ਨਾਲ ਸਕੱਤਰੇਤ ਕਰੇਗਾ। ਪੰਜਾਬ ਨਾਲ ਸਬੰਧਤ ਦੋਨੇ ਤਖ਼ਤ ਸਹਿਬਾਨਾਂ ਨੂੰ ਵੀ ਬਜਟ ਅਲੱਗ ਤੋ ਇੱਥੋਂ ਹੀ ਮਿਲੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਸਹਿਬਾਨਾਂ ਦੇ ਜਥੇਦਾਰ ਸਹਿਬਾਨ ਲਈ ਕਮੇਟੀਆਂ ਤੋਂ ਵੱਖਰਾ ਬਜਟ ਦਿਵਾਇਆ ਜਾਵੇਗਾ।

ਹ. ਸਾਬਕਾ ਜਥੇਦਾਰ ਸਾਹਿਬਾਨ ਜੇਕਰ ਪ੍ਰਚਾਰ ਲਈ ਸਹਿਮਤ ਹੋਣ ਤਾਂ ਰਿਟਾਇਰ ਮੈਂਟ ਤੋ ਬਾਅਦ ਪ੍ਰਚਾਰ ਭੱਤਾ, ਸਾਧਨ ਅਤੇ ਇੱਕ ਸੇਵਾਦਾਰ ਦਿੱਤਾ ਜਾਵੇਗਾ। ਪਰ ਐਸਜੀਪੀਸੀ ਵਲੋਂ ਉਲੀਕੇ ਮਹੀਨੇ ਵਿੱਚ ਘੱਟੋ-ਘੱਟ ਪੰਜ ਸਮਾਗਮ ਜਾਂ ਸਾਲ ਦੇ 60 ਸਮਾਗਮਾਂ ਵਿੱਚ ਕਥਾ ਪ੍ਰਚਾਰ ਕਰਨ ਦੀ ਸੇਵਾ ਨਿਭਾਉਣੀ ਹੋਵੇਗੀ।

ਪੰਥ ਦੇ ਵਡੇਰੇ ਹਿੱਤਾਂ ਲਈ ਇਸ ਮਤੇ ਨੂੰ ਅੰਤ੍ਰਿੰਗ ਕਮੇਟੀ ਜਾਂ ਪ੍ਰਧਾਨ ਦੀ ਚੋਣ ਵਾਲੇ ਜਨਰਲ ਇਜਲਾਸ ਵਿੱਚ ਚੋਣ ਤੋ ਪਹਿਲਾਂ ਸਰਬਸੰਮਤੀ ਨਾਲ ਪਾਸ ਕੀਤਾ ਜਾਵੇ ਜੀ।

"ਵਾਹਿਗੁਰੂ ਜੀ ਕਾ ਖਾਲਸਾ,ਵਹਿਗੁਰੂ ਜੀ ਕੀ ਫਤਿਹ।"

| ਮੈਂਬਰ ਦਾ ਨਾਮ | ਮੋਬਾਇਲ ਨੰਬਰ | ਦਸਤਖਤ |
|---|---|---|

**ਸ੍ਰੀ ਅੰਮ੍ਰਿਤਸਰ ਸਾਹਿਬ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਲੋਂ ਜਾਰੀ ਪ੍ਰੈਸ ਬਿਆਨ ਤੇ ਪਲਟਵਾਰ ਕਰਦਿਆਂ ਐਸਜੀਪੀਸੀ ਅੰਤ੍ਰਿੰਗ ਕਮੇਟੀ ਮੈਂਬਰ ਜੱਥੇਦਾਰ ਜਸਵੰਤ ਸਿੰਘ ਪੁੜੈਣ, ਐਸਜੀਪੀਸੀ ਮੈਬਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਮਾਸਟਰ ਮਿੱਠੂ ਸਿੰਘ ਕਾਹਨੇਕੇ ਨੇ ਕਿਹਾ ਹੈ ਕਿ, ਅੱਜ ਪ੍ਰਧਾਨ ਧਾਮੀ ਸਾਹਿਬ ਦੀ ਸੁਹਿਰਦਤਾ ਤੇ ਹਰ ਐਸਜੀਪੀਸੀ ਮੈਂਬਰ ਦੇ ਨਾਲ ਨਾਲ ਸਮੁੱਚੀ ਸਿੱਖ ਸੰਗਤ ਨੂੰ ਸ਼ੱਕ ਹੈ। ਇਸ ਦਾ ਵੱਡਾ ਕਾਰਨ ਹੈ ਕਿ ਜਦੋਂ ਵਿਧੀ ਵਿਧਾਨ ਬਣਾਉਣ ਲਈ ਬਣੀਆਂ ਦੋ ਸਬ ਕਮੇਟੀ ਦੀਆਂ ਸਿਫਾਰਸ਼ਾਂ ਵਾਲੀ ਰਿਪੋਰਟ ਐਸਜੀਪੀਸੀ ਦਫਤਰ ਮੌਜੂਦ ਹੈ ਤਾਂ ਪ੍ਰਧਾਨ ਧਾਮੀ ਸਾਹਿਬ ਵਲੋ ਬਿਆਨ ਸਿਰਫ ਸਿੰਘ ਸਹਿਬਾਨ ਦੀ ਬਹਾਲੀ ਦੇ ਮੁੱਦੇ ਤੋਂ ਭਟਕਾਉਣ ਲਈ ਦਿੱਤਾ ਗਿਆ ਲੱਗਦੈ ਹੈ। ਇਸ ਦੇ ਨਾਲ ਹੀ ਜਾਰੀ ਬਿਆਨ ਵਿੱਚ ਮੈਬਰਾਂ ਨੇ ਮੰਗ ਕੀਤੀ ਧਾਮੀ ਸਾਹਿਬ ਸੰਜੀਦਗੀ ਦਿਖਾਉਂਦੇ ਹੋਏ, ਸਬ ਕਮੇਟੀਆਂ ਦੀਆਂ ਸਿਫਾਰਸ਼ਾਂ ਵਾਲੀ ਰਿਪੋਰਟ ਨੂੰ ਲਾਗੂ ਕਰਨ ਕੋਈ ਕਮੇਟੀ ਹੁੱਣ ਪ੍ਰਵਾਨ ਨਹੀ ਹੋਵੇਗੀ। ਜਾਰੀ ਬਿਆਨ ਵਿੱਚ ਮੈਬਰਾਂ ਨੇ ਪ੍ਰਧਾਨ ਧਾਮੀ ਸਾਹਿਬ ਨੂੰ ਕਿਹਾ ਕਿ, ਤੁਹਾਡੀ ਪਹਿਲਕਦਮੀ ਦਾ ਉਸ ਵਕਤ ਜੋਰਦਾਰ ਸਵਾਗਤ ਕਰਾਂਗੇ, ਜਦੋਂ ਤੁਸੀਂ ਜਲੀਲ ਕਰਕੇ ਹਟਾਏ ਸਿੰਘ ਸਾਹਿਬਾਨ ਨੂੰ ਮੁੜ ਬਹਾਲ ਕਰੋਗੇ, ਜਿਸ ਲਈ ਪੂਰਾ ਖਾਲਸਾ ਪੰਥ ਮੰਗ ਕਰ ਰਿਹਾ ਹੈ । ਜਾਰੀ ਬਿਆਨ ਵਿੱਚ ਮੈਬਰਾਂ ਨੇ ਕਿਹਾ ਕਿ, ਜਦੋਂ ਕੌਮ ਪੰਥਕ ਸੰਕਟ ਵਿੱਚੋਂ ਗੁਜਰ ਰਹੀ ਸੀ ਤਾਂ ਧਾਮੀ ਸਾਹਿਬ ਆਪਣੀ ਇਖਲਾਕੀ, ਪੰਥ ਪ੍ਰਤੀ ਜ਼ਿੰਮੇਵਾਰੀ ਤੋਂ ਭਗੌੜਾ ਹੋ ਕੇ ਭੱਜੇ, ਜਿਸ ਕਰਕੇ ਕੌਮ ਅਤੇ ਪੰਥ ਵਿਰੋਧੀ ਤਾਕਤਾਂ ਨੇ ਮਤਿਆਂ ਦੇ ਰੂਪ ਵਿੱਚ ਅਜਿਹਾ ਬੇਦਾਵਾ ਲਿਖਿਆ ਜਿਸ ਨਾਲ ਦੁਨੀਆਂ ਭਰ ਵਿੱਚ ਸਿੱਖਾਂ ਨੂੰ ਨਾਮੋਸ਼ੀ ਦਾ ਸਾਹਮਣਾ ਕਰਨਾ ਪਿਆ। ਜੱਥੇਦਾਰ ਪੁੜੈਣ ਨੇ ਕਿਹਾ ਕਿ ਜਦੋਂ ਉਹਨਾਂ ਵਲੋ ਮੀਰੀ ਪੀਰੀ ਦੇ ਸਿਧਾਂਤਾਂ ਨੂੰ ਸਮਰਪਿਤ ਇਤਿਹਾਸਕ ਮਤਾ ਲਿਆਂਦਾ ਗਿਆ ਤਾਂ ਉਸ ਵਕਤ ਖੁਦ ਪ੍ਰਧਾਨ ਧਾਮੀ ਨੇ ਮਤਾ ਪੇਸ਼ ਕਰਨ ਦਾ ਵਿਰੋਧ ਕਰਕੇ ਉਸ ਨੂੰ ਪੇਸ਼ ਹੋਣ ਤੋਂ ਰੋਕਿਆ ਹਾਲਾਂਕਿ ਨਹੁੱਮਤ ਮਤੇ ਦੇ ਹੱਕ ਵਿੱਚ ਸੀ। ਜੱਥੇਦਾਰ ਪੁੜੈਣ ਨੇ ਕਿਹਾ ਕਿ ਧਾਮੀ ਸਾਹਿਬ ਸੰਗਤ ਨੂੰ ਦੱਸਣ ਕਿ ਉਹ ਕਿਸ ਦੇ ਹੱਥ ਠੋਕੇ ਬਣ ਕੇ ਮਤਿਆਂ ਨੂੰ ਪੇਸ਼ ਹੋਣ ਤੋਂ ਰੋਕਦੇ ਰਹੇ। ਜਥੇਦਾਰ ਪੁੜੈਣ ਨੇ ਮੰਗ ਕੀਤੀ ਕਿ ਪਹਿਲਾਂ ਹਟਾਏ ਗਏ ਸਿੰਘ ਸਾਹਿਬਾਨ ਦੀ ਸੇਵਾ ਬਹਾਲ ਕੀਤੀਆਂ ਜਾਣ, ਕਿਉ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਇਤਿਹਾਸਕ ਧਰਤੀ ਤੇ ਸਿੱਖ ਕੌਮ ਦੇ ਵੱਡੇ ਇਕੱਠ ਨੇ ਇਸ ਦੀ ਮੰਗ ਚੁੱਕੀ ਹੈ। ਇਸ ਦੇ ਨਾਲ ਹੀ ਜੱਥੇਦਾਰ ਪੁੜੈਣ ਨੇ ਪ੍ਰਧਾਨ ਧਾਮੀ ਤੋਂ ਸਵਾਲ ਕੀਤਾ ਕਿ, ਧਾਮੀ ਸਾਹਿਬ ਦੀ ਅਚਾਨਕ ਸੁਹਿਰਦਤਾ ਦੀ ਵਜਾ ਕਿਤੇ 28 ਮਾਰਚ ਨੂੰ ਹੋਣ ਵਾਲੇ ਜਨਰਲ ਇਜਲਾਸ ਸਮੇਂ ਪੰਥਕ ਇਕੱਠ ਦਾ ਹੋਕਾ ਤਾਂ ਨਹੀਂ ਬਣਿਆ। ਜੱਥੇਦਾਰ ਪੁੜੈਣ ਨੇ ਪ੍ਰਧਾਨ ਧਾਮੀ ਸਾਹਿਬ ਨੂੰ ਆਪਣੇ ਵਲੋ ਲਿਆਂਦੇ ਮਤੇ ਨੂੰ ਮੁੜ ਚੇਤੇ ਕਰਵਾਉਂਦੇ ਹੋਏ ਮਤੇ ਦੀ ਕਾਪੀ ਵੀ ਬਿਆਨ ਨਾਲ ਨੱਥੀ ਕੀਤੀ ਤਾਂ ਜੋ ਧਾਮੀ ਸਾਹਿਬ ਨੂੰ ਆਪਣੀਆਂ ਪੰਥ ਵਿਰੋਧੀ ਕੀਤੀਆਂ ਸਾਜਿਸਾਂ ਦਾ ਚੇਤੇ ਆ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਬ-ਕਮੇਟੀ ਦੀ ਹੋਈ ਇਕੱਤਰਤਾ

# ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ 18 ਅਪ੍ਰੈਲ ਨੂੰ ਅੰਮ੍ਰਿਤਸਰ ਤੋਂ ਹੋਵੇਗੀ ਸ਼ਤਾਬਦੀ ਸਮਾਗਮਾਂ ਦੀ ਆਰੰਭਤਾ



**ਸ੍ਰੀ ਅਨੰਦਪੁਰ ਸਾਹਿਬ, 24 ਮਾਰਚ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਸਬੰਧੀ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸ. ਬਲਦੇਵ ਸਿੰਘ ਮਾਹਿਲਪੁਰੀ ਮੀਟਿੰਗ ਹਾਲ ਵਿਖੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ਼ਤਾਬਦੀ

**21 ਤੋਂ 29 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ ਸ਼ਤਾਬਦੀ ਦੇ ਮੁੱਖ ਸਮਾਗਮ**

ਸਬੰਧੀ ਬਣਾਈ ਗਈ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿੱਚ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਨਾਲ ਯਾਦ ਕਰਨ ਲਈ ਕੀਤੇ ਜਾਣ ਵਾਲੇ ਵੱਖ-ਵੱਖ ਸਮਾਗਮਾਂ ’ਤੇ ਚਰਚਾ ਹੋਈ।

ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੀ 350ਵੀਂ ਵਰ੍ਹੇਗੰਢ ਨੂੰ ਪੂਰੇ ਵਿਸ਼ਵ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਮੌਕੇ 18 ਅਪ੍ਰੈਲ ਨੂੰ ਗੁਰਦੁਆਰਾ ਗੁਰੂ ਕੇ ਮਹਿਲ, ਅੰਮ੍ਰਿਤਸਰ ਤੋਂ ਹੋਵੇਗੀ। ਇਸ ਮਗਰੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਨਾਲ ਜੁੜੇ ਇਤਿਹਾਸਕ ਅਸਥਾਨਾਂ ਜਿਵੇਂ ਕਿ ਗੁਰਦੁਆਰਾ ਗੁਰੂ ਤੇਗ ਬਹਾਦਰ ਜੀ ਬਾਬਾ ਬਕਾਲਾ ਸਾਹਿਬ, ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ, ਗੁਰਦੁਆਰਾ ਮੋਤੀ ਬਾਗ ਪਟਿਆਲਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗੁਰਦੁਆਰਾ ਸੀਸ ਗੰਜ ਸਾਹਿਬ (ਦਿੱਲੀ) ਸਮੇਤ ਦੇਸ਼ ਦੇ ਹੋਰ ਵੱਖ-ਵੱਖ ਥਾਵਾਂ ਤੇ ਗੁਰਮਤਿ ਸਮਾਗਮ ਕੀਤੇ ਜਾਣਗੇ। ਸ. ਮੰਨਣ ਨੇ ਦੱਸਿਆ ਕਿ ਸ਼ਤਾਬਦੀ ਸਬੰਧੀ ਮੁੱਖ ਸਮਾਗਮ 21 ਨਵੰਬਰ 29 ਨਵੰਬਰ 2025 ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ। ਇਸ ਦੌਰਾਨ 21 ਤੋਂ 23 ਨਵੰਬਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾਗੱਦੀ ਦਿਵਸ ਸਬੰਧੀ ਸਮਾਗਮ ਹੋਵੇਗਾ ਅਤੇ 24 ਨਵੰਬਰ ਤੋਂ 29 ਨਵੰਬਰ ਤੱਕ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਅਸਾਮ, ਮਟਨ ਜੰਮੂ ਕਸ਼ਮੀਰ ਅਤੇ ਦਿੱਲੀ ਸਮੇਤ ਹੋਰ ਥਾਵਾਂ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ ਨਗਰ ਕੀਰਤਨ ਵੀ ਸਜਾਏ ਜਾਣਗੇ। ਮੀਟਿੰਗ ਵਿਚ ਸੰਗਤਾਂ ਨੂੰ ਗੁਰੂ ਸਾਹਿਬ ਦੇ ਸੰਦੇਸ਼ ਨਾਲ ਜੋੜਨ ਲਈ ਸੈਮੀਨਾਰ, ਪ੍ਰਦਰਸ਼ਨੀਆਂ ਅਤੇ ਨੌਜਵਾਨਾਂ ਲਈ ਗੁਰਮਤਿ ਸਿੱਖਿਆ ਕੈਂਪ ਆਯੋਜਿਤ ਕੀਤੇ ਜਾਣ ਬਾਰੇ ਵੀ ਵਿਚਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਨੂੰ ਸਫ਼ਲ ਬਣਾਉਣ ਲਈ ਜਲਦ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵੱਖ-ਵੱਖ ਸਬ ਕਮੇਟੀਆਂ ਦੀਆਂ ਜ਼ਿੰਮੇਵਾਰੀਆਂ ਲਗਾਈਆਂ ਜਾਣਗੀਆਂ।

ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਰਾਮ ਸਿੰਘ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਪ੍ਰੋਫੈਸਰ ਸੁਖਦੇਵ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਇੰਚਾਰਜ ਸ. ਬਲਦੇਵ ਸਿੰਘ, ਸ. ਤਲਵਿੰਦਰ ਸਿੰਘ ਬੁੱਟਰ ਆਦਿ ਹਾਜਰ ਸਨ।




ਝਾੜੂ ਪਾਰਟੀ ਦੇ ਮੰਤਰੀਆਂ ਨੇ ਸਰਦਾਰ ਸਿਮਰਨਜੀਤ ਸਿੰਘ ਮਾਨ ਤੇ ਲਗਾਏ ਸਨ 125 ਕਿੱਲੇ ਜਮੀਨ ਹੜੱਪਣ ਦੇ ਇਲਜ਼ਾਮ ਹੁਣ ਹਾਈ ਕੋਰਟ ਵਲੋਂ ਮੰਤਰੀਆਂ ਨੂੰ ਨੋਟਿਸ ਜਾਰੀ ਇਹਨਾਂ ਆਮ ਆਦਮੀ ਪਾਰਟੀ ਵਾਲਿਆ ਦਾ ਅਸਲ ਚਿਹਰਾ ਹੁਣ ਲੋਕਾਂ ਦੇ ਸਾਹਮਣੇ ਹੈ 2027 ਵਿਚ ਲੋਕ ਇਹਨਾ ਨੂੰ ਹੁਣ ਲੋਕਾਂ ਦੀ ਕਚਿਹਰੀ ਵਿਚ ਲੈਕੇ ਆਉਣਗੇ।

# ਮਨੀਸ਼ ਸਿਸੋਦੀਆ ਨੂੰ ਪੰਜਾਬ ਪ੍ਰਭਾਰੀ ਬਣਨ ਤੇ ਪਹਿਲੀ ਵਾਰ ਪੰਜਾਬ ਆਉਣ ’ਤੇ ਭਰਵਾ ਸਵਾਗਤ





ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼੍ਰੀ ਮਨੀਸ਼ ਸਿਸੋਦੀਆ ਨੂੰ ਪੰਜਾਬ ਪ੍ਰਭਾਰੀ ਬਣਨ ਤੇ ਪਹਿਲੀ ਵਾਰ ਪੰਜਾਬ ਆਉਣ ’ਤੇ ਭਰਵਾ ਸਵਾਗਤ ਕੀਤਾ ਗਿਆ।

# ਦਿੱਲੀ ਏਅਰਪੋਰਟ ਜਾਣ ਵਾਲਿਆਂ ਲਈ ਅਹਿਮ ਖ਼ਬਰ ! 15 ਅਪ੍ਰੈਲ ਤੋਂ ਟੀ-1 ਪੂਰੀ ਤਰ੍ਹਾਂ ਬਹਾਲ ਹੋ ਜਾਵੇਗਾ

**ਨਵੀਂ ਦਿੱਲੀ, 24 ਮਾਰਚ (ਆਵਾਜ਼ਿ ਕੌਮ ਬਿਊਰੋ)**- ਦਿੱਲੀ ਸਥਿਤ ਇੰਦਰਾ ਗਾਂਧੀ ਇੰਟਰਨੈਸ਼ਨਲ ਹਵਾਈ ਅੱਡੇ ਦਾ ਨਵਾਂ ਟਰਮੀਨਲ-1 (ਟੀ.1) 15 ਅਪ੍ਰੈਲ ਤੋਂ ਪੂਰੀ ਤਰ੍ਹਾਂ ਚਾਲੂ ਹੋ ਜਾਵੇਗਾ, ਜਦਕਿ ਟਰਮੀਨਲ-2 (ਟੀ-2) ਮੁਰੰਮਤ ਲਈ ਅਗਲੇ ਮਹੀਨੇ ਤੱਕ ਅਸਥਾਈ ਤੌਰ ‘ਤੇ ਬੰਦ ਰਹੇਗਾ। ਹਵਾਈ ਅੱਡੇ ਦਾ ਸੰਚਾਲਨ ਕਰਨ ਵਾਲੀ ਕੰਪਨੀ ਦਿੱਲੀ ਇੰਟਰਨੈਸ਼ਨਲ ਏਅਰਪੋਰਟ ਲਿਮੀਟਿਡ ਨੇ ਵੀਰਵਾਰ ਨੂੰ ਦੱਸਿਆ ਕਿ 15 ਅਪ੍ਰੈਲ ਤੋਂ ਟੀ-1 ਪੂਰੀ ਤਰ੍ਹਾਂ ਬਹਾਲ ਹੋ ਜਾਵੇਗਾ, ਜਦਕਿ ਇਸ ਸਮੇਂ ਟੀ-2 ਤੋਂ ਉਡਾਣ ਭਰਨ ਵਾਲੀਆਂ ਸਾਰੀਆਂ ਫਲਾਈਟਾਂ ਟੀ-1 ‘ਤੇ ਟਰਾਂਸਫਰ ਕੀਤੀਆਂ ਜਾਣਗੀਆਂ। ਇਸ ਸਮੇਂ ਇੰਡੀਗੋ ਤੇ ਅਕਾਸਾ ਏਅਰ ਦੀਆਂ ਉਡਾਣਾਂ ਟੀ-2 ਤੋਂ ਸੰਚਾਲਿਤ ਹੁੰਦੀਆਂ ਹਨ, ਜੋ ਕਿ ਹੁਣ ਟੀ-1 ‘ਤੇ ਟਰਾਂਸਫਰ ਕੀਤੀਆਂ ਜਾਣਗੀਆਂ। ਇਸ ਟਰਮੀਨਲ ‘ਤੇ ਰੋਜ਼ਾਨਾ 46,000 ਤੋਂ ਵੱਧ ਯਾਤਰੀ ਆਉਂਦੇ ਹਨ। ਸੰਚਾਲਨ ਕੰਪਨੀ ਨੇ ਅੱਗੇ ਕਿਹਾ ਕਿ ਫੇਜ਼ 3ਏ ਵਿਸਥਾਰ ਪ੍ਰੋਜੈਕਟ ਦੇ ਤਹਿਤ ਟੀ1 ਦਾ ਵਿਸਥਾਰ ਅਤੇ ਆਧੁਨਿਕੀਕਰਨ ਪੂਰਾ ਹੋ ਗਿਆ ਹੈ। ਦਿੱਲੀ ਹਵਾਈ ਅੱਡੇ ਦਾ ਵਿਸਤ੍ਰਿਤ ਵਿਸ਼ਵ-ਪੱਧਰੀ ਏਕੀਕ੍ਰਿਤ ਟੀ1 ਪਿਛਲੇ ਸਾਲ ਮਾਰਚ ਵਿੱਚ ਰਾਸ਼ਟਰ ਨੂੰ ਸਮਰਪਿਤ ਕੀਤਾ ਗਿਆ ਸੀ। ਹਾਲਾਂਕਿ ਕੰਪਨੀ ਨੇ ਬਿਆਨ ਵਿੱਚ ਟੀ2 ਦੇ ਅਸਥਾਈ ਤੌਰ ‘ਤੇ ਬੰਦ ਹੋਣ ਦਾ ਜ਼ਿਕਰ ਨਹੀਂ ਕੀਤਾ, ਪਰ ਉਸ ਨੇ 10 ਜਨਵਰੀ ਨੂੰ ਕਿਹਾ ਸੀ ਕਿ ਚਾਰ ਦਹਾਕੇ ਪੁਰਾਣਾ ਟੀ2 ਅਗਲੇ ਵਿੱਤੀ ਸਾਲ ਵਿੱਚ ਮੁਰੰਮਤ ਲਈ ਚਾਰ ਤੋਂ ਛੇ ਮਹੀਨਿਆਂ ਲਈ ਬੰਦ ਰਹੇਗਾ। ਦਿੱਲੀ ਹਵਾਈ ਅੱਡੇ ਦੇ ਕੁੱਲ ਤਿੰਨ ਟਰਮੀਨਲ ਹਨ ਜਿਨ੍ਹਾਂ ਵਿੱਚੋਂ ਟੀ1 ਅਤੇ ਟੀ2 ਸਿਰਫ਼ ਘਰੇਲੂ ਉਡਾਣਾਂ ਦੇ ਸੰਚਾਲਨ ਲਈ ਵਰਤੇ ਜਾਂਦੇ ਹਨ।

ਅੰਮ੍ਰਿਤਸਰ ਦੇ ਰਾਜ਼ਾਸਾਸੀ 'ਚ ਵੱਡੀ ਵਾਰਦਾਤ

# ਤੇਜਬੀਰ ਸਿੰਘ ਖਾਲਸਾ ਦੀ ਗੋਲ਼ੀ ਲੱਗਣ ਨਾਲ ਹੋ ਗਈ ਮੌਤ




ਅੰਮ੍ਰਿਤਸਰ ਦੇ ਅਜਨਾਲਾ ਸ਼ਹਿਰ ਤੋਂ ਤੜਕਸਾਰ ਇਕ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ, ਜਿੱਥੋਂ ਦੇ ਰਹਿਣ ਵਾਲੇ ਤੇਜਬੀਰ ਸਿੰਘ ਖਾਲਸਾ ਵੱਲੋਂ ਸਵੇਰੇ ਤੜਕਸਾਰ ਆਪਣੇ ਆਪ ਨੂੰ ਗੋਲੀ ਮਾਰ ਕੇ ਜੀਵਨਲੀਲਾ ਸਮਾਪਤ ਕਰ ਲਈ ਗਈ ਹੈ। ਜਾਣਕਾਰੀ ਅਨੁਸਾਰ ਤੇਜਬੀਰ ਸਿੰਘ ਬੀਤੀ ਰਾਤ ਆਪਣੇ ਘਰੋਂ ਅੰਮ੍ਰਿਤਸਰ ਵੱਲ ਨੂੰ ਗਿਆ ਸੀ। ਇਸ ਤੋਂ ਬਾਅਦ ਅੱਜ ਸਵੇਰੇ ਉਸ ਦੀ ਲਾਸ਼ ਰਾਜਾਸਾਂਸੀ ਨੇੜੇ ਉਸ ਦੀ ਨਿੱਜੀ ਕਾਰ ਵਿੱਚੋਂ ਮਿਲੀ ਹੈ। ਫਿਲਹਾਲ ਪੁਲਸ ਨੇ ਉਸ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਖਾਲਸਾ ਦੀ ਮੌਤ ਦੇ ਕਾਰਨਾਂ ਦਾ ਪਤਾ ਲਾਇਆ ਜਾ ਰਿਹਾ ਹੈ।

### ਤਖਤ ਸਾਹਿਬਾਨਾਂ ਦੀ ਮਾਣ ਮਰਿਆਦਾ ਅਤੇ ਜਥੇਦਾਰ ਸਹਿਬਾਨਾਂ ਦਾ ਮਾਣ ਸਤਿਕਾਰ ਬਹਾਲ ਕਰਵਾਉਣ ਲਈ


# ਦਿੱਤੇ ਜਾਣ ਵਾਲੇ ਰੋਸ ਧਰਨੇ ਦੇ ਸੰਬੰਧ ਵਿੱਚ ਇਕੱਤਰਤਾ

**28 ਮਾਰਚ 2025 ਨੂੰ ਸ: ਤੇਜਾ ਸਿੰਘ ਸਮੁੰਦਰੀ ਹਾਲ ਦੇ ਸਾਹਮਣੇ ਸਮੁੱਚੇ ਸਿੱਖ ਪੰਥ ਵੱਲੋਂ ਸੰਤਾਂ ਮਹਾਂਪੁਰਸ਼ਾਂ,ਨਿਹੰਗ ਸਿੰਘ ਜੱਥੇਬੰਦੀਆਂ ਅਤੇ ਸਮੁੱਚੀਆਂ ਸਿੱਖ ਸੰਗਤਾਂ ਵੱਲੋਂ ਦਿਤੇ ਜਾਣ ਵਾਲੇ ਰੋਸ ਧਰਨੇ ਦੇ ਸੰਬੰਧ ਵਿਚ ਅਤੇ ਵੱਖ ਵੱਖ ਜਗ੍ਹਾ ਤੋਂ ਸੰਗਤਾਂ ਲਿਆਉਣ ਅਤੇ ਹੋਰ ਵੱਖ ਵੱਖ ਡਿਊਟੀਆਂ ਲਾਉਣ ਲਈ ਅੱਜ ਇਲਾਕਾ ਨਿਵਾਸੀ ਜੁੰਮੇਵਾਰ ਸਿੰਘਾਂ ਦੀ ਬਹੁਤ ਭਰਵੀ ਚੜ੍ਹਦੀਕਲਾ ਵਾਲੀ ਵਿਸ਼ੇਸ਼ ਇੱਤਕਰਤਾ**







ਤਖਤ ਸਾਹਿਬਾਨਾਂ ਦੀ ਮਾਣ ਮਰਿਆਦਾ ਅਤੇ ਜਥੇਦਾਰ ਸਹਿਬਾਨਾਂ ਦਾ ਮਾਣ ਸਤਿਕਾਰ ਬਹਾਲ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਜਟ ਇਜਲਾਸ ਸਮੇਂ ਮਿਤੀ 28 ਮਾਰਚ 2025 ਨੂੰ ਸ: ਤੇਜਾ ਸਿੰਘ ਸਮੁੰਦਰੀ ਹਾਲ ਦੇ ਸਾਹਮਣੇ ਸਮੁੱਚੇ ਸਿੱਖ ਪੰਥ ਵੱਲੋਂ ਸੰਤਾਂ ਮਹਾਂਪੁਰਸ਼ਾਂ,ਨਿਹੰਗ ਸਿੰਘ ਜੱਥੇਬੰਦੀਆਂ ਅਤੇ ਸਮੁੱਚੀਆਂ ਸਿੱਖ ਸੰਗਤਾਂ ਵੱਲੋਂ ਦਿਤੇ ਜਾਣ ਵਾਲੇ ਰੋਸ ਧਰਨੇ ਦੇ ਸੰਬੰਧ ਵਿੱਚ ਅਤੇ ਵੱਖ ਵੱਖ ਜਗ੍ਹਾ ਤੋਂ ਸੰਗਤਾਂ ਲਿਆਉਣ ਅਤੇ ਹੋਰ ਵੱਖ ਵੱਖ ਡਿਊਟੀਆਂ ਲਾਉਣ ਲਈ ਅੱਜ ਇਲਾਕਾ ਨਿਵਾਸੀ ਜੁੰਮੇਵਾਰ ਸਿੰਘਾਂ ਦੀ ਬਹੁਤ ਭਰਵੀ ਚੜ੍ਹਦੀਕਲਾ ਵਾਲੀ ਵਿਸ਼ੇਸ਼ ਇੱਤਕਰਤਾ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁ: ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਕੀਤੀ ਗਈ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖਤ ਸਾਹਿਬਾਨਾਂ ਦੀ ਮਾਣ ਮਰਿਆਦਾ ਅਤੇ ਜਥੇਦਾਰ ਸਹਿਬਾਨਾਂ ਦਾ ਮਾਣ ਸਤਿਕਾਰ ਬਹਾਲ ਕਰਵਾਉਣ ਲਈ

# ਦਿੱਤੇ ਜਾਣ ਵਾਲੇ ਰੋਸ ਧਰਨੇ ਦੇ ਸੰਬੰਧ ਵਿੱਚ ਇਕੱਤਰਤਾ

**28 ਮਾਰਚ 2025 ਨੂੰ ਸ: ਤੇਜਾ ਸਿੰਘ ਸਮੁੰਦਰੀ ਹਾਲ ਦੇ ਸਾਹਮਣੇ ਸਮੁੱਚੇ ਸਿੱਖ ਪੰਥ ਵੱਲੋਂ ਸੰਤਾਂ ਮਹਾਂਪੁਰਸ਼ਾਂ,ਨਿਹੰਗ ਸਿੰਘ ਜੱਥੇਬੰਦੀਆਂ ਅਤੇ ਸਮੁੱਚੀਆਂ ਸਿੱਖ ਸੰਗਤਾਂ ਵੱਲੋਂ ਦਿਤੇ ਜਾਣ ਵਾਲੇ ਰੋਸ ਧਰਨੇ ਦੇ ਸੰਬੰਧ ਵਿੱਚ ਅਤੇ ਵੱਖ ਵੱਖ ਜਗ੍ਹਾ ਤੋਂ ਸੰਗਤਾਂ ਲਿਆਉਣ ਅਤੇ ਹੋਰ ਵੱਖ ਵੱਖ ਡਿਊਟੀਆਂ ਲਾਉਣ ਲਈ ਅੱਜ ਇਲਾਕਾ ਨਿਵਾਸੀ ਜ਼ੁੰਮੇਵਾਰ ਸਿੰਘਾਂ ਦੀ ਬਹੁਤ ਭਰਵੀ ਚੜ੍ਹਦੀਕਲਾ ਵਾਲੀ ਵਿਸ਼ੇਸ਼ ਇੱਤਕਰਤਾ**










ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਓਨਟਾਰੀਓ ਖ਼ਾਲਸਾ ਦਰਬਾਰ (ਡਿਕਸੀ ਗੁਰਦੁਆਰਾ)

# ਕਮੇਟੀ ਦੇ ਡਾਇਰੈਕਟਰ ਸਰਬਸੰਮਤੀ ਨਾਲ ਚੁਣੇ ਗਏ



ਕੈਨੇਡਾ ਦੇ ਸਭਤੋਂ ਵੱਡੇ ਗੁਰਦੁਆਰਾ ਓਨਟਾਰੀਓ ਖਾਲਸਾ ਦਰਬਾਰ (ਡਿਕਸੀ ਗੁਰਦੁਆਰਾ) ਦੀ ਕਮੇਟੀ ਦੇ ਸਾਰੇ 11 ਡਾਇਰੈਕਟਰ ਅੱਜ ਸਰਬਸੰਮਤੀ ਨਾਲ ਚੁਣੇ ਗਏ ਹਨ। ਇਸ ਲਈ, ਹੁਣ 30 ਤਰੀਕ ਨੂੰ ਕੋਈ ਵੀ ਚੋਣ ਨਹੀਂ ਹੋਵੇਗੀ, ਜਿਵੇਂ ਕਿ ਪਹਿਲਾਂ ਐਲਾਨ ਕੀਤਾ ਗਿਆ ਸੀ। ਇਹ ਪਤਾ ਲੱਗਾ ਹੈ ਕਿ ਭਾਈਚਾਰੇ ਦੇ ਕੁਝ ਸੀਨੀਅਰ ਮੈਂਬਰਾਂ ਨੇ ਚੋਣਾਂ ਤੋਂ ਬਚਣ ਲਈ ਮੌਜੂਦਾ ਕਮੇਟੀ ਮੈਂਬਰਾਂ ਨੂੰ ਤਿੰਨ ਹੋਰ ਸਾਲਾਂ ਲਈ ਸਮਰਥਨ ਦੇਣ ਲਈ ਪਹਿਲਕਦਮੀ ਕੀਤੀ ਸੀ। ਇਸ ਲਈ, ਦੋ ਨਵੇਂ ਚੁਣੇ ਗਏ ਮੈਂਬਰਾਂ ਤੋਂ ਇਲਾਵਾ ਨੌਂ ਮੌਜੂਦਾ ਡਾਇਰੈਕਟਰ ਵੀ ਸੇਵਾ ਕਰਦੇ ਰਹਿਣਗੇ। ਇਹ ਐਲਾਨ ਮੁੱਖ ਹਾਲ ਵਿੱਚ ਹੋਈ ਜਨਰਲ ਬਾਡੀ ਮੀਟਿੰਗ ਵਿੱਚ ਕੀਤਾ ਗਿਆ ਹੈ ਜਿੱਥੇ ਵੱਡੀ ਗਿਣਤੀ ਵਿੱਚ ਮੈਂਬਰ ਮੌਜੂਦ ਸਨ। ਚੁਣੇ ਗਏ ਡਾਇਰੈਕਟਰਾਂ ਦੇ ਨਾਮ: ਹਰਪਾਲ ਸਿੰਘ, ਭੁਪਿੰਦਰ ਸਿੰਘ ਬਾਠ, ਸਰਬਜੀਤ ਸਿੰਘ, ਗੁਰਦੇਵ ਸਿੰਘ ਨਾਹਲ, ਸਰਦਾਰਾ ਸਿੰਘ, ਜਸਵਿੰਦਰ ਸਿੰਘ, ਬਲਜੀਤ ਸਿੰਘ ਪੰਡੋਰੀ, ਗੁਰਿੰਦਰ ਜੀਤ ਸਿੰਘ ਭੁੱਲਰ, ਪਰਮਜੀਤ ਸਿੰਘ ਗਿੱਲ, ਦਵਿੰਦਰ ਸਿੰਘ ਧਾਲੀਵਾਲ ਅਤੇ ਨਵਜੀਤ ਸਿੰਘ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਊਂਟ ਲਿਟਰਾ ਸਕੂਲ (ਜ਼ੀ ਗਰੁੱਪ) ਦੀ ਆਰੰਭਤਾ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਹੋਈ



☛ ਜ਼ਿਲ੍ਹਾ ਅੰਮ੍ਰਿਤਸਰ 'ਚ ਜ਼ੀ ਲਾਰਨ ਲਿਮਟਿਡ ਦੀ ਇੱਕੋ ਇੱਕ ਬ੍ਰਾਂਚ ਅਤੇ ਪਹਿਲੇ ਦਿਨ 300 ਦੇ ਕਰੀਬ ਬੱਚਿਆਂ ਨੇ ਲਿਆ ਦਾਖ਼ਲਾ

☛ ਰਣਜੀਤ ਸਿੰਘ ਮਸੌਣ ਜੋਗਾ ਸਿੰਘ ਰਾਜਪੂਤ

**ਚੌਕ ਮਹਿਤਾ23 ਮਾਰਚ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਅੱਜ ਅੰਮ੍ਰਿਤਸਰ ਜ਼ਿਲੇ ਦੇ ਨਜ਼ਦੀਕ ਪੈਂਦੇ ਪਿੰਡ ਥਾਂਦਾ ਵਿਖੇ 11 ਏਕੜ ਜ਼ਮੀਨ ਵਿੱਚ ਉਸਾਰੇ ਗਏ ਮਾਊਂਟ ਲਿਟਰਾ ਸਕੂਲ (ਜ਼ੀ ਲਾਰਨ ਲਿਮਟਿਡ) ਦੀ ਆਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕੀਤੀ ਗਈ। ਮਾਊਂਟ ਲਿਟਰਾ ਸਕੂਲ ਸਕੂਲ ਦੀ ਨਵੀਂ ਬਣੀ ਬਿਲਡਿੰਗ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇਂ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਆਈਆ ਹੋਈਆਂ ਸੰਗਤਾਂ ਨੂੰ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਬਿਕਰਮਜੀਤ ਸਿੰਘ ਦੇ ਜੱਥੇ ਵੱਲੋਂ ਕੀਰਤਨ ਸਰਵਣ ਕਰਵਾਇਆ ਗਿਆ।ਅਰਦਾਸੀਏ ਸਿੰਘ ਗਿਆਨੀ ਸੁਖਦੇਵ ਸਿੰਘ ਜੀ ਵੱਲੋਂ ਸਕੂਲ ਦੀ ਚੜਦੀਕਲਾ ਲਈ ਅਰਦਾਸ ਕੀਤੀ ਗਈ। ਆਈਆਂ ਹੋਈਆਂ ਸੰਗਤਾਂ ਨੂੰ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਗੁਰੂ ਕੇ ਲੰਗਰ ਦਾ ਖ਼ਾਸ ਪ੍ਰਬੰਧ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਮਾਊਂਟ ਲਿਟਰਾ ਸਕੂਲ ਪਿੰਡ ਥਾਂਦੇ ਦੇ ਡਾਇਰੈਕਟਰ ਕੰਵਰ ਮੁਬਾਰਕ ਸਿੰਘ ਵੱਲੋਂ ਆਏਂ ਹੋਏ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਆਖਿਆ ਗਿਆ ਅਤੇ ਦੱਸਿਆਂ ਗਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਮਾਊਂਟ ਲਿਟਰਾ ਸਕੂਲ (ਜ਼ੀ ਲਾਰਨ ਲਿਮਟਿਡ) ਦੀ ਇੱਕੋ ਇੱਕ ਇਹ ਬ੍ਰਾਂਚ ਹੈ ਅਤੇ ਸਕੂਲ ਦੀ ਅਰੰਭਤਾ ਮੌਕੇ ਜੋਂ ਬੱਚੇ ਸਕੂਲ ਵਿੱਚ ਦਾਖ਼ਲ ਹੋਏ ਉਹਨਾਂ ਦੀ ਦਾਖ਼ਲਾ ਫ਼ੀਸ ਅੱਜ ਫ੍ਰੀ ਕੀਤੀ ਗਈ ਸੀ ਅਤੇ ਅੱਜ ਤੱਕ 300 ਦੇ ਕਰੀਬ ਬੱਚੇ ਸਕੂਲ ਵਿੱਚ ਦਾਖ਼ਲਾ ਲੈ ਚੁੱਕੇ ਹਨ। ਇਸ ਸਕੂਲ ਵਿੱਚ ਬੱਚਿਆਂ ਦੇ ਸੁਨਿਹਰੀ ਭਵਿੱਖ ਨੂੰ ਉਜਵਲ ਕਰਨ ਲਈ ਆਧੁਨਿਕ ਤਰੀਕੇ ਨਾਲ ਪੜਾਇਆ ਜਾਵੇਗਾ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜਸਵਿੰਦਰ ਕੌਰ ਸੇਠੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਦੇ ਸ਼ੁਭ ਕਾਰਜ ਮੌਕੇ ਤੇ ਸੀ.ਬੀ.ਐਸ.ਈ ਪੈਟਰਨ ਪਲੇਅ ਪੈਨ ਤੋਂ ਲੈ ਕੇ 7 ਜਮਾਤ ਦੇ ਵਿਦਿਆਰਥੀਆਂ ਲਈ ਫ੍ਰੀ ਅਡਮਿਸ਼ਨ ਕੀਤੀ ਗਈ ਹੈ। ਉਹਨਾਂ ਨੇ ਕਿਹਾ ਕੀ ਇਸ ਸਕੂਲ ਵਿੱਚ ਬੱਚਿਆਂ ਨੂੰ ਆਧੁਨਿਕ ਤਰੀਕੇ ਨਾਲ ਪੜਾਇਆ ਜਾਵੇਗਾ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਨੂੰ ਉੱਚਾ ਚੁੱਕਣ ਲਈ ਅਤੇ ਬੱਚਿਆਂ ਦੇ ਸਰੀਰਿਕ ਵਿਕਾਸ ਲਈ ਹਰ ਤਰ੍ਹਾਂ ਦੀਆਂ ਖੇਡਾਂ ਲਈ ਵੱਖੋ-ਵੱਖ ਗਰਾਊਂਡਾਂ ਸਕੂਲ ਵਿੱਚ ਤਿਆਰ ਕੀਤੀਆਂ ਗਈਆਂ ਹਨ। ਜਿਸ ਵਿੱਚ ਗੱਤਕਾ, ਮਾਰਸ਼ਲਆਰਟ, ਜੂਡੋ ਕਰਾਟੇ, ਫੁੱਟਬਾਲ, ਹਾਕੀ, ਕ੍ਰਿਕਟ, ਸਕੇਟਿੰਗ ਆਦਿ ਖੇਡਾਂ ਨਾਲ-ਨਾਲ ਸ਼ੂਟਿੰਗ ਆਰਚਰੀ ਵਰਗੀਆਂ ਅੰਤਰਰਾਸ਼ਟਰੀ ਖੇਡਾਂ ਚੰਗੇ ਕੋਚਾਂ ਦੇ ਧਿਆਨ ਵਿੱਚ ਬੱਚਿਆਂ ਦੀ ਪਸੰਦੀ ਮੁਤਾਬਕ ਖੇਡਾਂ ਕਰਵਾਈਆਂ ਜਾਣਗੀਆਂ। ਇਸ ਸਕੂਲ ਵਿੱਚ ਲਵ ਫੋਰ ਨੋਲੇਜ ਫਿਲੋਸਫੀ ਤਹਿਤ ਬੱਚਿਆਂ ਨੂੰ ਪੜ੍ਹਾਇਆ ਜਾਵੇਗਾ ਤਾਂ ਜੋ ਬੱਚੇ ਆਪਣੇ ਜੀਵਨ ਵਿੱਚ ਵਧੇਰੇ ਜਾਣਕਾਰੀਆਂ ਦੇ ਜਗਿਆਸੂ ਬਣੇ ਰਹਿਣ। ਉਹਨਾਂ ਕਿਹਾ ਕਿ ਸਕੂਲੀ ਵਿਦਿਆਰਥੀਆਂ ਦੇ ਪੜ੍ਹਨ ਲਈ ਸਕੂਲ ਇਮਾਰਤ ਦੀ ਹਰੇਕ ਜਮਾਤ ਵਿੱਚ ਅਤੇ ਸਕੂਲੀ ਬੱਸਾਂ ਵਿੱਚ ਏ.ਸੀ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਗਰਮੀ ਦੇ ਵੱਧ ਰਹੇ ਤਾਪਮਾਨ ਵਿੱਚ ਬੱਚੇ ਆਰਾਮ ਨਾਲ ਸਕੂਲ ਆ ਕੇ ਆਪਣੀ ਪੜ੍ਹਾਈ ਨੂੰ ਪੂਰਾ ਕਰ ਸਕਣਗੇ। ਉਹਨਾਂ ਆਪਣੇ ਭਾਸ਼ਣ ਦੌਰਾਨ ਇਹ ਵੀ ਕਿਹਾ ਕਿ ਸਕੂਲ ਵਿੱਚ ਪੜ੍ਹਦੇ ਬੱਚਿਆਂ ਨੂੰ ਘਰ ਤੋਂ ਸਕੂਲ ਅਤੇ ਵਾਪਸੀ ਮੌਕੇ ਮਾਪੇ ਆਪਣੇ ਬੱਚਿਆਂ ਨੂੰ ਆਪਣੇ ਮੋਬਾਇਲ ਰਾਹੀਂ ਆਸਾਨੀ ਨਾਲ ਜੀਪੀਐਸ ਸਿਸਟਮ ਨਾਲ ਟਰੈਕ ਕਰ ਸਕਣਗੇ। ਮਾਪਿਆਂ ਦੀ ਸਹੂਲਤ ਵੱਜੋਂ ਉਹਨਾਂ ਨੂੰ ਲੀਟਰਾ ਨੋਵਾ ਐਪ ਤੇ ਵੀ ਜਾਣਕਾਰੀ ਦਿੱਤੀ ਜਾਵੇਗੀ ਤਾਂ ਜੋ ਉਹ ਆਪਣੇ ਬੱਚਿਆਂ ਨੂੰ ਸਿੱਖਿਆ ਦੇਣ ਵਿੱਚ ਸਹਿਯੋਗੀ ਹੋਣਗੇ। ਇਸ ਮੌਕੇ ਡਾਇਰੈਕਟਰ ਨਵਦੀਪ ਕੌਰ, ਜ਼ੀ ਲਾਰਨ ਲਿਮਟਿਡ ਦੇ ਸੀਨੀਅਰ ਮੈਨੇਜਰ ਸਭਿਆ ਸਾਂਚੀ, ਅੰਕਿਤ ਕੁਮਾਰ, ਇੰਜੀਨੀਅਰ ਵਿਪਿਨ ਜ਼ੀ ਲਰਨ ਲਿਮਿਟਡ, ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ (ਰਜਿ.) ਦੇ ਪ੍ਰਧਾਨ ਰਣਜੀਤ ਸਿੰਘ ਮਸੌਣ (ਆਪਣੀ ਸਮੁੱਚੀ ਟੀਮ ਸਮੇਤ), ਸਾਬਕਾ ਕੈਬਨਿਟ ਮੰਤਰੀ ਗੁਲਜਾਰ ਸਿੰਘ ਰਣੀਕੇ, ਸ਼੍ਰੋਮਣੀ ਕਮੇਟੀ ਮੈਂਬਰ ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਰਾਮ ਸਿੰਘ, ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਹਰਜੀਤ ਸਿੰਘ ਮੋਦੇ ਮੈਨੇਜਰ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ, ਗੁਰਕੀਰਤ ਸਿੰਘ ਖਾਪੜਖੇੜੀ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਗੋਰਾ, ਦਿਲਰਾਜ ਸਿੰਘ ਗਿੱਲ, ਬਾਬਾ ਕੁਲਦੀਪ ਸਿੰਘ, ਜੋਬਨਜੀਤ ਸਿੰਘ ਰੰਧਾਵਾ, ਪ੍ਰਚਾਰਕ ਭਾਈ ਖਜ਼ਾਨ ਸਿੰਘ, ਲਖਬੀਰ ਸਿੰਘ ਖਪੜਖੇੜੀ, ਸਾਬਕਾ ਸੰਸਦੀ ਸਕੱਤਰ ਅਤੇ ਵਿਧਾਇਕ ਇੰਦਰਬੀਰ ਸਿੰਘ ਬਲਾਰੀਆ, ਵਿਧਾਇਕ ਸੁਖਪਾਲ ਸਿੰਘ ਭੁੱਲਰ, ਚੇਅਰਮੈਨ ਮੰਗਵਿੰਦਰ ਸਿੰਘ ਖਾਪੜਖੇੜੀ, ਡਾਇਰੈਕਟਰ ਕੰਵਰ ਮੁਬਾਰਕ ਸਿੰਘ ਅਤੇ ਸਤਨਾਮ ਸਿੰਘ, ਸਾਬਕਾ ਸਰਪੰਚ ਅਮਨਪ੍ਰੀਤ ਸਿੰਘ ਥਿੰਦ, ਸਾਬਕਾ ਕੌਂਸਲਰ ਗੁਰਪ੍ਰੀਤ ਸਿੰਘ ਮਿੰਟੂ, ਰਣਦੀਪ ਸਿੰਘ ਕੋਟਲੀ ਮੀਆਂ ਖਾਂ, ਜਗਦੀਪ ਸਿੰਘ ਕੋਟਲੀ, ਸਾਬਕਾ ਸਰਪੰਚ ਲਖਬੀਰ ਸਿੰਘ ਖਾਪੜਖੇੜੀ, ਸੁੱਖ ਖਾਪੜ ਖੇੜੀ, ਹਲਕਾ ਸੈਂਟਰਲ ਦੇ ਇੰਚਾਰਜ਼ ਨਰਿੰਦਰ ਬਹਿਲ, ਪ੍ਰਿੰਸੀਪਲ ਬਲਰਾਜ ਸਿੰਘ ਢਿੱਲੋਂ, ਨੰਬਰਦਾਰ ਜਗਦੇਵ ਸਿੰਘ, ਜਸਵਿੰਦਰ ਕੌਰ ਸੇਠੀ, ਸਾਹਿਬ ਸਿੰਘ ਗਿਆਨੀ ਬਲਵਿੰਦਰ ਸਿੰਘ ਕਥਾਵਾਚਕ, ਆਦਿ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

# ਫੋਕੀਆਂ ਗਾਰੰਟੀਆਂ ਦੀ ਥਾਂ ਹੁਣ ਅਸਲ ਵਿਕਾਸ ਵੱਲ ਧਿਆਨ ਦੇਵੇ ਸੂਬਾ ਸਰਕਾਰ- ਗੁਰਬਾਜ਼ ਸਿੰਘ ਸਿੱਧੂ



**ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਇਸ਼ਿਤਹਾਰਾਂ ਅਤੇ ਮੀਡੀਆ ਰਾਹੀਂ ਭਾਵੇਂ ਲੋਕ ਗਾਰੰਟੀਆਂ ਪੂਰੀਆਂ ਕਰਨ ਦਾ ਬਹੁਤ ਪ੍ਰਚਾਰ ਕਰ ਲਿਆ ਹੈ ਪਰ ਲੋਕ ਹੁਣ ਸਭ ਕੁਝ ਜਾਣ ਚੁੱਕੇ ਹਨ ਅਤੇ ਹੁਣ ਸਰਕਾਰ ਨੂੰ ਵੀ ਚਾਹੀਦਾ ਹੈ ਕਿ ਉਹ ਫੋਕੀਆਂ ਗਾਰੰਟੀਆਂ ਦੀ ਥਾਂ ਅਸਲ ਵਿਕਾਸ ਵੱਲ ਧਿਆਨ ਦੇਵੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਹਲਕੇ ਦੇ ਪਿੰਡਾਂ ਦੁੱਨੇਵਾਲਾ, ਸੀਂਗੋ, ਸ਼ੇਖਪੁਰਾ ਅਤੇ ਕੌਰੇਆਣਾ ਵਿਖੇ ਵਰਕਰਾਂ ਅਤੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਕਿ ਹਾਲਾਤ ਇਹ ਨੇ ਕਿ ਸਮੁੱਚੇ ਸੂਬੇ ਵਾਂਗ ਹਲਕਾ ਤਲਵੰਡੀ ਸਾਬੋ ਦੇ ਲੋਕ ਪਿਛਲੇ ਤਿੰਨ ਵਰ੍ਹਿਆਂ ਤੋਂ ਵਿਕਾਸ ਦੇਖਣ ਲਈ ਤਰਸ ਗਏ ਹਨ ਅਤੇ ਕਈ ਲੋੜੀਂਦੇ ਕੰਮ ਫੰਡਾਂ ਦੀ ਘਾਟ ਕਾਰਣ ਅਧੂਰੇ ਪਏ ਹਨ।ਸਿੱਧੂ ਮੁਤਾਬਿਕ ਇਤਿਹਾਸਿਕ ਨਗਰ ਤਲਵੰਡੀ ਸਾਬੋ ਦੇ ਪਾਰਕਾਂ ਦੀ ਸਾਂਭ ਸੰਭਾਲ ਖੁਣੋ ਬਦਤਰ ਹਾਲਤ ਹੁੰਦੀ ਜਾ ਰਹੀ ਹੈ ਅਤੇ ਨਿਸ਼ਾਨ ਏ ਖਾਲਸਾ ਚੌਂਕ ਦੀ ਸਾਂਭ ਸੰਭਾਲ ਵੱਲ ਵੀ ਉਚਿਤ ਧਿਆਨ ਨਹੀ ਦਿੱਤਾ ਜਾ ਰਿਹਾ ਉਨਾਂ ਕਿਹਾ ਕਿ ਸ਼ਹਿਰ ਦੀਆਂ ਸੰਪਰਕ ਸੜਕਾਂ ਦੀ ਹਾਲਤ ਇਹ ਹੈ ਕਿ ਨਵੀਆਂ ਤਾਂ ਕੀ ਬਣਾਉਣੀਆਂ ਸਨ ਸਗੋਂ ਉਨਾਂ ਦੀ ਮੁਰੰਮਤ ਤੱਕ ਨਹੀ ਕਰਵਾਈ ਗਈ। ਉਨਾਂ ਕਿਹਾ ਕਿ ਹੁਣ ਗੱਲਾਂ ਨਾਲ ਨਹੀ ਸਰਨਾ ਅਤੇ ਸਰਕਾਰ ਦੇ ਨੁਮਾਇੰਦੇ ਜੇਕਰ ਹੋਰ ਕੁਝ ਨਹੀ ਕਰਵਾ ਸਕਦੇ ਤਾਂ ਘੱਟੋ ਘੱਟ ਲੋਕਾਂ ਦੀਆਂ ਮੁਢਲੀਆਂ ਲੋੜਾਂ ਲਈ ਤਾਂ ਫੰਡ ਉਪਲੱਬਧ ਕਰਵਾਉਣ। ਇਸ ਮੌਕੇ ਉਨਾਂ ਨਾਲ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ, ਗੁਰਬਿੰਦਰ ਸਿੰਘ ਦੁੱਨੇਵਾਲਾ, ਡੂੰਗਰ ਸਿੰਘ ਸੀਂਗੋ, ਮਨਪ੍ਰੀਤ ਸਿੰਘ ਸ਼ੇਖਪੁਰਾ, ਹਰਪਾਲ ਸਿੰਘ ਗਿੱਲ ਪੰਚ ਗਾਟਵਾਲੀ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦੀ ਦਿਵਸ 'ਤੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ



**ਚੌਕ ਮਹਿਤਾ 24 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼ਹੀਦੀ ਦਿਵਸ ਮੌਕੇ ਅਮਰ ਸ਼ਹੀਦ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਦੀ ਕੁਰਬਾਨੀ ਨੂੰ ਸਲਾਮ ਕੀਤਾ। ਸੀਬੀਡੀ ਸੈਕਟਰ 5 ਤੋਂ ਰਾਜੀਵ ਗਾਂਧੀ ਸਟੇਡੀਅਮ ਤੱਕ ਕੱਢੀ ਗਈ ਸ਼ਰਧਾਂਜਲੀ ਰੈਲੀ ਵਿੱਚ ਹਿੱਸਾ ਲੈਂਦੇ ਹੋਏ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕੈਡਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਮੈਂ ਉਨ੍ਹਾਂ ਬਹਾਦਰ ਕ੍ਰਾਂਤੀਕਾਰੀਆਂ ਦੀ ਹਿੰਮਤ ਅਤੇ ਦੇਸ਼ ਭਗਤੀ ਨੂੰ ਸਲਾਮ ਕਰਦਾ ਹਾਂ ਜਿਨ੍ਹਾਂ ਨੇ ਭਾਰਤ ਦੀ ਆਜ਼ਾਦੀ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ। ਇਸ ਮੌਕੇ , ਨਵੀਂ ਮੁੰਬਈ ਡਰਾਮਾ ਸਰਕਲ ਟੀਮ ਦੁਆਰਾ ਪੇਸ਼ ਕੀਤੇ ਗਏ ਨਾਟਕ ਨੇ ਸ਼ਹੀਦਾਂ ਦੇ ਸੰਘਰਸ਼ ਅਤੇ ਕੁਰਬਾਨੀ ਨੂੰ ਜੀਵਤ ਕੀਤਾ, ਜਿਸ ਨੇ ਸਾਰਿਆਂ ਦੇ ਦਿਲ ਨੂੰ ਛੂਹ ਲਿਆ। ਇਸ ਮਹੱਤਵਪੂਰਨ ਸਮਾਗਮ ਲਈ ਪ੍ਰਬੰਧਕਾਂ ਨੂੰ ਹਾਰਦਿਕ ਵਧਾਈਆਂ ਅਤੇ ਧੰਨਵਾਦ ਕੀਤਾ "ਜਿਹੜਾ ਭਾਈਚਾਰਾ ਆਪਣੇ ਸ਼ਹੀਦਾਂ ਨੂੰ ਯਾਦ ਨਹੀਂ ਰੱਖਦਾ ਉਹ ਹੋਂਦ ਵਿੱਚ ਨਹੀਂ ਰਹਿੰਦਾ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਕਾਰਨ ਹੀ ਅਸੀਂ ਅੱਜ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਦੇਸ਼ ਦੇ ਹਰ ਨੌਜਵਾਨ ਨੂੰ ਅੱਜ ਪ੍ਰਣ ਲੈਣਾ ਪਵੇਗਾ ਕਿ ਸਾਨੂੰ ਸ਼ਹੀਦਾਂ ਦੁਆਰਾ ਦਿਖਾਏ ਗਏ ਰਸਤੇ 'ਤੇ ਚੱਲਣਾ ਚਾਹੀਦਾ ਹੈ। ਸ਼ਹੀਦ ਦੇਸ਼ ਦਾ ਮਾਣ ਹਨ ਪੂਰੇ ਦੇਸ਼ ਨੂੰ ਅਜਿਹੇ ਸ਼ਹੀਦਾਂ 'ਤੇ ਮਾਣ ਹੋਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲਿਆਂ ਨੇ

# ਪਿੰਡ ਰੰਗੀਆ ਵਿਖੇ 24 ਅਤੇ 25 ਮਾਰਚ ਨੂੰ ਲੰਗਰ ਲਗਾਇਆ







**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਸਮਾਜ ਦੇ ਖੇਤਰ ਵਿੱਚ ਧਾਰਮਿਕ, ਸਮਾਜਿਕ ਤੇ ਆਪਣੇ ਤਰੀਕੇ ਦੇ ਨਾਲ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਨਿਭਾਉਂਦੇ ਆ ਰਹੇ ਧੂਰੀ, ਸ਼ੇਰਪੁਰ ਇਲਾਕੇ ਦੀ ਪੰਥਕ ਸ਼ਖਸੀਅਤ ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ ਵੱਲੋਂ ਧੂਰੀ ਹਲਕੇ ਦੇ ਪਿੰਡ ਰੰਗੀਆਂ ਵਿਖੇ 24 ਅਤੇ 25 ਮਾਰਚ ਨੂੰ ਲੰਗਰ ਲਗਾਇਆ ਗਿਆ। ਇਹ ਬਾਬਾ ਜੀ ਪਿਛਲੇ ਲੰਮੇ ਸਮੇਂ ਤੋਂ ਪੈਦਲ ਚੱਲ ਕੇ ਸੱਦਾ ਪੱਤਰ ਦੇਣ ਲਈ ਜਾਂ ਪੈਦਲ ਚੱਲ ਕੇ ਦੀਵਾਨ ਲਾਉਣ ਦੇ ਲਈ ਇਲਾਕੇ ਦੇ ਵਿੱਚ ਜਾਣੇ ਜਾਂਦੇ ਹਨ । ਬਾਬਾ ਜਗਜੀਤ ਸਿੰਘ ਜੀ ਬਹੁਤ ਹੀ ਨਿੱਘੇ ਸੁਭਾਅ ਦੇ ਹਨ ,ਜਦੋਂ ਅਸੀਂ ਇਸ ਸਬੰਧ ਵਿੱਚ ਬਾਬਾ ਜੀ ਨਾਲ ਵਿਚਾਰ ਵਟਾਂਦਰਾ ਕੀਤੀ ਤਾਂ ਬਾਬਾ ਜੀ ਨੇ ਕਿਹਾ ਕਿ ਕੁਦਰਤੀ ਗੱਲ ਹੈ ਕਿ ਸਾਨੂੰ ਲੋਕਾਂ ਦੀ ਸੇਵਾ ਕਰਕੇ ਮਨ ਨੂੰ ਬਹੁਤ ਹੀ ਸਕੂਨ ਮਿਲਦਾ ਹੈ। ਉਹਨਾਂ ਕਿਹਾ ਕਿ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਨੇ ਸਾਧੂਆਂ ਨੂੰ 20 ਰੁਪਏ ਦਾ ਲੰਗਰ ਪ੍ਰਸ਼ਾਦਾ ਛਕਾਇਆ ਸੀ। ਅੱਜ ਉਹੀ ਪਰੰਪਰਾ ਨੂੰ ਚਲਾਉਂਦਿਆਂ ਹੋਇਆਂ ਉਨਾ ਹੀ 20 ਰੁਪਈਆਂ ਦੇ ਸਿਰ ਤੇ ਅੱਜ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਲੰਗਰ ਲਗਾਉਣ ਦੀ ਸੇਵਾ ਕਰਦੇ ਹਾ ਅਤੇ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨਾ ਕਰਦੇ ਹਾ। ਇਸ ਸਰਪੰਚ ਰਾਜੂ ਰੰਗੀਆ, ਬਲਜੀਤ ਸਿੰਘ ਸੰਤ ਸਾਈਡ, ਸਮਾਜ ਸੇਵੀ ਮੱਖਣ ਸਿੰਘ ਟੈਟ ਵਾਲੇ , ਸਰਪੰਚ ਅੰਮ੍ਰਿਤਪਾਲ ਚਹਿਲ, ਆਪ ਆਗੂ ਅਮਨ ਖਾਨ ਘਨੌਰੀ, ਸਮਾਜ ਸੇਵੀ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ ਤੋਂ ਇਲਾਵਾ ਨਿਵਾਸੀ ਅਤੇ ਸਮੂਹ ਨਗਰ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

**ਲੋਕਾਂ ਦੀ ਸੇਵਾ ਕਰਨਾ ਸਾਡਾ ਮੁੱਢਲਾ ਫਰਜ਼ ਹੈ ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ**

## ਦੇਸ਼ ਭਗਤ ਕਾਲਜ ਬਰੜ੍ਹਵਾਲ-ਧੂਰੀ ਵਿਖੇ

# ਇਕ ਰੋਜਾ ਵਰਕਸ਼ਾਪ ਦਾ ਆਯੋਜਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਭਗਤ ਕਾਲਜ ਬਰੜ੍ਹਵਾਲ-ਧੂਰੀ ਵਿਖੇ ਮਾਨਯੋਗ ਸਰਦਾਰ ਪਰਮਜੀਤ ਸਿੰਘ ਗਿੱਲ ਚੇਅਰਮੈਨ ਟਰੱਸਟ ਜੀ ਦੀ ਰਹਿਮਨਾਈ ਸਦਕਾ ਅਤੇ ਪ੍ਰਿੰਸੀਪਲ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਚੱਲ ਰਹੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਅਤੇ ਸੋਲੀਟੇਅਰ ਇੰਨਫੋਸਿਸ ਨਾਲ ਮਿਲ ਕੇ ਇਕ ਰੋਜਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਪ੍ਰੋ. ਸਿਮਰਨ ਧੀਮਾਨ ਦੁਆਰਾ ਮੰਚ ਦਾ ਸੰਚਾਲਨ ਕੀਤਾ ਗਿਆ ਅਤੇ ਡਾ. ਅੰਮ੍ਰਿਤ ਸਿੰਘ ਮਡਾਹਰ ਨੇ ਪ੍ਰੋਗਰਾਮ ਦੀ ਰੂਪ ਰੇਖਾ ਸਾਂਝੀ ਕੀਤੀ ਅਤੇ ਸੋਲੀਟੇਅਰ ਇੰਨਫੋਸਿਸ ਦੀ ਆਈ ਟੀਮ ਨੂੰ ਜੀ ਆਇਆਂ ਆਖਿਆ। ਇਸ ਸਮੇਂ ਪ੍ਰਮੁੱਖ ਬੁਲਾਰੇ ਮਨਿੰਦਰ ਸਿੰਘ ਅਤੇ ਹਰਮਨਜੋਤ ਸਿੰਘ ਨੇ ਵਿਭਾਗ ਦੇ ਵਿਦਿਆਰਥੀਆਂ ਨੂੰ ਵੈਬ ਡਿਜਾਇੰਨ ਦੀਆਂ ਵੱਖ-ਵੱਖ ਭਾਸ਼ਾਵਾਂ ਬਾਰੇ ਦੱਸਿਆ। ਉਹਨਾਂ ਨੇ ਅੱਗੇ ਦੱਸਿਆਂ ਕਿ ਕੰਪਿਊਟਰ ਦੇ ਖੇਤਰ ਵਿੱਚ ਵਿਦਿਆਰਥੀ ਆਪਣੇ ਸੁਪਨਿਆਂ ਨੂੰ ਕਿਵੇਂ ਸਾਕਾਰ ਕਰ ਸਕਦੇ ਹਨ। ਅੰਤ ਵਿਚ ਕਾਲਜ ਪ੍ਰਿੰਸਪੀਲ ਡਾ. ਬਲਬੀਰ ਸਿੰਘ ਅਤੇ ਵਾਇਸ ਪ੍ਰਿੰਸੀਪਲ ਡਾ. ਅੰਮ੍ਰਿਤ ਸਿੰਘ ਮਡਾਹਰ ਨੇ ਪ੍ਰਮੁੱਖ ਬੁਲਾਰੇ ਨੂੰ ਅਵਾਰਡ ਆਫ ਆਨਰ ਦਿੱਤਾ ਅਤੇ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮਾ ਦੀ ਅੱਜ ਦੇ ਸਮੇਂ ਵਿੱਚ ਬਹੁਤ ਲੋੜ ਹੈ। ਅਖੀਰ ਵਿੱਚ ਪ੍ਰੋ. ਗੁਰਪ੍ਰੀਤ ਸਿੰਘ ਮੀਮਸਾ ਨੇ ਆਈ ਹੋਈ ਟੀਮ ਦਾ ਧੰਨਵਾਦ ਕੀਤਾ ਇਸ ਮੌਕੇ ਕੰਪਿਊਟਰ ਸਾਇੰਸ ਵਿਭਾਗ ਦੇ ਸਮੂਹ ਪ੍ਰੋਫੈਸਰ ਸਾਹਿਬਾਨ ਅਤੇ ਵਿਦਿਆਰਥੀ ਹਾਜਰ ਸਨ।

# ਪਟਿਆਲਾ ਘਟਨਾ ਦੀ ਸੀਬੀਆਈ ਜਾਂਚ ਦੀ ਮੰਗ ਜਾਇਜ਼ -ਡਾ ਮੁਲਤਾਨੀ

**ਚੌਕ ਮਹਿਤਾ, 24 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਟਿਆਲ਼ਾ ਵਿਖੇ 13-14ਦੀ ਰਾਤ ਨੂੰ ਕਰਨਲ ਪੁਸ਼ਿਪੰਦਰ ਬਾਠ , ਉਹਨਾਂ ਦੇ ਬੇਟੇ ਅਤੇ ਪੁਲਿਸ ਵਿੱਚ ਹੋਈ ਸ਼ਰਮਨਾਕ ਘਟਨਾ ਦੀ ਜਾਂਚ ਦੀ ਪਰਿਵਾਰ ਵੱਲੋਂ ਸੀਬੀਆਈ ਦੀ ਮੰਗ ਬਿਲਕੁਲ ਜਾਇਜ਼ ਹੈ ।ਕਿਉਂਕਿ ਇਸ ਝਗੜੇ ਵਿੱਚ ਪੁਲਿਸ ਦੇ ਅਧਿਕਾਰੀ ਸ਼ਾਮਲ ਹਨ ਤੇ ਫਿਰ ਸਿਟ ਵੀ ਪੰਜਾਬ ਪੁਲਿਸ ਦੇ ਅਧਿਕਾਰੀਆਂ ਦੀ ਹੋਏ ਤਾਂ ਇਨਸਾਫ਼ ਦੀ ਆਸ ਬਹੁਤ ਘੱਟ ਜਾਂਦੀ।



ਇਹਨਾ ਸ਼ਬਦਾ ਦਾ ਪ੍ਰਗਟਾਵਾ ਡਾ ਦਲੇਰ ਸਿੰਘ ਮੁਲਤਾਨੀ ਰਿਟਾ ਸਿਵਲ ਸਰਜਨ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹੁਤ ਸਾਰੇ ਇੰਨਸਾਫ ਪਸੰਦ ਲੋਕ ਵੀ ਕਰਨਲ ਪੁਸ਼ਿਪੰਦਰ ਬਾਠ ਦੇ ਪਰਿਵਾਰ ਵੱਲੋਂ ਸੀਬੀਆਈ ਜਾਂਚ ਦੀ ਮੰਗ ਦੇ ਹਮਾਇਤੀ ਹਨ ਇੱਥੇ ਪੰਜਾਬ ਸਰਕਾਰ ਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਕਿ ਪੰਜਾਬ ਦੀ ਵਿਗੜਦੀ ਕਨੂੰਨ ਅਵਸਥਾ ਵਿੱਚ ਪਹਿਲਾਂ ਹੀ ਪੁਲਿਸ ਦੀ ਕਾਰਗੁਜ਼ਾਰੀ ਤੇ ਉਂਗਲਾਂ ਉਠ ਰਹੀਆਂ ਅੱਜ ਪੰਜਾਬ ਸਰਕਾਰ ਕੋਲ ਇਕ ਮੌਕਾ ਕਿ ਪਟਿਆਲੇ ਵਾਲੀ ਘਟਣਾ ਤੇ ਸੀਬੀਆਈ ਦੀ ਜਾਂਚ ਕਰਵਾ ਕੇ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਕਰ ਦੇਣਾ ਚਾਹੀਦਾ ਤਾਂ ਕਿ ਜੋ ਵੀ ਦੋਸ਼ੀ ਹੈ ਉਸ ਨੂੰ ਸਜ਼ਾ ਮਿਲ ਸਕੇ ਸੀਬੀਆਈ ਜਾਂਚ ਨਾਲ ਜਿਥੇ ਸਰਕਾਰ ਦੀ ਅਪਣੀ ਨਿਰਪੱਖਤਾ ਦੀ ਸਾਰ ਬਣੇਗੀ ਉੱਥੇ ਕਰਨਲ ਪੁਸ਼ਿਪੰਦਰ ਬਾਠ ਦੇ ਪਰਿਵਾਰ ਅਤੇ ਉਹਨਾਂ ਦੇ ਸਾਥੀਆਂ ਨੂੰ ਕਨੂੰਨ ਅਵਸਥਾ ਵਿੱਚ ਯਕੀਨ ਬਣੇਗਾ ਡਾ ਮੁਲਤਾਨੀ ਨੇ ਕਿਹਾ ਕਿ ਮੇਰੀ ਇਕ ਹੋਰ ਵੀ ਅਪੀਲ ਕਿ ਇਸ ਮੰਦਭਾਗੀ ਘਟਣਾ ਨੂੰ ਫ਼ੌਜ ਤੇ ਪੁਲਿਸ ਮਹਿਕਮੇ ਦੇ ਝਗੜੇ ਦਾ ਰੂਪ ਨਹੀਂ ਦੇਣਾ ਚਾਹੀਦਾ ਕਿਉਂਕਿ ਪੰਜਾਬ ਤਾਂ ਪਹਿਲਾਂ ਹੀ ਬਹੁਤ ਬੁਰੇ ਦੌਰ ਵਿਚੋਂ ਨਿਕਲ ਰਿਹਾ ਨਾਲੇ ਜਿਥੇ ਫ਼ੌਜ ਦੇਸ਼ ਦੇ ਬਾਰਡਰਾਂ ਤੇ ਅਪਣੀ ਜਾਨ ਤੇ ਖੇਲ ਕੇ ਦਿਨ ਰਾਤ ਰਾਖੀ ਕਰਦੀ ਉੱਥੇ ਸਟੇਟ ਪੁਲਿਸ ਵੀ ਕਨੂੰਨ ਤੇ ਸੁਰੱਖਿਆ ਦੀ ਜਿੰਮੇਵਾਰੀ ਨਿਭਾਉਂਦੀ

# ਦੀਪ ਸਿੱਧੂ ਦੀ ਯਾਦ ’ਚ ਕਰਵਾਏ ਜਾਣ ਵਾਲੇ ਗੱਤਕਾ ਕੱਪ ਦਾ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਜਾਰੀ ਕੀਤਾ ਪੋਸਟਰ



ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)- ਦਿੱਲੀ ਕਿਸਾਨੀ ਸੰਘਰਸ਼ ਦੌਰਾਨ ਨਾਮਣਾ ਖੱਟਣ ਵਾਲੇ ਮਰਹੂਮ ਸੰਦੀਪ ਸਿੰਘ ਦੀਪ ਸਿੱਧੂ ਦੀ ਯਾਦ ਵਿੱਚ ਭਾਈ ਡੱਲ ਸਿੰਘ ਗੱਤਕਾ ਅਕੈਡਮੀ ਤਲਵੰਡੀ ਸਾਬੋ ਵੱਲੋਂ ਖਾਲਸਾ ਸਾਜਨਾ ਦਿਵਸ ਮੌਕੇ 10 ਅਪ੍ਰੈਲ ਨੂੰ ਕਰਵਾਏ ਜਾਣ ਵਾਲੇ ਗੱਤਕਾ ਕੱਪ ਅਤੇ ਦਸਤਾਰ ਮੁਕਾਬਲਿਆਂ ਦਾ ਪੋਸਟਰ ਜਾਰੀ ਕਰਨ ਲਈ ਅੱਜ ਫਰੀਦਕੋਟ ਤੋਂ ਲੋਕ ਸਭਾ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਵਿਸ਼ੇਸ ਤੌਰ ’ਤੇ ਗੱਤਕਾ ਦਲ ਪੰਜਾਬ ਦੇ ਪ੍ਰਧਾਨ ਜਥੇਦਾਰ ਸਰਬਜੀਤ ਸਿੰਘ ਦੀ ਸਥਾਨਕ ਰਿਹਾਇਸ਼ ਵਿਖੇ ਪੁੱਜੇ। ਪੋਸਟਰ ਜਾਰੀ ਕਰਨ ਮੌਕੇ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਭਾਈ ਡੱਲ ਸਿੰਘ ਗੱਤਕਾ ਅਕੈਡਮੀ ਦੇ ਮੁਖੀ ਜਥੇਦਾਰ ਸਰਬਜੀਤ ਸਿੰਘ ਵੱਲੋਂ ਕੀਤੇ ਜਾ ਰਹੇ ਇਸ ਕਾਰਜ ਨੂੰ ਸ਼ਲਾਘਾਯੋਗ ਦੱਸਦਿਆਂ ਕਿਹਾ ਕਿ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਸਿੱਖ ਬੱਚਿਆਂ ਅਤੇ ਨੌਜਵਾਨਾਂ ਦੇ ਸਿਰਾਂ ਤੇ ਜਿੱਥੇ ਦਸਤਾਰ ਸਜਾਈ ਜਾਵੇ ਉੱਥੇ ਉਨਾਂ ਨੂੰ ਆਤਮ ਰੱਖਿਆ ਲਈ ਸਿੱਖ ਮਾਰਸ਼ਲ ਖੇਡ ਗੱਤਕੇ ਦੀ ਸਿੱਖਿਆ ਦਿੱਤੀ ਜਾਵੇ ।ਉਨਾਂ ਨੇ ਸਮੁੱਚੀ ਸਿੱਖ ਸੰਗਤ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ 10 ਅਪ੍ਰੈਲ ਨੂੰ ਭਾਈ ਡੱਲ ਸਿੰਘ ਗੱਤਕਾ ਅਕੈਡਮੀ ਦੇ ਮੈਦਾਨ ਚ ਕਰਵਾਏ ਜਾਣ ਵਾਲੇ ਇਸ ਸਮਾਗਮ ਚ ਵਧ ਚੜ ਕੇ ਸ਼ਮੂਲੀਅਤ ਕਰਨ ।ਇਸ ਮੌਕੇ ਜਥੇਦਾਰ ਸਰਬਜੀਤ ਸਿੰਘ ਵੱਲੋਂ ਸੰਸਦ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਦਾ ਸਨਮਾਨ ਵੀ ਕੀਤਾ ਗਿਆ। ਗੱਤਕਾ ਕੱਪ ਬਾਰੇ ਦੱਸਦਿਆਂ ਜਥੇਦਾਰ ਸਰਬਜੀਤ ਸਿੰਘ ਨੇ ਕਿਹਾ ਕਿ ਸਿੱਖ ਬੱਚਿਆਂ ਨੂੰ ਗੱਤਕੇ ਨਾਲ ਜੋੜਨ ਲਈ ਭਾਈ ਡੱਲ ਸਿੰਘ ਗੱਤਕਾ ਅਕੈਡਮੀ ਤਲਵੰਡੀ ਸਾਬੋ ਵੱਲੋਂ ਪਿਛਲੇ ਦਸ ਵਰਿਆਂ ਤੋਂ ਸਾਲਾਨਾ ਗੱਤਕਾ ਕੱਪ ਕਰਵਾਇਆ ਜਾ ਰਿਹੈ ਅਤੇ ਇਸ ਵਾਰ ਇਹ ਕੌਮੀ ਸ਼ਹੀਦ ਸੰਦੀਪ ਸਿੰਘ ਦੀਪ ਸਿੱਧੂ ਨੂੰ ਸਮਰਪਿਤ ਕੀਤਾ ਗਿਐ। ਗੱਤਕਾ ਅਤੇ ਫਰੀ ਸੋਟੀ ਮੁਕਾਬਲਿਆਂ ਚ ਜੇਤੂ ਟੀਮਾਂ ਲਈ ਉੱਚ ਨਗਦ ਇਨਾਮ ਰੱਖੇ ਗਏ ਹਨ ਅਤੇ ਇਸ ਮੌਕੇ ਦਸਤਾਰ/ਦੁਮਾਲਾ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਜਾ ਰਹੇ ਹਨ ।ਉਨਾਂ ਦੱਸਿਆ ਕਿ ਮੁਕਾਬਲਿਆਂ ਚ ਜੇਤੂਆਂ ਨੂੰ ਇਨਾਮ ਤਕਸੀਮ ਕਰਨ ਦੀ ਰਸਮ ਫਰੀਦਕੋਟ ਤੋਂ ਸੰਸਦ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ, ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਖਾਲਸਾ, ਸ਼ਹੀਦ ਦੀਪ ਸਿੱਧੂ ਦੇ ਭਰਾਤਾ ਮਨਦੀਪ ਸਿੰਘ ਸਿੱਧੂ ਅਤੇ ਭਾਈ ਗੁਰਸੇਵਕ ਸਿੰਘ ਜਵਾਹਰਕੇ ਨਿਭਾਉਣਗੇ। ਪੋਸਟਰ ਜਾਰੀ ਕਰਨ ਮੌਕੇ ‘ਅਕਾਲੀ ਦਲ ਵਾਰਿਸ ਪੰਜਾਬ ਦੇ’ ਜਥੇਬੰਦੀ ਦੇ ਸੂਬਾ ਆਗੂ ਗੁਰਸੇਵਕ ਸਿੰਘ ਜਵਾਹਰਕੇ, ਰੁਪਿੰਦਰ ਸਿੰਘ ਮਾਨ ਮਾਨਸਾ, ਅਮਨਦੀਪ ਸਿੰਘ ਤਲਵੰਡੀ ਸਾਬੋ, ਕੁਲਦੀਪ ਸਿੰਘ ਗੋਸਲ, ਕਲਕੱਤਾ ਸਿੰਘ ਮਾਨ ਤਲਵੰਡੀ ਸਾਬੋ, ਪ੍ਰਦੀਪ ਸਿੰਘ ਸੋਨੀ ਬਾਬਾ, ਕੌਰ ਸਿੰਘ ਖਾਲਸਾ, ਰੇਸ਼ਮ ਸਿੰਘ ਨਿਹੰਗ ਸਿੰਘ, ਅੰਮ੍ਰਿਤਪਾਲ ਸਿੰਘ ਖੋਖਰ, ਗਿਆਨੀ ਕਰਮਵੀਰ ਸਿੰਘ ਦਮਦਮੀ ਟਕਸਾਲ, ਕਰਮਜੀਤ ਸਿੰਘ ਜੱਜਲ, ਮੋਹਰ ਸਿੰਘ ਜਵੰਧਾ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243